ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

YouTube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਸੋਮਵਾਰ, 14 ਅਪ੍ਰੈਲ 2025 (ਨਾਨਕਸ਼ਾਹੀ ਸੰਮਤ : ੫੫੭, ੨ ਵੈਸਾਖ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243

Exclusive News

## 326ਵੇਂ ਖ਼ਾਲਸਾ ਸਾਜਣਾ ਦਿਵਸ (ਵੈਸਾਖੀ) ਮੌਕੇ ਅੱਜ ਵੱਡੀ ਗਿਣਤੀ ’ਚ ਸੰਗਤਾਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਹੋਈਆਂ ਨਤਮਸਤਕ

**ਅੰਮ੍ਰਿਤਸਰ, 13 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)-** 326ਵੇਂ ਖ਼ਾਲਸਾ ਸਾਜਣਾ ਦਿਵਸ (ਵੈਸਾਖੀ) ਮੌਕੇ ਅੱਜ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਭਰਵੀਂ ਗਿਣਤੀ ’ਚ ਸੰਗਤਾਂ ਨਤਮਸਤਕ ਹੋ ਰਹੀਆਂ ਹਨ। ਸ਼ਰਧਾਲੂਆਂ ਵੱਲੋਂ ਇਸ ਪਾਵਨ ਅਸਥਾਨ ’ਤੇ ਹਾਜ਼ਰੀ ਭਰ ਕੇ ਜਿਥੇ ਗੁਰਬਾਣੀ ਕੀਰਤਨ ਸਰਵਨ ਕੀਤਾ ਜਾ ਰਿਹਾ ਹੈ, ਉਥੇ ਪਵਿੱਤਰ ਸਰੋਵਰ ਵਿਚ ਇਸ਼ਨਾਨ ਕਰਕੇ ਸ਼ਰਧਾ ਪ੍ਰਗਟਾਈ। ਇਸੇ ਦੌਰਾਨ ਹਰ ਸਾਲ ਵਾਂਗ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਤੋਂ ਬਾਅਦ ਧਾਰਮਿਕ ਦੀਵਾਨ ਸਜਾਏ ਜਾਣਗੇ। ਬੀਤੇ ਕੱਲ੍ਹ ਤੋਂ ਸਜੇ ਧਾਰਮਿਕ ਦੀਵਾਨ ਵਿਚ ਸਿੱਖ ਧਰਮ ਦੇ ਪ੍ਰਚਾਰਕ, ਕਥਾਵਾਚਕ, ਰਾਗੀ, ਢਾਡੀ ਅਤੇ ਕਵੀਸ਼ਰ ਜਥਿਆਂ ਨੇ ਸੰਗਤ ਨੂੰ ਖਾਲਸਾ ਪੰਥ ਦੇ ਸਾਜਣਾ ਦਿਹਾੜੇ ਦਾ ਸ਼ਾਨਾਮਤਾ ਇਤਿਹਾਸ ਨਾਲ ਜੋੜਿਆ। ਇਸੇ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਅੰਮ੍ਰਿਤ ਸੰਚਾਰ ਕਰਵਾਇਆ ਜਾਵੇਗਾ, ਜਿਸ ਵਿਚ ਵੱਡੀ ਗਿਣਤੀ ’ਚ ਪ੍ਰਾਣੀ ਅੰਮ੍ਰਿਤ ਦੀ ਦਾਤ ਪ੍ਰਾਪਤ ਕਰਕੇ ਗੁਰੂ ਵਾਲੇ ਬਣਨਗੇ। ਅੰਮ੍ਰਿਤ ਅਭਿਲਾਖੀਆਂ ਨੂੰ ਕਕਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਦਿੱਤੇ ਜਾਣਗੇ। ਖਾਲਸਾ ਸਾਜਣਾ ਦਿਵਸ ਨੂੰ ਸਮਰਪਿਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸੁੰਦਰ ਦੀਪਮਾਲਾ ਵੀ ਕੀਤੀ ਜਾਵੇਗੀ।

### ਹੈਂਡ ਗ੍ਰਨੇਡ ਮਾਮਲੇ ’ਚ ਮੁੱਖ ਮੰਤਰੀ ਮਾਨ ਨੇ ਵੀ ਚੁੱਕੇ ਸਵਾਲ

# ਬਾਜਵਾ ਖਿਲਾਫ਼ ਪੰਜਾਬ ਪੁਲਿਸ ਦਾ ਵੱਡਾ ਐਕਸ਼ਨ !

**ਚੰਡੀਗੜ੍ਹ, 13 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)-** ਪੰਜਾਬ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਤੇ ਸੀਨੀਅਰ ਕਾਂਗਰਸੀ ਪ੍ਰਤਾਪ ਸਿੰਘ ਬਾਜਵਾ ਦੀਆਂ ਮੁਸ਼ਕਿਲਾਂ ਵਿੱਚ ਵਾਧਾ ਹੁੰਦਾ ਵਿਖਾਈ ਦੇ ਰਿਹਾ ਹੈ। ਪੰਜਾਬ ਪੁਲਿਸ ਵੱਲੋਂ ਇੱਕ ਮਾਮਲੇ ਵਿੱਚ ਪੁੱਛਗਿੱਛ ਲਈ ਉਨ੍ਹਾਂ ਦੇ ਘਰ ਦਸਤਕ ਦਿੱਤੀ ਗਈ ਹੈ। 197 ਕਾਊਂਟਰ ਇੰਟੈਲੀਜੈਂਸ ਰਵਜੋਤ ਕੌਰ ਅਨੁਸਾਰ ਇਹ ਮਾਮਲਾ ਹੈਂਡ ਗ੍ਰਨੇਡ ਦੀ ਸਰਕੂਲੇਸ਼ਨ ਦੇ ਬਿਆਨ ਨਾਲ ਸਬੰਧਤ ਦੱਸਿਆ ਜਾ ਰਿਹਾ ਹੈ, ਜਿਸ ਨੂੰ ਪੁਲਿਸ ਗੰਭੀਰਤਾ ਨਾਲ ਲੈ ਰਹੀ ਹੈ। ਰਵਜੋਤ ਗਰੇਵਾਲ ਨੇ ਕਿਹਾ, “ਪ੍ਰਤਾਪ ਸਿੰਘ ਬਾਜਵਾ ਨੇ ਮੀਡੀਆ ਨੂੰ ਦਿੱਤੇ ਇੱਕ ਇੰਟਰਵਿਊ ਵਿੱਚ ਕਿਹਾ ਕਿ ਪੰਜਾਬ ਵਿੱਚ 50 ਹੈਂਡ ਗ੍ਰਨੇਡ ਆ ਚੁੱਕੇ ਹਨ, ਜਿਨ੍ਹਾਂ ਵਿੱਚੋਂ 32 ਅਜੇ ਵੀ ਸਰਕੂਲੇਸ਼ਨ ਵਿੱਚ ਹਨ। ਇਹ ਇੱਕ ਬਹੁਤ ਹੀ ਸੰਵੇਦਨਸ਼ੀਲ ਜਾਣਕਾਰੀ ਸੀ, ਜੋ ਰਾਸ਼ਟਰੀ ਸੁਰੱਖਿਆ ਨਾਲ ਸਬੰਧਤ ਹੈ। ਅਸੀਂ ਇਸ ਜਾਣਕਾਰੀ ਦੇ ਸਰੋਤ ਤੱਕ ਪਹੁੰਚਣਾ ਚਾਹੁੰਦੇ ਸੀ, ਇਸ ਲਈ ਅਸੀਂ ਉਨ੍ਹਾਂ ਤੋਂ ਪੁੱਛਗਿੱਛ ਕੀਤੀ, ਪਰ ਉਨ੍ਹਾਂ ਨੇ ਸਹਿਯੋਗ ਨਹੀਂ ਕੀਤਾ।” ਉਧਰ, ਸੀਐਮ ਮਾਨ ਨੇ ਵੀ ਇਸ ਮਾਮਲੇ ’ਚ ਕਿਹਾ, “...ਜੇਕਰ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੂੰ ਬੰਬਾਂ ਬਾਰੇ ਜਾਣਕਾਰੀ ਮਿਲੀ ਸੀ, ਤਾਂ ਉਨ੍ਹਾਂ ਦਾ ਪਾਕਿਸਤਾਨ ਨਾਲ ਕੀ ਸਬੰਧ ਹੈ ਕਿ ਉੱਥੋਂ ਦੇ ਅੱਤਵਾਦੀ ਉਨ੍ਹਾਂ ਨੂੰ ਸਿੱਧੇ ਫ਼ੋਨ ਕਰ ਰਹੇ ਹਨ ਅਤੇ ਦੱਸ ਰਹੇ ਹਨ ਕਿ ਕਿੰਨੇ ਬੰਬ ਭੇਜੇ ਗਏ ਹਨ ? ਇਹ ਜਾਣਕਾਰੀ ਨਾ ਤਾਂ ਖੁਫੀਆ ਏਜੰਸੀਆਂ ਕੋਲ ਹੈ ਅਤੇ ਨਾ ਹੀ ਕੇਂਦਰ ਸਰਕਾਰ ਤੋਂ ਆਈ ਹੈ।” ਜੇਕਰ ਕਿਸੇ ਸੀਨੀਅਰ ਆਗੂ ਕੋਲ ਅਜਿਹੀ ਜਾਣਕਾਰੀ ਹੁੰਦੀ, ਤਾਂ ਇਹ ਉਸਦੀ ਜ਼ਿੰਮੇਵਾਰੀ ਸੀ ਕਿ ਉਹ ਪੰਜਾਬ ਪੁਲਿਸ ਨੂੰ ਬੰਬਾਂ ਦੇ ਟਿਕਾਣਿਆਂ ਬਾਰੇ ਸੂਚਿਤ ਕਰਦਾ। ਕੀ ਉਹ ਬੰਬਾਂ ਦੇ ਫਟਣ, ਲੋਕਾਂ ਦੇ ਮਰਨ ਅਤੇ ਫਿਰ ਆਪਣੀ ਰਾਜਨੀਤੀ ਦੇ ਕੰਮ ਕਰਨ ਦੀ ਉਡੀਕ ਕਰ ਰਿਹਾ ਸੀ ? ਅਤੇ ਜੇ ਇਹ ਸਭ ਝੂਠ ਹੈ, ਤਾਂ ਕੀ ਉਹ ਅਜਿਹੀਆਂ ਗੱਲਾਂ ਕਹਿ ਕੇ ਪੰਜਾਬ ਵਿੱਚ ਦਹਿਸ਼ਤ ਫੈਲਾਉਣਾ ਚਾਹੁੰਦਾ ਹੈ ?” ਜ਼ਿਕਰਯੋਗ ਹੈ ਕਿ ਪਿਛਲੇ ਦਿਨੀ ਇੱਕ ਨਿੱਜੀ ਅਖ਼ਬਾਰ ਵਿੱਚ ਇਸ ਸਬੰਧੀ ਖਬ.ਰ ਵੀ ਛਪੀ ਸੀ, ਜਿਸ ਵਿੱਚ ਸੂਤਰਾਂ ਅਨੁਸਾਰ ਪਾਕਿਸਤਾਨ ਤੋਂ 55 ਹੈਂਡ ਗ੍ਰਨੇਡ ਆਉਣ ਬਾਰੇ ਜ਼ਿਕਰ ਕੀਤਾ ਗਿਆ ਸੀ, ਜਿਨ੍ਹਾਂ ਵਿੱਚੋਂ 9 ਅਜੇ ਵੀ ਸਰਕੂਲੇਸ਼ਨ ਵਿੱਚ ਹੋਣ ਦੀ ਗੱਲ ਕਹੀ ਗਈ ਸੀ।



## ”ਮੈਂ ਆਪਣੇ ਸਰੋਤਾਂ ਦਾ ਖੁਲਾਸਾ ਨਹੀਂ ਕਰਾਂਗਾ...“ਹੈਂਡ ਗ੍ਰਨੇਡ ਮਾਮਲੇ ’ਚ ਪ੍ਰਤਾਪ ਬਾਜਵਾ ਨੇ ‘ਆਪ’ ’ਤੇ ਲਾਇਆ ਨਿਸ਼ਾਨਾ

**ਚੰਡੀਗੜ੍ਹ, 13 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)-** ਪੰਜਾਬ ਪੁਲਿਸ ਵੱਲੋਂ ਪੰਜਾਬ ਵਿਧਾਨ ਸਭਾ ਦੇ ਵਿਰੋਧੀ ਧਿਰ ਆਗੂ ਪ੍ਰਤਾਪ ਸਿੰਘ ਬਾਜਵਾ ਦੇ ਘਰ ਦਸਤਕ ਦਿੱਤੀ ਗਈ, ਜਿਸ ਪਿੱਛੋਂ ਪੁਲਿਸ ਨੇ ਦਾਅਵਾ ਕੀਤਾ ਹੈ ਕਿ ਹੈਂਡ ਗ੍ਰਨੇਡ ਜਾਣਕਾਰੀ ਦੇ ਮਾਮਲੇ ਵਿੱਚ ਕਾਂਗਰਸੀ ਆਗੂ ਪੁਲਿਸ ਦਾ ਸਹਿਯੋਗ ਨਹੀਂ ਕਰ ਰਹੇ ਹਨ। ਹਾਲਾਂਕਿ ਪ੍ਰਤਾਪ ਸਿੰਘ ਬਾਜਵਾ ਨੇ ਇਸ ਸਬੰਧ ਵਿੱਚ ਕਿਹਾ ਹੈ ਕਿ ਉਨ੍ਹਾਂ ਨੇ ਕਿਹਾ ਹੈ ਕਿ ਉਨ੍ਹਾਂ ਕੋਲੋਂ ਇੱਕ ਇੰਟਰਵਿਊ ਦੇ ਮਾਮਲੇ ਵਿੱਚ ਪੁੱਛਗਿੱਛ ਕੀਤੀ ਗਈ, ਜਿਸ ਵਿੱਚ ਉਨ੍ਹਾਂ ਨੇ ਪੁਲਿਸ ਨੂੰ ਪੂਰਾ ਸਹਿਯੋਗ ਦਿੱਤਾ ਹੈ। ਪ੍ਰਤਾਪ ਸਿੰਘ ਬਾਜਵਾ ਨੇ ਅੱਜ ਪੁਲਿਸ ਵੱਲੋਂ ਉਨ੍ਹਾਂ ਦੇ ਘਰ ਦਸਤਕ ਦਿੱਤੇ ਜਾਣ ਦੇ ਮਾਮਲੇ ਵਿੱਚ ਕਿਹਾ, “ਮੈਂ ਇੱਕ ਟੀਵੀ ਚੈਨਲ ਨੂੰ ਬਿਆਨ ਦਿੱਤਾ ਸੀ ਕਿ ਮੈਨੂੰ ਆਪਣੇ ਸੂਤਰਾਂ ਤੋਂ ਜਾਣਕਾਰੀ ਮਿਲੀ ਹੈ ਕਿ ਪੰਜਾਬ ਵਿੱਚ ਬਹੁਤ ਸਾਰੇ ਬੰਬ ਆ ਗਏ ਹਨ। 18 ਬੰਬ ਫਟ ਗਏ ਹਨ ਅਤੇ 30-32 ਹੋਰ ਬੰਬ ਵਰਤੇ ਜਾਣੇ ਹਨ। ਮੇਰੇ ਸਰੋਤ ਨੇ ਮੈਨੂੰ ਚੇਤਾਵਨੀ ਦਿੱਤੀ ਸੀ ਕਿ ਮੈਂ ਇੱਕ ਮਹੱਤਵਪੂਰਨ ਅਹੁਦੇ ’ਤੇ ਹਾਂ, ਇਸ ਲਈ ਮੈਨੂੰ ਸਾਵਧਾਨ ਰਹਿਣਾ ਚਾਹੀਦਾ ਹੈ। ਮੈਂ ਕਾਊਂਟਰ ਇੰਟੈਲੀਜੈਂਸ ਟੀਮ ਨਾਲ ਪੂਰਾ ਸਹਿਯੋਗ ਕੀਤਾ ਹੈ ਅਤੇ ਅਜਿਹਾ ਕਰਦਾ ਰਹਾਂਗਾ। ਸਾਡਾ ਕੰਮ ਲੋਕਾਂ ਨੂੰ ਬਚਾਉਣਾ ਅਤੇ ਪੰਜਾਬ ਸਰਕਾਰ ਦੀ ਮਦਦ ਕਰਨਾ ਹੈ।” ਬਾਜਵਾ ਨੇ ਅੱਗੇ ਕਿਹਾ, ”ਮੈਂ ਟੀਮ (ਕਾਊਂਟਰ ਇੰਟੈਲੀਜੈਂਸ) ਨੂੰ ਸਪੱਸ਼ਟ ਤੌਰ ’ਤੇ ਕਿਹਾ ਕਿ ਮੈਂ ਆਪਣੇ ਸਰੋਤਾਂ ਦਾ ਖੁਲਾਸਾ ਨਹੀਂ ਕਰਾਂਗਾ। ਮੈਂ ਜੋ ਵੀ ਜਾਣਕਾਰੀ ਦੇ ਸਕਦਾ ਸੀ, ਮੈਂ ਏਆਈਜੀ ਮੈਡਮ ਨੂੰ ਦੇ ਦਿੱਤੀ। ਮੀਡੀਆ ਇਥੇ ਕਾਊਂਟਰ ਇੰਟੈਲੀਜੈਂਸ ਟੀਮ ਤੋਂ ਪਹਿਲਾਂ ਪਹੁੰਚ ਗਿਆ, ਇਸ ਲਈ ਇਹ ਸਭ ਆਮ ਆਦਮੀ ਪਾਰਟੀ ਦਾ ਡਰਾਮਾ ਹੈ। ਇਹ ਸਰਕਾਰ ਬੈਕਫੁੱਟ ’ਤੇ ਹੈ।”



## ਭਾਜਪਾ ਆਗੂ ਮਨੋਰੰਜਨ ਕਾਲੀਆ ਦੇ ਘਰ ’ਤੇ ਗ੍ਰਨੇਡ ਸੁੱਟਣ ਵਾਲਾ ਤੀਜਾ ਮੁਲਜ਼ਮ 7 ਦਿਨ ਦੇ ਰਿਮਾਂਡ ’ਤੇ

**ਜਲੰਧਰ, 13 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)-** ਭਾਜਪਾ ਆਗੂ ਮਨੋਰੰਜਨ ਕਾਲੀਆ ਦੇ ਘਰ ’ਤੇ ਗ੍ਰਨੇਡ ਹਮਲਾ ਕਰਨ ਦੇ ਮੁੱਖ ਦੋਸ਼ੀ ਸੈਦੁਲ ਅਮੀਨ ਨੂੰ ਬੀਤੇ ਦਿਨੀਂ ਦਿੱਲੀ ਦੀ ਪੁਲਸ ਦੀ ਮਦਦ ਨਾਲ ਪੰਜਾਬ ਪੁਲਸ ਵੱਲੋਂ ਗ੍ਰਿਫਤਾਰ ਕੀਤਾ ਗਿਆ ਸੀ। ਉਸ ਨੂੰ ਅੱਜ ਜਲੰਧਰ ਲਿਆ ਕੇ ਡਿਊਟੀ ਮੈਜਿਸਟਰੇਟ ਆਕਾਸ਼ਦੀਪ ਸਿੰਘ ਮਲਵਈ ਜੇ. ਐੱਮ. ਆਈ. ਸੀ. ਦੀ ਅਦਾਲਤ ਵਿੱਚ ਪੇਸ਼ ਕੀਤਾ ਗਿਆ। ਸਰਕਾਰੀ ਵਕੀਲ ਦੀ ਮਦਦ ਨਾਲ ਦੋਸ਼ੀ ਦਾ 10 ਦਿਨ ਦਾ ਰਿਮਾਂਡ ਮੰਗਿਆ ਗਿਆ ਸੀ, ਜਿਸ ’ਤੇ ਅਦਾਲਤ ਨੇ ਦੋਸ਼ੀ ਦਾ 7 ਦਿਨ ਦਾ ਰਿਮਾਂਡ ਦੇ ਕੇ ਪੁਲਸ ਦੀ ਗ੍ਰਿਫ਼ਤ ਵਿੱਚ ਭੇਜਣ ਦਾ ਹੁਕਮ ਸੁਣਾਇਆ ਹੈ। ਹੁਣ ਦੋਸ਼ੀ ਸੈਦੁਲ ਅਮੀਨ ਨੂੰ 20 ਅਪ੍ਰੈਲ ਨੂੰ ਰਿਮਾਂਡ ਖ਼ਤਮ ਹੋਣ ਮਗਰੋਂ ਮੁੜ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ। ਜ਼ਿਕਰਯੋਗ ਹੈ ਕਿ ਮੁੱਖ ਮੰਤਰੀ ਭਗਵੰਤ ਮਾਨ ਦੀਆਂ ਹਦਾਇਤਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਚੱਲ ਰਹੀ ਮੁਹਿੰਮ ਵਿਚਾਲੇ ਸ਼ਨੀਵਰਾ ਇਕ ਹੋਰ ਵੱਡੀ ਸਫਲਤਾ ਮਿਲੀ। ਕੇਂਦਰੀ ਏਜੰਸੀਆਂ ਅਤੇ ਦਿੱਲੀ ਪੁਲਸ ਦੇ ਸਹਿਯੋਗ ਨਾਲ ਜਲੰਧਰ ਕਮਿਸ਼ਨਰੇਟ ਪੁਲਸ ਨੇ ਭਾਜਪਾ ਨੇਤਾ ਮਨੋਰੰਜਨ ਕਾਲੀਆ ਦੀ ਰਿਹਾਇਸ਼ ’ਤੇ ਗ੍ਰਨੇਡ ਹਮਲੇ ’ਚ ਸ਼ਾਮਲ ਮੁੱਖ ਮੁਲਜ਼ਮ ਉੱਤਰ ਪ੍ਰਦੇਸ਼ ਦੇ ਸੈਦੁਲ ਅਮੀਨ ਨੂੰ ਗ੍ਰਿਫ਼ਤਾਰ ਕਰ ਲਿਆ ਸੀ। ਇਹ ਜਾਣਕਾਰੀ ਪੰਜਾਬ ਦੇ ਡੀ. ਜੀ. ਪੀ. ਗੌਰਵ ਯਾਦਵ ਨੇ ਸ਼ਨੀਵਾਰ ਨੂੰ ਦਿੱਤੀ। ਉਹ ਜਲੰਧਰ ਦੀ ਪੁਲਸ ਕਮਿਸ਼ਨਰ ਧਨਪ੍ਰੀਤ ਕੌਰ ਅਤੇ ਹੋਰਨਾਂ ਅਧਿਕਾਰੀਆਂ ਨਾਲ ਕਾਲੀਆ ਦੀ ਰਿਹਾਇਸ਼ ’ਤੇ ਪਹੁੰਚੇ। ਜਾਣਕਾਰੀ ਅਨੁਸਾਰ 7 ਅਪ੍ਰੈਲ ਰਾਤ ਨੂੰ ਸੈਂਟਰਲ ਟਾਊਨ ਜਲੰਧਰ ’ਚ ਸਥਿਤ ਸੀਨੀਅਰ ਭਾਜਪਾ ਨੇਤਾ ਮਨੋਰੰਜਨ ਕਾਲੀਆ ਦੀ ਰਿਹਾਇਸ਼ ’ਤੇ ਧਮਾਕਾ ਹੋਇਆ ਸੀ। ਮੁੱਢਲੀ ਜਾਂਚ ਵਿਚ ਪੰਜਾਬ ’ਚ ਭਾਈਚਾਰਕ ਸਦਭਾਵਨਾ ’ਚ ਰੁਕਾਵਟ ਪਾਉਣ ਲਈ ਪਾਕਿਸਤਾਨ ਦੀ ਆਈ. ਐੱਸ. ਆਈ. ਵੱਲੋਂ ਰਚੀ ਗਈ ਵੱਡੀ ਸਾਜ਼ਿਸ਼ ਦਾ ਪਤਾ ਲੱਗਾ ਸੀ। ਇਹ ਘਟਨਾਚੱਕਰ ਜਲੰਧਰ ਦੇ ਭਾਰਗੋ ਕੈਂਪ ਦੇ ਸਤੀਸ਼ ਉਰਫ਼ ਕਾਕਾ ਉਰਫ਼ ਲੱਕੀ ਅਤੇ ਗੜ੍ਹਾ ਰੋਡ ਦੇ ਹੈਰੀ ਵਜੋਂ ਪਛਾਣੇ ਗਏ 2 ਸਥਾਨਕ ਸਹਿਯੋਗੀਆਂ ਦੀ ਗ੍ਰਿਫ਼ਤਾਰੀ ਤੋਂ ਤੁਰੰਤ ਬਾਅਦ ਹੋਇਆ, ਜਿਨ੍ਹਾਂ ਨੇ ਮੁਲਜ਼ਮ ਸੈਦੁਲ ਅਮੀਨ ਨੂੰ ਰਸਦ ਸਹਾਇਤਾ ਪਹੁੰਚਾਈ ਸੀ। ਇਸ ਦੀ ਸਾਜ਼ਿਸ਼ ਗੈਂਗਸਟਰ ਲਾਰੈਂਸ ਬਿਸ਼ਨੋਈ ਅਤੇ ਪਾਕਿਸਤਾਨ ਸਥਿਤ ਆਈ. ਐੱਸ. ਆਈ. ਏਜੰਸੀ ਦੇ ਗੈਂਗਸਟਰ ਸ਼ਿਹਜ਼ਾਦ ਭੱਟੀ ਦੇ ਨਜ਼ਦੀਕੀ ਸਹਿਯੋਗੀ ਜੀਸ਼ਾਨ ਅਖ਼ਤਰ ਨੇ ਰਚੀ ਸੀ, ਜਦੋਂਕਿ ਪਾਕਿਸਤਾਨ ਸਥਿਤ ਬੱਬਰ ਖਾਲਸਾ ਇੰਟਰਨੈਸ਼ਨਲ (ਬੀ. ਕੇ. ਆਈ.) ਦੀ ਭੂਮਿਕਾ ਦੀ ਵੀ ਜਾਂਚ ਕੀਤੀ ਜਾ ਰਹੀ ਹੈ। ਡੀ. ਜੀ. ਪੀ. ਗੌਰਵ ਯਾਦਵ ਨੇ ਪੁਲਸ ਕਮਿਸ਼ਨਰ ਧਨਪ੍ਰੀਤ ਕੌਰ ਨਾਲ ਪ੍ਰੈੱਸ ਕਾਨਫ਼ਰੰਸ ਨੂੰ ਸੰਬੋਧਨ ਕਰਦਿਆਂ ਕਿਹਾ ਸੀ ਕਿ ਉੱਤਰ ਪ੍ਰਦੇਸ਼ ਦੇ ਅਮਰੋਹਾ ਦੇ ਵਾਸੀ ਮੁਲਜ਼ਮ ਸੈਦੁਲ ਅਮੀਨ ਨੂੰ ਕਈ ਸੂਬਿਆਂ ਵਿਚ ਤਲਾਸ਼ੀ ਲੈਣ ਤੋਂ ਬਾਅਦ ਦਿੱਲੀ ਤੋਂ ਗ੍ਰਿਫ਼ਤਾਰ ਕੀਤਾ ਗਿਆ। ਇਹ ਗ੍ਰਿਫ਼ਤਾਰੀ ਅੱਤਵਾਦੀ ਨੈੱਟਵਰਕ ਨੂੰ ਖ਼ਤਮ ਕਰਨ ’ਚ ਪੰਜਾਬ ਪੁਲਸ, ਕੇਂਦਰੀ ਏਜੰਸੀਆਂ ਤੇ ਦਿੱਲੀ ਪੁਲਸ ਵਿਚਾਲੇ ਲਗਾਤਾਰ ਤਾਲਮੇਲ ਦਾ ਸਬੂਤ ਹੈ। ਡੀ. ਜੀ. ਪੀ. ਨੇ ਕਿਹਾ ਕਿ ਗ੍ਰਨੇਡ ਹਮਲੇ ਨੂੰ ਅੰਜਾਮ ਦੇਣ ਵਾਲਿਆਂ ਦੇ ਵਿੱਤੀ ਲਿੰਕ ਬਾਰੇ ਵੀ ਪਤਾ ਲੱਗਾ ਹੈ, ਜਿਸ ਵਿਚ ਹਰਿਆਣਾ ਦੇ ਮੁਲਜ਼ਮ ਅਭਿਜੋਤ ਦੀ ਭੂਮਿਕਾ ਵੀ ਸਾਹਮਣੇ ਆਈ ਹੈ, ਜਿਸ ਨੂੰ ਕੁਰੂਕਸ਼ੇਤਰ ਵਿਚ ਸ਼ੁੱਕਰਵਾਰ ਨੂੰ ਗੋਲ਼ੀਬਾਰੀ ਤੋਂ ਬਾਅਦ ਹਰਿਆਣਾ ਪੁਲਸ ਨੇ ਗ੍ਰਿਫਤਾਰ ਕੀਤਾ ਸੀ। ਜਲੰਧਰ ਕਮਿਸ਼ਨਰੇਟ ਪੁਲਸ ਉਸ ਨੂੰ ਅਗਲੇਰੀ ਜਾਂਚ ਲਈ ਪ੍ਰੋਡਕਸ਼ਨ ਵਾਰੰਟ ’ਤੇ ਲਿਆਏਗੀ।

## ਜੇ ਪੰਜਾਬ ਨੂੰ ਨੰਬਰ 1 ਨਹੀਂ ਬਣਾ ਸਕੇ ਤਾਂ ਜ਼ਿੰਦਗੀ ਭਰ ਚੋਣ ਨਹੀਂ ਲੜਾਂਗਾ : ਸੁਖਬੀਰ ਸਿੰਘ ਬਾਦਲ



**ਬਠਿੰਡਾ, 13 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)-** ਸ਼੍ਰੋਮਣੀ ਅਕਾਲੀ ਦਲ ਦੇ ਮੁੜ ਚੌਥੀ ਵਾਰ ਪ੍ਰਧਾਨ ਬਣਨ ਤੋਂ ਬਾਅਦ ਸੁਖਬੀਰ ਸਿੰਘ ਬਾਦਲ ਵੱਲੋਂ ਵਿਸਾਖੀ ’ਤੇ ਪਹਿਲੀ ਵੱਡੀ ਕਾਨਫਰੰਸ ਕੀਤੀ ਗਈ, ਜਿਸ ਵਿੱਚ ਲੋਕਾਂ ਦਾ ਠਾਠਾਂ ਮਾਰਦਾ ਇਕੱਠ ਉਨ੍ਹਾਂ ਦੀ ਅਗਵਾਈ ਵਿੱਚ ਇਕਜੁਟਤਾ ਦਾ ਵੱਡਾ ਪ੍ਰਗਟਾਵਾ ਕਰਦਾ ਵੀ ਵਿਖਾਈ ਦਿੱਤੀ। ਇਸ ਦੌਰਾਨ ਸੁਖਬੀਰ ਸਿੰਘ ਬਾਦਲ ਨੇ ਜਿਥੇ ਵਿਰੋਧੀ ਪਾਰਟੀਆਂ ਨੂੰ ਹੱਥੋ-ਹੱਥ ਲਿਆ, ਉਥੇ ਹੀ 2027 ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਾਉਣ ਨੂੰ ਲੈ ਕੇ ਲੋਕਾਂ ਨੂੰ ਅਪੀਲ ਕਰਦਿਆਂ ਵੱਡਾ ਐਲਾਨ ਕੀਤਾ ਹੈ। ਵਿਸਾਖੀ ਕਾਨਫਰੰਸ ਦੌਰਾਨ ਹਜ਼ਾਰਾਂ ਦੀ ਗਿਣਤੀ ਵਿੱਚ ਇਕੱਠੇ ਹੋਏ ਲੋਕਾਂ ਦੇ ਇਕੱਠ ਨੂੰ ਸੰਬੋਧਨ ਉਪਰੰਤ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਇੱਕ ਵਾਰ 2027 ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਲਿਆਓ, ਜੇਕਰ ਕੀਤੇ ਵਾਅਦੇ ਪੂਰੇ ਨਾ ਕੀਤੇ ਤਾਂ ਮੈਂ ਜ਼ਿੰਦਗੀ ਭਰ ਚੋਣ ਨਹੀਂ ਲੜਾਂਗਾ। ਉਨ੍ਹਾਂ ਪੰਜਾਬੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਇੱਕ ਵਾਰ ਪੰਜਾਬ ’ਚ ਆਪਣੀ ਸਰਕਾਰ ਲਿਆ ਦਿਓ, ਪੰਜਾਬ ਨੂੰ ਨੰਬਰ 1 ਸੂਬਾ ਬਣਾ ਦਿਆਂਗੇ। ਉਨ੍ਹਾਂ ਐਲਾਨ ਕਰਦਿਆਂ ਕਿਹਾ ਕਿ ਜੇਕਰ ਉਹ ਅਜਿਹਾ ਨਾ ਕਰ ਸਕੇ ਤਾਂ ਜਿੰਦਗੀ ਭਰ ਚੋਣ ਨਹੀਂ ਲੜਨਗੇ। ਸੁਖਬੀਰ ਸਿੰਘ ਬਾਦਲ ਨੇ ਪੱਤਰਕਾਰਾਂ ਦੇ ਸਵਾਲਾਂ ਦਾ ਜਵਾਬ ਦਿੰਦਿਆਂ ਕਿਹਾ ਕਿ ਪੰਜਾਬ ਦੀ ਅਸਲ ਵਾਰਿਸ ਪਾਰਟੀ ਸ਼੍ਰੋਮਣੀ ਅਕਾਲੀ ਦਲ ਹੀ ਹੈ। ਉਨ੍ਹਾਂ ਦਾ ਸਿਰਫ਼ ਇੱਕ ਹੀ ਮਕਸਦ ਹੈ ਕਿ ਇਕੱਲਾ ਪੰਜਾਬ ਹੀ ਨੰਬਰ ਇੱਕ ਬਣਾਉਣਾ। ਉਹ ਵਾਅਦਾ ਕਰਦੇ ਹਨ ਕਿ ਆਪਣੀ ਪਾਰਟੀ ਦੀ ਸਰਕਾਰ ਲਿਆ ਦਿਓ, ਪੰਜਾਬ ਨੂੰ ਨੰਬਰ 1 ਬਣਾਉਣਾ ਸਾਡਾ ਫਰਜ਼ ਹੈ ਅਤੇ ਜੇਕਰ ਅਜਿਹਾ ਨਹੀਂ ਕਰ ਸਕੇ ਤਾਂ ਮੈਂ ਵਾਅਦਾ ਕਰਦਾ ਹਾਂ ਕਿ ਫਿਰ ਕਦੇ ਜ਼ਿੰਦਗੀ ਵਿੱਚ ਚੋਣ ਨਹੀਂ ਲੜਾਂਗਾ।

## ਜਲੰਧਰ ’ਚ ਧੋਖਾਧੜੀ ਦੇ ਨੈੱਟਵਰਕ ਦਾ ਪਰਦਾਫਾਸ਼, ਲੱਖਾਂ ਰੁਪਏ ਦੀ ਨਕਦੀ, 43 ਏ. ਟੀ. ਐਮ. ਕਾਰਡ ਸਣੇ 3 ਗ੍ਰਿਫ਼ਤਾਰ



**ਜਲੰਧਰ, 13 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)-** ਜਲੰਧਰ ਕਮਿਸ਼ਨਰੇਟ ਪੁਲਸ ਨੇ ਇਕ ਵੱਡੇ ਪੱਧਰ ’ਤੇ ਸਾਈਬਰ ਧੋਖਾਧੜੀ ਵਿੱਚ ਸ਼ਾਮਲ ਤਿੰਨ ਵਿਅਕਤੀਆਂ ਦੇ ਇਕ ਸਮੂਹ ਨੂੰ ਗ੍ਰਿਫ਼ਤਾਰ ਕੀਤਾ। ਪੁਲਸ ਨੇ ਮੁਲਜ਼ਮਾਂ ਤੋਂ 24 ਲੱਖ ਰੁਪਏ ਦੀ ਨਕਦੀ, 14 ਮੋਬਾਇਲ ਫ਼ੋਨ, ਇਕ ਲੈਪਟਾਪ, 19 ਬੈਂਕ ਪਾਸਬੁੱਕ ਅਤੇ 43 ਏ. ਟੀ. ਐੱਮ. ਕਾਰਡ ਬਰਾਮਦ ਕੀਤੇ। ਵੇਰਵਾ ਸਾਂਝਾ ਕਰਦੇ ਹੋਏ ਸੀ. ਪੀ. ਜਲੰਧਰ ਨੇ ਕਿਹਾ ਕਿ ਪੁਲਸ ਸਟੇਸ਼ਨ ਨਵੀਂ ਬਾਰਾਦਰੀ ਦੀ ਇਕ ਟੀਮ ਨੂੰ ਜਲੰਧਰ ਦੇ ਹੋਟਲ ਐਮ-1 ਵਿੱਚ ਇਕ ਸਾਈਬਰ ਧੋਖਾਧੜੀ ਗਿਰੋਹ ਦੀ ਮੌਜੂਦਗੀ ਬਾਰੇ ਸੂਚਨਾ ਮਿਲੀ ਸੀ। ਸੂਚਨਾ ’ਤੇ ਤੇਜ਼ੀ ਨਾਲ ਕਾਰਵਾਈ ਕਰਦੇ ਹੋਏ ਪੁਲਸ ਨੇ ਮੌਕੇ ’ਤੇ ਛਾਪਾ ਮਾਰਿਆ ਅਤੇ ਤਿੰਨ ਸ਼ੱਕੀਆਂ ਨੂੰ ਸਫ਼ਲਤਾਪੂਰਵਕ ਗ੍ਰਿਫ਼ਤਾਰ ਕਰ ਲਿਆ। ਗ੍ਰਿਫ਼ਤਾਰ ਵਿਅਕਤੀਆਂ ਦੀ ਪਛਾਣ ਵਰੁਣ ਆਂਚਲ ਪੁੱਤਰ ਤਰਲੋਕ ਚੰਦ ਵਾਸੀ ਐੱਚ. ਨੰ. 466, ਸ਼ਹੀਦ ਬਾਬੂ ਲਾਭ ਸਿੰਘ ਨਗਰ, ਜਲੰਧਰ, ਅਨਿਲ ਪੁੱਤਰ ਬ੍ਰਿਜ ਮੋਹਨ ਵਾਸੀ ਐੱਚ. ਨੰਬਰ 458, ਮਧੂਬਨ ਕਾਲੋਨੀ, ਜਲੰਧਰ ਅਤੇ ਦੁਧਾਗਰਾ ਰਿੰਪਲ ਪੁੱਤਰ ਵੱਲਭ ਭਾਈ ਵਾਸੀ ਮੋਰਬੀ ਰੋਡ, ਰਾਜਕੋਟ, ਗੁਜਰਾਤ ਤਲਾਸ਼ੀ ਦੌਰਾਨ ਪੁਲਸ ਨੇ 24 ਲੱਖ ਭਾਰਤੀ ਰੁਪਏ, 14 ਮੋਬਾਇਲ ਫੋਨ, ਇਕ ਲੈਪਟਾਪ, ਵੱਖ-ਵੱਖ ਨਾਵਾਂ ’ਤੇ 19 ਬੈਂਕ ਪਾਸਬੁੱਕਾਂ ਅਤੇ 43 ਏ. ਟੀ. ਐੱਮ. ਕਾਰਡ ਜ਼ਬਤ ਕੀਤੇ, ਜਿਨ੍ਹਾਂ ਨੂੰ ਧੋਖਾਧੜੀ ਵਾਲੀਆਂ ਗਤੀਵਿਧੀਆਂ ਲਈ ਵਰਤਿਆ ਗਿਆ ਮੰਨਿਆ ਜਾਂਦਾ ਹੈ। ਉਨ੍ਹਾਂ ਨੇ ਕਿਹਾ ਕਿ ਦੋਸ਼ੀਆਂ ਨੂੰ ਮਾਣਯੋਗ ਅਦਾਲਤ ਵਿੱਚ ਪੇਸ਼ ਕੀਤਾ ਗਿਆ ਸੀ ਅਤੇ ਪੁਲਸ ਨੇ ਹੋਰ ਪੁੱਛਗਿੱਛ ਲਈ ਤਿੰਨ ਦਿਨਾਂ ਦਾ ਰਿਮਾਂਡ ਪ੍ਰਾਪਤ ਕੀਤਾ ਹੈ। ਸਾਈਬਰ ਧੋਖਾਧੜੀ ਨੈੱਟਵਰਕ ਦੇ ਅੱਗੇ ਅਤੇ ਪਿੱਛੇ ਸਬੰਧਾਂ ਦਾ ਪਤਾ ਲਗਾਉਣ ਲਈ ਜਾਂਚ ਜਾਰੀ ਹੈ। ਸੀ. ਪੀ. ਧਨਪ੍ਰੀਤ ਕੌਰ ਜਲੰਧਰ ਨੇ ਗੈਰ-ਕਾਨੂੰਨੀ ਗਤੀਵਿਧੀਆਂ ਨਾਲ ਲੜਨ ਲਈ ਪੁਲਿਸ ਦੀ ਅਟੱਲ ਵਚਨਬੱਧਤਾ ਦੀ ਪੁਸ਼ਟੀ ਕੀਤੀ, ਕਿਹਾ ਕਿ ਇਸ ਵਿੱਚ ਸ਼ਾਮਲ ਸਾਰੇ ਵਿਅਕਤੀਆਂ ਨੂੰ ਨਤੀਜੇ ਭੁਗਤਣੇ ਪੈਣਗੇ।


Nankana Sahib Yatra Committe Uk
Pakistan Gurdwara Yatra
28th October to 7th November 2025
Yatra Includes 25+ Gurudwara Sahib Darshan.
Accommodation in hotels and travel within Pakistan and Yatra Start to Finish Point in AC Coaches
ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ
£1050
Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.
Note: It does not include flight ticket and insurance, it has to be done by the passenger himself.
ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।
ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।
★-- ਗੁਰੂ ਪੰਥ ਦੇ ਸੇਵਾਦਾਰ --★
ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK
• ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
+447976210161
• ਭਾਈ ਬਲਜੀਤ ਸਿਘ ਕੰਗ/Bhai Baljit Singh Kang
+44 7780 605230
• ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
+44 7568 517223

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear death of conscience is a sure death

Sant Jarnail Singh Ji Khalsa Bhindranwale

www.damdamitaksal.net




ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net

ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਬੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

ਦੇਗ ਤੇਗ ਫ਼ਤਿਹ - ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਅਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# 29ਵਾਂ ਸਲਾਨਾ ਜੋੜ ਮੇਲਾ

# ਗੁਰਮਤਿ ਸਮਾਗਮ

## 1 ਨਵੰਬਰ 2025, ਦਿਨ ਸ਼ਨੀਵਾਰ ਨੂੰ

## ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ

ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ

## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

ਦਮਦਮੀ ਟਕਸਾਲ ਭਿੰਡਰਾਂ ਵਾਲੇ

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404

ਸੰਪਰਕ ਨੰਬਰ
98141-27470
84278-66404
73408-35137

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੁ ਕੋਟਿ ਪੈਂਡਾ ਆਗੇ ਹੋਇ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 28 ਅਕਤੂਬਰ 2025 ਤੋਂ 7 ਨਵੰਬਰ 2025 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

Note: It does not include flight ticket and insurance, it has to be done by the passenger himself.

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਲਗਜ਼ਰੀ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿੰਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

Website : www.nsycuk.com
E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV

# ਅਪੀਲ

**ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਦੀ ਯੋਗਤਾ, ਨਿਯੁਕਤੀ, ਕਾਰਜ-ਖੇਤਰ, ਜ਼ਿੰਮੇਵਾਰੀਆਂ ਤੇ ਸੇਵਾ-ਮੁਕਤੀ ਸੰਬੰਧੀ ਨਿਯਮਾਵਲੀ ਬਣਾਉਣ ਲਈ ਸਿੱਖ ਪੰਥ ਦੀਆਂ ਸਮੂਹ ਜਥੇਬੰਦੀਆਂ, ਦਮਦਮੀ ਟਕਸਾਲ, ਨਿਹੰਗ ਸਿੰਘ ਦਲਾਂ, ਆਲਮੀ ਸਿੱਖ ਸੰਸਥਾਵਾਂ, ਸਿੰਘ ਸਭਾਵਾਂ, ਦੀਵਾਨਾਂ, ਸਭਾ ਸੁਸਾਇਟੀਆਂ ਅਤੇ ਦੇਸ਼-ਵਿਦੇਸ਼ ਵਿਚ ਵੱਸਦੇ ਸਿੱਖ ਵਿਦਵਾਨਾਂ ਅਤੇ ਬੁੱਧੀਜੀਵੀਆਂ ਨੂੰ ਆਪਣੇ ਸੁਝਾਅ ਭੇਜਣ ਦੀ ਅਪੀਲ ਕੀਤੀ ਜਾਂਦੀ ਹੈ।**



ਇਹ ਸੁਝਾਅ
ਮਿਤੀ 20 ਅਪ੍ਰੈਲ 2025 ਤੱਕ
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਨੂੰ ਦਸਤੀ ਰੂਪ ਵਿੱਚ ਜਾਂ
ਅਧਿਕਾਰਤ ਈਮੇਲ
info@sgpc.net ਅਤੇ
ਵੱਟਸਐਪ ਨੰਬਰ 77101-36200
'ਤੇ ਭੇਜੇ ਜਾਣ।

ਆਵਾਜ਼ਿ ਕੌਮ AWAZE QAUM International Newspaper & WEB TV

**ਵੱਲੋਂ: ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ**
ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243





# ਹਰਿਆਣਾ ਦੇ ਮੁੱਖ ਮੰਤਰੀ ਨੇ ਜਥੇਦਾਰ ਕੁਲਦੀਪ ਸਿੰਘ ਗੜਗੱਜ ਨਾਲ ਕੀਤੀ ਮੁਲਾਕਾਤ

**ਨਵੀਂ ਦਿੱਲੀ**, 13 **ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**:-ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਅੱਜ ਖ਼ਾਲਸਾ ਸਾਜਣਾ ਦਿਵਸ ਵਿਸਾਖੀ ਮੌਕੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਵਿਖੇ ਨਤਮਸਤਕ ਹੋਣ ਪੁੱਜੇ। ਇਸ ਉਪਰੰਤ ਸ੍ਰੀ ਨਾਇਬ ਸਿੰਘ ਸੈਣੀ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨਾਲ ਉਨ੍ਹਾਂ ਦੇ ਰਿਹਾਇਸ਼ ਦਫ਼ਤਰ ਪੁੱਜ ਕੇ ਮੁਲਾਕਾਤ ਕੀਤੀ। ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਹਰਿਆਣਾ ਦੇ ਮੁੱਖ ਮੰਤਰੀ ਨਾਲ ਸੂਬੇ ਵਿੱਚ ਵੱਸਦੇ ਸਿੱਖਾਂ ਦੇ ਮਸਲੇ ਹੱਲ ਕਰਨ ਸਬੰਧੀ ਚੰਗੇ ਮਾਹੌਲ ਵਿੱਚ ਵਿਚਾਰ ਚਰਚਾ ਕੀਤੀ। ਜਥੇਦਾਰ ਗੜਗੱਜ ਨੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੂੰ ਲੋਈ, ਸਿੱਖ ਸਾਹਿਤ ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੀ ਤਸਵੀਰ ਦੇ ਕੇ ਸਨਮਾਨ ਦਿੱਤਾ।



ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਦੇ ਮਾਮਲੇ ਵਿੱਚ ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਸ੍ਰੀ ਨਾਇਬ ਸਿੰਘ ਸੈਣੀ ਨੂੰ ਕਿਹਾ ਕਿ ਸੂਬਾ ਸਰਕਾਰ ਨੂੰ ਜਲਦ ਹੀ ਚੁਣੇ ਹੋਏ ਮੈਂਬਰਾਂ ਸਬੰਧੀ ਸਮੁੱਚੀ ਪ੍ਰਕਿਰਿਆ ਮੁਕੰਮਲ ਕਰਕੇ ਉਨ੍ਹਾਂ ਨੂੰ ਸੰਗਤ ਦੀਆਂ ਭਾਵਨਾਵਾਂ ਦਾ ਸਤਿਕਾਰ ਕਰਦਿਆਂ ਗੁਰੂ ਘਰਾਂ ਦਾ ਪ੍ਰਬੰਧ ਸੌਂਪਣਾ ਚਾਹੀਦਾ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਭਾਵੇਂ ਸਿੱਖ ਕੌਮ ਸਮੁੱਚੇ ਰੂਪ ਵਿੱਚ ਸ਼੍ਰੋਮਣੀ ਕਮੇਟੀ ਤੋਂ ਵੱਖਰੀ ਹਰਿਆਣਾ ਗੁਰਦੁਆਰਾ ਕਮੇਟੀ ਨਾਲ ਸਹਿਮਤ ਨਹੀਂ ਪਰ ਜਦੋਂ ਹੁਣ ਗੁਰਦੁਆਰਾ ਚੋਣਾਂ ਮੁਕੰਮਲ ਹੋ ਚੁੱਕੀਆਂ ਹਨ ਤਾਂ ਪ੍ਰਬੰਧ ਸੰਗਤ ਦੀਆਂ ਭਾਵਨਾਵਾਂ ਅਨੁਸਾਰ ਸੌਂਪਣਾ ਚਾਹੀਦਾ ਹੈ ਅਤੇ ਗੁਰੂ ਘਰਾਂ ਵਿੱਚੋਂ ਸਰਕਾਰੀ ਦਖਲ ਖਤਮ ਕਰਨਾ ਚਾਹੀਦਾ ਹੈ। ਜਥੇਦਾਰ ਗੜਗੱਜ ਨੇ ਕਿਹਾ ਕਿ ਸਿੱਖ ਗੁਰਦੁਆਰਾ ਐਕਟ 1925 ਅੱਜ ਵੀ ਕਾਇਮ ਹੈ ਇਸ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨਾਲ ਸਬੰਧਤ ਹਰਿਆਣਾ ਦੇ ਸਮੁੱਚੇ ਹਲਕੇ ਕਾਇਮ ਰਹਿਣੇ ਚਾਹੀਦੇ ਹਨ ਕਿਉਂਕਿ ਇਹ ਸਿੱਖ ਵਿਰਾਸਤ ਨਾਲ ਸਬੰਧਤ ਮਾਮਲਾ ਹੈ। ਇਸੇ ਤਰ੍ਹਾਂ ਜਥੇਦਾਰ ਗੜਗੱਜ ਨੇ ਮੁੱਖ ਮੰਤਰੀ ਹਰਿਆਣਾ ਨੂੰ ਸੂਬੇ ਅੰਦਰ ਪੰਜਾਬੀ ਭਾਸ਼ਾ ਨੂੰ ਪ੍ਰਫੁੱਲਿਤ ਕਰਨ ਲਈ ਸਰਕਾਰ ਦੀ ਤਰਫ਼ੋਂ ਵਿਸ਼ੇਸ਼ ਉਪਰਾਲੇ ਕਰਨ ਲਈ ਆਖਿਆ। ਉਨ੍ਹਾਂ ਕਿਹਾ ਕਿ ਹਰਿਆਣਾ ਦੇ ਸਰਕਾਰੀ ਦਫ਼ਤਰਾਂ ਵਿੱਚ ਪੰਜਾਬੀ ਪੜ੍ਹਣ ਤੇ ਲਿਖਣ ਵਾਲੇ ਮੁਲਾਜ਼ਮ ਲੋੜ ਅਨੁਸਾਰ ਭਰਤੀ ਕਰਕੇ ਤਾਇਨਾਤ ਕਰਨੇ ਚਾਹੀਦੇ ਹਨ। ਜੇਕਰ ਕੋਈ ਹਰਿਆਣਾ ਨਿਵਾਸੀ ਪੰਜਾਬੀ ਵਿੱਚ ਕੋਈ ਪੱਤਰ ਸ਼ਿਕਾਇਤ ਆਦਿ ਸੌਂਪਦਾ ਹੈ ਤਾਂ ਉਸ ਨੂੰ ਪ੍ਰਵਾਨ ਕਰਨਾ ਚਾਹੀਦਾ ਹੈ। ਉਨ੍ਹਾਂ ਹਰਿਆਣਾ ਦੇ ਸਕੂਲਾਂ ਵਿੱਚ ਵੀ ਬੱਚਿਆਂ ਨੂੰ ਪੰਜਾਬੀ ਮੁੱਢ ਤੋਂ ਹੀ ਪੜ੍ਹਾਉਣ ਲਈ ਆਖਿਆ।

ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਸ੍ਰੀ ਨਾਇਬ ਸਿੰਘ ਸੈਣੀ ਨੂੰ ਇਹ ਯਕੀਨੀ ਬਣਾਉਣ ਲਈ ਕਿਹਾ ਕਿ ਸੂਬੇ ਅੰਦਰ ਕਿਸੇ ਵੀ ਮੁਕਾਬਲਾ ਜਾਂ ਹੋਰ ਪ੍ਰੀਖਿਆਵਾਂ ਵਿੱਚ ਸਿੱਖ ਪ੍ਰੀਖਿਆਰਥੀਆਂ ਦੇ ਕਕਾਰ ਨਾ ਲੁਹਾਏ ਜਾਣ। ਉਨ੍ਹਾਂ ਹਰਿਆਣਾ ਦੇ ਮੁੱਖ ਮੰਤਰੀ ਨੂੰ ਸੂਬੇ ਅੰਦਰ ਸ਼੍ਰੋਮਣੀ ਕਮੇਟੀ ਵੱਲੋਂ ਸ਼ਾਹਬਾਦ ਮਾਰਕੰਡਾ ਵਿਖੇ ਮੀਰੀ-ਪੀਰੀ ਮੈਡੀਕਲ ਕਾਲਜ ਤੇ ਹਸਪਤਾਲ ਰਾਹੀਂ ਕੀਤੇ ਜਾ ਰਹੇ ਲੋਕ ਭਲਾਈ ਕਾਰਜਾਂ ਬਾਰੇ ਵੀ ਦੱਸਿਆ। ਉਨ੍ਹਾਂ ਕਿਹਾ ਕਿ ਸਿੱਖ ਸੰਸਥਾ ਵੱਲੋਂ ਸਥਾਨਕ ਲੋਕਾਂ ਨੂੰ ਸਿਹਤ ਸੇਵਾਵਾਂ ਦੀ ਸਹੂਲਤ ਦੇਣ ਲਈ ਇਹ ਹਸਪਤਾਲ ਅਤੇ ਕਾਲਜ ਸ਼ੁਰੂ ਕੀਤਾ ਹੋਇਆ ਹੈ, ਜਿਸ ਵਿੱਚ ਹਰਿਆਣਾ ਦੀ ਸੂਬਾ ਸਰਕਾਰ ਨੂੰ ਹਰ ਪੱਧਰ ਉੱਤੇ ਸ਼੍ਰੋਮਣੀ ਕਮੇਟੀ ਅਤੇ ਪ੍ਰਬੰਧਕਾਂ ਦਾ ਸਹਿਯੋਗ ਕਰਨਾ ਚਾਹੀਦਾ ਹੈ।

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਜਥੇਦਾਰ ਕੁਲਦੀਪ ਸਿੰਘ ਗੜਗੱਜ ਵੱਲੋਂ ਉਠਾਏ ਗਏ ਮਾਮਲਿਆਂ ਨੂੰ ਗੌਰ ਨਾਲ ਸੁਣਿਆ ਅਤੇ ਪੂਰਨ ਸਹਿਯੋਗ ਤੇ ਲੋੜ ਅਨੁਸਾਰ ਕਾਰਵਾਈ ਕਰਨ ਦਾ ਭਰੋਸਾ ਦਿੱਤਾ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੈਨੇਜਰ ਸ. ਮਲਕੀਤ ਸਿੰਘ, ਵਧੀਕ ਮੈਨੇਜਰ ਸ. ਹਰਦੇਵ ਸਿੰਘ, ਸੂਚਨਾ ਅਧਿਕਾਰੀ ਸ. ਹਰਪ੍ਰੀਤ ਸਿੰਘ ਆਦਿ ਹਾਜ਼ਰ ਸਨ। ••

ਆਵਾਜ਼ਿ ਕੌਮ AWAZE QAUM International Newspaper & WEB TV


ਖੰਡੇ ਬਾਟੇ ਦਾ ਅੰਮ੍ਰਿਤ ਛਕ ਕੇ ਸ਼ਸਤਰਧਾਰੀ ਬਣਕੇ ਆਪਣੇ ਕੌਮੀ ਨਿਸ਼ਾਨੇ ਵਲ ਵਧਿਆ ਜਾਏ
ਖ਼ਾਲਸਾ ਸਾਜਣਾ ਦਿਵਸ ਤੇ ਵਿਸਾਖੀ
ਦੀਆਂ ਸਮੂਹ ਸਿੱਖ ਸੰਗਤਾਂ ਨੂੰ
ਬਹੁਤ-ਬਹੁਤ ਵਧਾਈਆਂ
ਭਾਈ ਜਗਤਾਰ ਸਿੰਘ ਤਾਰਾ
ਨਜ਼ਰਬੰਦ ਬੁੜੈਲ ਜੇਲ੍ਹ

ਜਉ ਤਉ ਪ੍ਰੇਮ ਖੇਲਣ ਕਾ ਚਾਉ ॥
ਸਿਰ ਧਰਿ ਤਲੀ ਗਲੀ ਮੇਰੀ ਆਉ ॥

## ਬੱਬਰ ਖਾਲਸਾ ਜਰਮਨੀ ਵਲੋਂ

# ਖਾਲਸੇ ਦੇ ਪ੍ਰਗਟ ਦਿਹਾੜੇ ਦੀ ਬਹੁਤ – ਬਹੁਤ ਵਧਾਈ ਹੋਵੇ

## ਕੌਮ ਨੂੰ ਇਕਮੁੱਠ ਹੋ ਕੇ ਅਜ਼ਾਦੀ ਦੀ ਮੰਜ਼ਿਲ ਵੱਲ ਵਧਣ ਦੀ ਅਪੀਲ





**1699** ਈਸਵੀ ਨੂੰ ਵਿਸਾਖੀ ਵਾਲੇ ਦਿਨ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਮਹਾਰਾਜ ਜੀ ਨੇ ਖਾਲਸਾ ਪ੍ਰਗਟ ਕੀਤਾ । ਜੋ ਗੁਰਬਾਣੀ ਦੇ ਮਹਾਂਵਾਕ **"ਭੈ ਕਾਹੂ ਕਉ ਦੇਤ ਨਹਿ ਨਹਿ ਭੈ ਮਾਨਤ ਆਨ ॥"** ਅਨੁਸਾਰ ਜੀਵਨ ਬਤੀਤ ਕਰਦਾ ਹੈ ।

**13** ਅਪ੍ਰੈਲ **1978** ਵਿਸਾਖੀ ਵਾਲੇ ਦਿਨ **13** ਸਿੰਘਾਂ ਦੀ ਸ਼ਹਾਦਤ ਅਤੇ **78** ਦੇ ਕਰੀਬ ਸਿੰਘਾਂ ਦੇ ਜ਼ਖ਼ਮੀ ਹੋਣ ਤੇ ਹਿੰਦ ਸ੍ਰਕਾਰ ਅਤੇ ਪੁਲਿਸ ਦੀ ਮਿਲੀਭੁਗਤ ਨਾਲ ਕੋਈ ਇਨਸਾਫ ਨਾ ਮਿਲਣ ਅਤੇ ਦੋਸ਼ੀਆਂ ਦੇ ਸਾਫ ਬਰੀ ਹੋ ਜਾਣ ਦੇ ਰੋਸ ਵਜੋਂ ਇਨਸਾਫ਼ ਲੈਣ ਲਈ ਅਖੰਡ ਕੀਰਤਨੀ ਜਥੇ ਦੇ ਕੁੱਝ ਸਿੰਘਾਂ ਨੇ ਕਮਰਕੱਸੇ ਕਰ ਲਏ । ਜੋ ਕਿ ਸਮਾਂ ਆਉਣ ਤੇ **'ਬੱਬਰ ਖਾਲਸਾ ਜਥੇਬੰਦੀ'** ਦੇ ਰੂਪ ਵਿੱਚ ਦੁਸ਼ਟਾਂ ਨੂੰ ਸੋਧਣ ਲੱਗੇ । ਨਰਕਧਾਰੀਆਂ ਅਤੇ ਦੁਸ਼ਟਾਂ ਦੇ ਲੱਗ ਰਹੇ ਸੋਧਿਆਂ ਨੇ ਹਿੰਦ ਸ੍ਰਕਾਰ ਦੀ ਨੀਂਦ ਹਰਾਮ ਕਰਕੇ ਰੱਖ ਦਿੱਤੀ । ਸੰਤ ਜਰਨੈਲ ਸਿੰਘ ਭਿੰਡਰਾਂਵਾਲੇ ਦੇ ਕਹੇ ਬੋਲਾਂ ਕਿ **'ਜਿਸ ਦਿਨ ਦਰਬਾਰ ਸਾਹਿਬ ਅੰਦਰ ਭਾਰਤੀ ਫੌਜਾਂ ਦਾ ਪੈਰ ਪਿਆ, ਉਸ ਦਿਨ ਖਾਲਿਸਤਾਨ ਦੀ ਨੀਂਹ ਰੱਖੀ ਜਾਵੇਗੀ'** ਤੇ ਪਹਿਰਾ ਦਿੰਦਿਆਂ ਬੱਬਰਾਂ ਵਲੋਂ ਜੂਨ **1984** ਤੋਂ ਆਪਣੇ ਆਜ਼ਾਦ ਦੇਸ਼ ਖਾਲਿਸਤਾਨ ਦੀ ਜੰਗ ਜਾਰੀ ਹੈ ।

ਅਸੀਂ ਬੱਬਰ ਖਾਲਸਾ ਜਰਮਨੀ ਵਲੋਂ ਜਰਮਨ ਦੇ ਕਾਨੂੰਨ ਦੇ ਦਾਇਰੇ ਵਿੱਚ ਵਿਚਰਦਿਆਂ ਆਪਣੀ ਅਜ਼ਾਦੀ ਲਈ ਆਪਣਾ ਤਿੱਲ – ਫੁੱਲ ਯੋਗਦਾਨ ਪਾ ਰਹੇ ਹਾਂ ਅਤੇ ਆਪਣਾ ਦੇਸ਼ ਖਾਲਿਸਤਾਨ ਬਣਨ ਤੱਕ ਨਿਰੰਤਰ ਜਾਰੀ ਰੱਖਾਗੇ । ਕੌਮ ਨੂੰ ਅਪੀਲ ਹੈ ਕਿ ਸਾਡੇ ਸਾਰੇ ਮਸਲਿਆਂ ਦਾ ਹੱਲ ਸਿਰਫ ਤੇ ਸਿਰਫ ਖਾਲਿਸਤਾਨ ਹੈ । ਇਸ ਦੀ ਪ੍ਰਾਪਤੀ ਲਈ ਆਪਣਾ ਯੋਗਦਾਨ ਪਾਈਏ ।











ਗੁਰੂ ਪੰਥ ਦੇ ਦਾਸਰੇ:–
ਜਥੇ. ਭਾਈ ਰੇਸ਼ਮ ਸਿੰਘ ਬੱਬਰ, ਜਥੇ. ਭਾਈ ਸਤਨਾਮ ਸਿੰਘ ਬੱਬਰ,
ਭਾਈ ਰਾਜਿੰਦਰ ਸਿੰਘ ਬੱਬਰ, ਭਾਈ ਅਵਤਾਰ ਸਿੰਘ ਬੱਬਰ, ਭਾਈ ਬਿਧੀ ਸਿੰਘ ਬੱਬਰ

ਖਾਲਸੇ ਦੇ ਪ੍ਰਗਟ ਦਿਹਾੜੇ ਦੀਆਂ ਬਹੁਤ ਬਹੁਤ ਮੁਬਾਰਕਾਂ

# ਕੌਮ ਨੂੰ ਇੱਕ ਮੁੱਠ ਹੋ ਕੇ ਅਜ਼ਾਦੀ ਵੱਲ ਵਧਣ ਦੀ ਅਪੀਲ: ਰੇਸ਼ਮ ਸਿੰਘ ਬੱਬਰ



**ਨਵੀਂ ਦਿੱਲੀ 13 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**:- ਜਰਮਨੀ ਦੇ ਜਲਾਵਤਨੀ ਸਿੰਘਾਂ ਨੇ ਖਾਲਸੇ ਦੇ ਪ੍ਰਗਟ ਦਿਹਾੜੇ ਦੀਆਂ ਬਹੁਤ ਬਹੁਤ ਮੁਬਾਰਕਾਂ ਦੇਣ ਦੇ ਨਾਲ ਕੌਮ ਨੂੰ ਇੱਕ ਮੁੱਠ ਹੋ ਕੇ ਅਜ਼ਾਦੀ ਵੱਲ ਵਧਣ ਦੀ ਅਪੀਲ ਕਰਦਿਆਂ ਕਿਹਾ ਕਿ ਜਉ ਤਉ ਪ੍ਰੇਮ ਖੇਲਣ ਕਾ ਚਾਉ। ਸਿਰ ਧਰਿ ਤਲੀ ਗਲੀ ਮੇਰੀ ਆਉ।। ਗੁਰਬਾਣੀ ਦੇ ਫੁਰਮਾਨ ਉਪਰ ਪਹਿਰਾ ਦੇਂਦਿਆ ਸਾਲ 1978 ਦੀ ਵਿਸਾਖੀ ਤੇ ਤੇਰ੍ਹਾਂ ਸਿੰਘਾਂ ਦੀ ਸ਼ਹਾਦਤ ਅਤੇ ਅਠੱਤਰ ਸਿੰਘਾਂ ਦੇ ਜ਼ਖ਼ਮੀ ਹੋਣ ਤੇ ਸਰਕਾਰ ਦੇ ਨਾਲ ਪੁਲਿਸ ਦੀ ਮਿਲੀਭੁਗਤ ਨਾਲ ਕੋਈ ਇਨਸਾਫ ਨਾ ਮਿਲਣ ਕਰਕੇ ਦੋਸ਼ੀਆਂ ਦੇ ਸਾਫ ਬਰੀ ਹੋ ਜਾਣ ਦੇ ਰੋਸ ਵਜੋਂ ਬਦਲਾ ਲੈਣ ਲਈ ਅਖੰਡ ਕੀਰਤਨੀ ਜਥੇ ਦੇ ਕੁਝ ਸਿੰਘਾਂ ਨੇ ਕਮਰਕਸੇ ਕਰ ਲਏ। ਸਮਾਂ ਆਉਣ ਤੇ ਬੱਬਰ ਖਾਲਸਾ ਜਥੇਬੰਦੀ ਦੇ ਰੂਪ ਵਿੱਚ ਦੁਸ਼ਟਾਂ ਨੂੰ ਸੋਧਣ ਲੱਗੇ। ਨਰਕਧਾਰੀਆਂ ਅਤੇ ਦੁਸਟਾਂ ਦੇ ਲੱਗ ਰਹੇ ਸੋਧਿਆਂ ਨੇ ਸਰਕਾਰ ਦੀ ਨੀਂਦ ਹਰਾਮ ਕਰਕੇ ਰੱਖ ਦਿੱਤੀ। ਸੰਤ ਜਰਨੈਲ ਸਿੰਘ ਭਿੰਡਰਾਂਵਾਲੇ ਦੇ ਕਹੇ ਬੋਲ "ਜਿਸ ਦਿਨ ਦਰਬਾਰ ਸਾਹਿਬ ਅੰਦਰ ਭਾਰਤੀ ਫੌਜਾਂ ਦਾ ਪੈਰ ਪਿਆ ਖਾਲਿਸਤਾਨ ਦੀ ਨੀਂਹ ਰੱਖੀ ਜਾਵੇਗੀ" ਤੇ ਪਹਿਰਾ ਦਿੰਦਿਆਂ ਬੱਬਰਾਂ ਵੱਲੋਂ ਜੂਨ 1984 ਤੋਂ ਆਪਣੇ ਆਜ਼ਾਦ ਦੇਸ਼ ਖਾਲਿਸਤਾਨ ਦੀ ਸਥਾਪਤੀ ਲਈ ਜੰਗ ਜਾਰੀ ਹੈ। ਜਥੇਦਾਰ ਰੇਸ਼ਮ ਸਿੰਘ ਬੱਬਰ, ਭਾਈ ਸਤਨਾਮ ਸਿੰਘ ਬੱਬਰ, ਭਾਈ ਰਾਜਿੰਦਰ ਸਿੰਘ ਬੱਬਰ, ਭਾਈ ਅਵਤਾਰ ਸਿੰਘ ਬੱਬਰ, ਭਾਈ ਬੀਧੀ ਸਿੰਘ ਬੱਬਰ ਨੇ ਕਿਹਾ ਕਿ ਅਸੀਂ ਬੱਬਰ ਖਾਲਸਾ ਵਲੋਂ ਜਰਮਨ ਦੇ ਕਾਨੂੰਨ ਵਿੱਚ ਵਿਚਰਦਿਆਂ ਆਪਣੀ ਅਜ਼ਾਦੀ ਲਈ ਆਪਣਾ ਤਿੱਲ ਫੁੱਲ ਯੋਗਦਾਨ ਪਾ ਰਹੇ ਹਾਂ ਅਤੇ ਆਪਣਾ ਦੇਸ਼ ਖਾਲਿਸਤਾਨ ਬਣਨ ਤੀਕ ਨਿਰੰਤਰ ਜਾਰੀ ਰੱਖਾਂਗੇ। ਕੌਮ ਨੂੰ ਅਪੀਲ ਹੈ ਕਿ ਸਾਡੇ ਸਾਰੇ ਮਸਲਿਆਂ ਦਾ ਹੱਲ ਸਿਰਫ ਤੇ ਸਿਰਫ ਖਾਲਿਸਤਾਨ ਹੈ। ਇਸ ਦੀ ਪ੍ਰਾਪਤੀ ਲਈ ਆਪਣਾ ਯੋਗਦਾਨ ਪਾਈਏ।

ਆਵਾਜ਼ਿ ਕੌਮ AWAZE QAUM International Newspaper & WEB TV

ਐੱਸ. ਜੀ. ਐੱਨ. ਇੰਟਰਨੈਸ਼ਨਲ ਸਕੂਲ ਦੀਵਾਨਾ ਵਿਖੇ ਵਿਸਾਖੀ ਮੇਲਾ ਮਨਾਇਆ

# ਨੌਜਵਾਨ ਪੀੜ੍ਹੀ ਨੂੰ ਹੱਥੀਂ ਕਿਰਤ ਕਰਨੀ ਚਾਹੀਦੀ ਹੈ-ਪ੍ਰਿੰਸੀਪਲ ਮੱਖਣ ਸਿੰਘ ਦੀਵਾਨਾ







**ਬਰਨਾਲਾ -(ਵਰਿਆਮ ਹਠੂਰ)**-ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਐੱਸ. ਜੀ. ਐੱਨ. ਇੰਟਰਨੈਸ਼ਨਲ ਸਕੂਲ ਦੀਵਾਨਾਂ ਦੇ ਵਿਦਿਆਰਥੀਆਂ ਅਤੇ ਸਮੂਹ ਸਕੂਲ ਸਟਾਫ਼ ਵੱਲੋਂ ਪ੍ਰਿੰਸੀਪਲ ਮੱਖਣ ਸਿੰਘ ਦੀਵਾਨਾ ਦੀ ਦੇਖ ਰੇਖ ਹੇਠ ਖਾਲਸੇ ਦਾ ਸਾਜਨਾ ਦਿਵਸ ਅਤੇ ਵਿਸਾਖੀ ਮੇਲਾ ਮਨਾਇਆ ਗਿਆ, ਇਸ ਮੌਕੇ ਸਕੂਲ ਸਟਾਫ਼ ਵੱਲੋਂ ਸਕੂਲ ਦੇ ਬੱਚਿਆਂ ਨੂੰ ਖਾਲਸਾ ਪ੍ਰਗਟ ਦਿਵਸ ਬਾਰੇ ਵਿਸਥਾਰ ਪੂਰਵਕ ਜਾਣੂੰ ਕਰਵਾਇਆ, ਅਤੇ ਪੁਰਾਤਨ ਪੰਜਾਬੀ ਵਿਰਸੇ ਨਾਲ ਜੋੜਨ ਲਈ ਪੁਰਾਤਨ ਵਸਤਾਂ ਜਿਵੇਂ ਕਿ ਗੱਡਾ, ਮਧਾਣੀਆਂ, ਚਰਖੇ, ਫੁਲਕਾਰੀਆਂ, ਲਾਲਟੈਣ, ਹਲ ਪੰਜਾਲੀ ਆਦਿ ਨੂੰ ਵਿਸਾਖੀ ਮੇਲੇ ਦਾ ਸ਼ਿੰਗਾਰ ਬਣਾਇਆ ਗਿਆ, ਜੋ ਖਿੱਚ ਦਾ ਕੇਂਦਰ ਰਹੀਆਂ, ਵਿਸਾਖੀ ਦੇ ਤਿਉਹਾਰ ਨੂੰ ਮੁੱਖ ਰੱਖਦਿਆਂ ਦੂਰ ਦੂਰ ਤੱਕ ਢੋਲ ਦੇ ਡੱਗੇ ਦੀਆਂ ਅਵਾਜ਼ਾਂ ਗੂੰਜਦੀਆਂ ਰਹੀਆਂ, ਤੇ ਬੱਚਿਆਂ ਨੇ ਖੂਬ ਮਨੋਰੰਜਨ ਕੀਤਾ ਅਤੇ ਬੱਚਿਆਂ ਨੇ ਇਸ ਮੌਕੇ ਗਿੱਧਾ, ਭੰਗੜਾ , ਬੋਲੀਆਂ ਅਤੇ ਵੱਖ ਵੱਖ ਵਿਸ਼ਿਆਂ ਨਾਲ ਸਬੰਧਤ ਕੋਰਿਓਗ੍ਰਾਫ਼ੀਆਂ ਪੇਸ਼ ਕੀਤੀਆਂ, ਤੇ ਪ੍ਰੋਗਰਾਮ ਨੂੰ ਚਾਰ ਚੰਨ ਲਾਏ, ਬੱਚਿਆਂ ਨੇ ਸਕੂਲ ਸਟਾਫ਼ ਕੋਲੋਂ ਪੁਰਾਤਨ ਸੱਭਿਆਚਾਰ ਅਤੇ ਪੰਜਾਬ ਦੇ ਅਮੀਰ ਵਿਰਸੇ ਬਾਰੇ ਭਰਪੂਰ ਜਾਣਕਾਰੀ ਹਾਸਲ ਕੀਤੀ, ਇਸ ਮੌਕੇ ਜਿੱਥੇ ਸਕੂਲ ਸਟਾਫ਼ ਵੱਲੋਂ ਬੱਚਿਆਂ ਨੂੰ ਖ਼ਾਲਸੇ ਦੇ ਸਾਜਨਾ ਦਿਵਸ ਅਤੇ ਵਿਸਾਖੀ ਦੇ ਤਿਉਹਾਰ ਬਾਰੇ ਜਾਣਕਾਰੀ ਦਿੱਤੀ ਉੱਥੇ ਵਿਸਾਖੀ ਦੀਆਂ ਮੁਬਾਰਕਾਂ ਵੀ ਦਿੱਤੀਆਂ, ਪ੍ਰਿੰਸੀਪਲ ਮੱਖਣ ਸਿੰਘ ਅਤੇ ਕੁਲਜੀਤ ਸਿੰਘ ਨੇ ਬੋਲਦਿਆਂ ਕਿਹਾ ਕਿ ਸਾਡੀ ਕੌਮ ਦਾ ਇਤਿਹਾਸ ਸ਼ਾਨਮੱਤਾ ਹੈ ਸਾਨੂੰ ਆਪਣੇ ਅਤੀਤ ਨੂੰ ਨਹੀਂ ਭੁੱਲਣਾ ਚਾਹੀਦਾ ਅਤੇ ਅੱਜ ਦੀ ਨੌਜਵਾਨ ਪੀੜ੍ਹੀ ਨੂੰ ਪੁਰਾਤਨ ਸੱਭਿਆਚਾਰ ਤੋਂ ਸਿੱਖ ਕੇ ਹੱਥੀਂ ਕਿਰਤ ਕਰਨੀ ਚਾਹੀਦੀ ਹੈ ਅਤੇ ਨਸ਼ਿਆਂ ਤੋਂ ਦੂਰ ਰਹਿਣਾ ਚਾਹੀਦਾ ਹੈ। ਅੰਤ ਵਿੱਚ ਐੱਸ ਜੀ ਐੱਨ ਇੰਟਰਨੈਸ਼ਨਲ ਸਕੂਲ ਦੀਵਾਨਾ ਦਾ ਵਿਸਾਖੀ ਨਾਲ ਸਬੰਧਿਤ ਪ੍ਰੋਗਰਾਮ ਅਮਿੱਟ ਯਾਦਾਂ ਛੱਡ ਗਿਆ, ਪ੍ਰਿੰਸੀਪਲ ਮੱਖਣ ਸਿੰਘ ਦੀਵਾਨਾ ਅਤੇ ਕੁਲਜੀਤ ਸਿੰਘ ਦੀਵਾਨਾ ਨੇ ਸਮੂਹ ਮਿਹਨਤੀ ਸਟਾਫ਼ ਦਾ ਦਿਲੋਂ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ, ਇਸ ਮੌਕੇ ਸਮੂਹ ਸਕੂਲ ਸਟਾਫ਼ ਤੋਂ ਇਲਾਵਾ ਸਮੁੱਚੀ ਮੈਨੇਜ਼ਮੈਂਟ ਅਤੇ ਸਕੂਲ ਦੇ ਬੱਚੇ ਵੀ ਹਾਜ਼ਿਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਅੱਗ ਲੱਗਣ ਦੀਆਂ ਘਟਨਾਵਾਂ ਨੂੰ ਰੋਕਣ ਲਈ ਬਿਜਲੀ ਵਿਭਾਗ ਨੇ ਕੰਟਰੋਲ ਰੂਮ ਕੀਤੇ ਸਥਾਪਿਤ : ਈਟੀਓ

# ਵਿਸਾਖੀ ਦੇ ਪਵਿੱਤਰ ਦਿਹਾੜੇ ਦੀ ਦਿੱਤੀ ਸਮੂਹ ਪੰਜਾਬੀਆਂ ਨੂੰ ਵਧਾਈ

**ਜੰਡਿਆਲਾ ਗੁਰੂ**, 13 **ਅਪ੍ਰੈਲ ( ਕੁਲਵੰਤ ਸਿੰਘ ਵਿਰਦੀ)**-ਕੈਬਨਿਟ ਮੰਤਰੀ ਸ ਹਰਭਜਨ ਸਿੰਘ ਈਟੀਓ ਨੇ ਵਿਸਾਖੀ ਅਤੇ ਖਾਲਸਾ ਸਾਜਨਾ ਦਿਵਸ ਦੇ ਪਵਿੱਤਰ ਮੌਕੇ ਦੀਆਂ ਸਮੂਹ ਪੰਜਾਬੀਆਂ ਨੂੰ ਵਧਾਈ ਦਿੰਦੇ ਹੋਏ ਇਹ ਜਾਣਕਾਰੀ ਵੀ ਸਾਂਝੀ ਕੀਤੀ ਕਿ ਆ ਰਹੇ ਕਣਕ ਦੇ ਸੀਜਨ ਦੌਰਾਨ ਬਿਜਲੀ ਦੀ ਸਪਾਰਕਿੰਗ ਤੋਂ ਕਣਕ ਨੂੰ ਅੱਗ ਲੱਗਣ ਦੀਆਂ ਘਟਨਾਵਾਂ ਰੋਕਣ ਲਈ ਪੀਐਸਪੀਸੀਐਲ ਨੇ ਕੰਟਰੋਲ ਰੂਮ ਦੀ ਸਥਾਪਨਾ ਕੀਤੀ ਹੈ

ਆਵਾਜ਼ਿ ਕੌਮ AWAZE QAUM International Newspaper & WEB TV



ਅਤੇ ਕੋਈ ਵੀ ਵਿਅਕਤੀ ਆਪਣੇ ਖੇਤਾਂ ਦੇ ਨੇੜੇ ਢਿਲੀਆਂ ਤਾਰਾਂ, ਲਮਕ ਰਹੀਆਂ ਤਾਰਾਂ, ਸਪਰਿੰਗ ਜਾਂ ਅਜਿਹੀ ਕੋਈ ਵੀ ਸੂਚਨਾ, ਜਿਸ ਨਾਲ ਅੱਗ ਲੱਗਣ ਦਾ ਖ਼ਦਸ਼ਾ ਹੋਵੇ, ਉਕਤ ਨੰਬਰਾਂ ਉੱਤੇ ਦੇ ਸਕਦਾ ਹੈ ।ਉਹਨਾਂ ਨੇ ਦੱਸਿਆ ਕਿ ਇਸ ਲਈ ਨੰਬਰ 9646106835, 9646106836 ਫੋਨ ਨੰਬਰ ਉੱਤੇ ਸੰਪਰਕ ਕੀਤਾ ਜਾ ਸਕਦਾ ਹੈ। ਇਸ ਤੋਂ ਇਲਾਵਾ ਇਹਨਾਂ ਵਟਸਐਪ ਨੰਬਰ ਉੱਤੇ ਤਾਰਾਂ ਦੀ ਤਸਵੀਰਾਂ ਵੀ ਅਪਲੋਡ ਕੀਤੀਆਂ ਜਾ ਸਕਦੀਆਂ ਹਨ। ਕੈਬਨਿਟ ਮੰਤਰੀ ਨੇ ਪ੍ਰੈਸ ਕਾਨਫਰੰਸ ਵਿੱਚ ਕਿਸਾਨਾਂ ਨੂੰ ਸੱਦਾ ਦਿੰਦੇ ਕਿਹਾ ਕਿ ਕਣਕ ਦੀ ਫਸਲ ਉੱਤੇ ਆਪਾਂ ਬਹੁਤ ਮਿਹਨਤ ਕੀਤੀ ਹੈ, ਪੈਸਾ ਵੀ ਖਰਚ ਕੀਤਾ ਹੈ , ਸਮਾਂ ਵੀ ਲੱਗਾ ਹੈ , ਇਸ ਲਈ ਨਿੱਕੀ ਜਿਹੀ ਗਲਤੀ ਨਾਲ ਕੋਈ ਨੁਕਸਾਨ ਨਾ ਹੋਵੇ, ਲਈ ਜ਼ਰੂਰੀ ਹੈ ਕਿ ਆਪਣੇ ਖੇਤਾਂ ਵਿੱਚ ਲੱਗੇ ਟਰਾਂਸਫਾਰਮ ਦੇ ਨੇੜਿਓਂ ਕਣਕ ਦੀ ਕਟਾਈ ਕਰਕੇ ਉਸ ਸਥਾਨ ਨੂੰ ਜਾਂ ਤਾਂ ਗਿੱਲਾ ਰੱਖਿਆ ਜਾਵੇ ਜਾਂ ਵਾਹ ਦਿੱਤਾ ਜਾਵੇ ਤਾਂ ਜੋ ਟ੍ਰਾਂਸਫਰ ਤੋਂ ਹੋਣ ਵਾਲੀ ਸਪਾਰਕਿੰਗ ਦਾ ਕਣਕ ਨੂੰ ਨੁਕਸਾਨ ਨਾ ਹੋਵੇ । ਉਹਨਾਂ ਕਿਹਾ ਕਿ ਇਸ ਤੋਂ ਇਲਾਵਾ ਫੋਨ ਨੰਬਰ 19 12 ਉੱਤੇ ਵੀ ਸ਼ਿਕਾਇਤ ਦਰਜ ਕਰਵਾਈ ਜਾ ਸਕਦੀ ਹੈ ਅਤੇ ਕਿਸਾਨ ਵੀਰ ਆਪਣੇ ਨੇੜੇ ਪੈਂਦੇ ਬਿਜਲੀ ਘਰ ਵਿੱਚ ਵੀ ਸ਼ਿਕਾਇਤ ਰਜਿਸਟਰ ਉੱਤੇ ਇਸ ਸਬੰਧੀ ਕੋਈ ਵੀ ਸ਼ਿਕਾਇਤ ਦਰਜ ਕਰਵਾ ਸਕਦੇ ਹਨ, ਅਸੀਂ ਉਸ ਦਾ ਹੱਲ ਕਰਾਂਗੇ। ਉਹਨਾਂ ਕਿਸਾਨਾਂ ਨੂੰ ਇਹ ਵੀ ਅਪੀਲ ਕੀਤੀ ਕਿ ਉਹ ਬਿਜਲੀ ਲਾਈਨਾਂ ਦੀ ਸਪਲਾਈ ਕੱਟ ਕੇ ਆਪ ਬਿਜਲੀ ਦੀ ਮੁਰੰਮਤ ਨਾ ਕਰਨ ਅਤੇ ਨਾ ਹੀ ਟਰੈਕਟਰਾਂ ਜਾਂ ਕੰਬਾਈਨਾਂ ਉੱਪਰ ਬੈਠ ਕੇ ਤਾਰਾਂ ਨੂੰ ਡੰਡਿਆਂ ਜਾਂ ਹੋਰ ਸਾਧਨਾਂ ਰਾਹੀਂ ਉੱਪਰ ਚੁੱਕਣ ਦੀ ਕੋਸ਼ਿਸ਼ ਕਰਨ, ਕਿਉਂਕਿ ਇਸ ਨਾਲ ਵੱਡਾ ਨੁਕਸਾਨ ਹੋਣ ਦਾ ਖ਼ਤਰਾ ਬਣਿਆ ਰਹਿੰਦਾ ਹੈ। ਅੱਜ ਸ ਹਰਭਜਨ ਸਿੰਘ ਈਟੀਓ ਨੇ ਵਿਸਾਖੀ ਦੇ ਪਵਿੱਤਰ ਦਿਹਾੜੇ ਮੌਕੇ ਜੰਡਿਆਲਾ ਗੁਰੂ ਸਥਿਤ ਬਾਬਾ ਹੰਦਾਲ ਵਿਖੇ ਮੱਥਾ ਟੇਕਿਆ ਅਤੇ ਸਮੂਹ ਪੰਜਾਬੀਆਂ ਦੀ ਭਲੇ ਦੀ ਅਰਦਾਸ ਵੀ ਕੀਤੀ।

# ਸਤਨਾਮ ਸਿੰਘ ਗੰਭੀਰ ਨੇ ਸਾਬਕਾ ਮੰਤਰੀ ਮਨਜੀਤ ਸਿੰਘ ਕਲਕੱਤਾ ਦੀ ਧੀ ਅਤੇ ਜਵਾਈ ਨੂੰ ਜਮਸ਼ੇਦਪੁਰ ਵਿੱਚ ਕੀਤਾ ਗਿਆ ਸਨਮਾਨਿਤ



**ਨਵੀਂ ਦਿੱਲੀ 13 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**:- ਪੰਜਾਬ ਸਰਕਾਰ ਵਿੱਚ ਸਿੱਖਿਆ ਮੰਤਰੀ ਰਹੇ ਮਨਜੀਤ ਸਿੰਘ ਕਲਕੱਤਾ ਦੀ ਧੀ ਸਰਬਪ੍ਰੀਤ ਕੌਰ ਅਤੇ ਉਨ੍ਹਾਂ ਦੇ ਜਵਾਈ, ਜਗਜੀਤ ਸਿੰਘ, ਜੋ ਕਿ ਕਲਕੱਤਾ ਦੇ ਇੱਕ ਹੋਟਲ ਮਾਲਕ ਅਤੇ 1980 ਤੋਂ 1995 ਤੱਕ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ (ਪੂਰਬੀ ਭਾਰਤ) ਦੇ ਪ੍ਰਧਾਨ ਸਨ, ਵਿਸਾਖੀ ਦੇ ਮੌਕੇ 'ਤੇ ਜਮਸ਼ੇਦਪੁਰ ਪਹੁੰਚੇ। ਸਭ ਤੋਂ ਪਹਿਲਾਂ, ਉਹ ਸਾਕਚੀ ਗੁਰਦੁਆਰਾ ਸਾਹਿਬ ਗਏ ਅਤੇ ਗੁਰੂ ਗ੍ਰੰਥ ਸਾਹਿਬ ਅੱਗੇ ਮੱਥਾ ਟੇਕਿਆ। ਇਸ ਦੌਰਾਨ ਬੀਬੀ ਸਰਬਪ੍ਰੀਤ ਕੌਰ ਅਤੇ ਜਗਜੀਤ ਸਿੰਘ ਨੇ ਜਮਸ਼ੇਦਪੁਰ ਦੀ ਸੰਗਤ ਨੂੰ ਖਾਲਸਾ ਸਿਰਜਣਾ ਦਿਵਸ ਦੀ ਵਧਾਈ ਦਿੱਤੀ। ਇਸ ਤੋਂ ਬਾਅਦ ਜਦੋਂ ਉਹ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਪੂਰਬੀ ਭਾਰਤ ਦੇ ਪ੍ਰਧਾਨ ਸਤਨਾਮ ਸਿੰਘ ਗੰਭੀਰ ਦੇ ਦਫ਼ਤਰ ਪਹੁੰਚੇ ਜਿੱਥੇ ਸਤਨਾਮ ਸਿੰਘ ਗੰਭੀਰ ਨੇ ਉਨ੍ਹਾਂ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਿਤ ਕੀਤਾ। ਸਤਨਾਮ ਸਿੰਘ ਗੰਭੀਰ ਨੇ ਕਿਹਾ ਕਿ ਸਾਬਕਾ ਮੰਤਰੀ ਮਨਜੀਤ ਸਿੰਘ ਕਲਕੱਤਾ ਸਿੱਖ ਇਤਿਹਾਸ ਅਤੇ ਪਰੰਪਰਾ ਬਾਰੇ ਆਪਣੇ ਗਿਆਨ ਕਾਰਨ ਬਹੁਤ ਸਤਿਕਾਰੇ ਜਾਂਦੇ ਸਨ, ਜਿਸ ਕਾਰਨ ਪ੍ਰਕਾਸ਼ ਸਿੰਘ ਬਾਦਲ ਵੀ ਗੁੰਝਲਦਾਰ ਧਾਰਮਿਕ ਮਾਮਲਿਆਂ 'ਤੇ ਉਨ੍ਹਾਂ ਨਾਲ ਸਲਾਹ-ਮਸ਼ਵਰਾ ਕਰਦੇ ਸਨ।

ਆਵਾਜ਼ਿ ਕੌਮ AWAZE QAUM International Newspaper & WEB TV


# ਚੇਅਰਮੈਨ ਰਾਜਵੰਤ ਸਿੰਘ ਘੁੱਲੀ, ਚੇਅਰਮੈਨ ਢਿੱਲੋਂ ਨੇ ਵਿਕਾਸ ਕਾਰਜ ਵਿਦਿਆਰਥੀਆਂ ਨੂੰ ਸਮਰਪਿਤ ਕੀਤੇ ਵਿਦਿਆਰਥੀਆਂ ਦੇ ਭਵਿੱਖ ਨੂੰ ਸੰਵਾਰਨ ਵਿੱਚ ਮਹੱਤਵਪੂਰਨ ਯੋਗਦਾਨ ਪਾਏਗੀ 'ਪੰਜਾਬ ਸਿੱਖਿਆ ਕ੍ਰਾਂਤੀ' ਮੁਹਿੰਮ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਉਦਯੋਗ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਅਤੇ ਮਾਰਕੀਟ ਕਮੇਟੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਨੇ ਅੱਜ ਸਰਕਾਰੀ ਹਾਈ ਸਕੂਲ ਬਰੜਵਾਲ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਭਲਵਾਨ ਅਤੇ ਸਰਕਾਰੀ ਪ੍ਰਾਇਮਰੀ ਸਕੂਲ ਭਲਵਾਨ ਵਿੱਚ ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਆਯੋਜਿਤ ਸਮਾਗਮਾਂ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਅਤੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਸਰਕਾਰੀ ਸਕੂਲਾਂ ਦੀ ਨੁਹਾਰ ਨੂੰ ਸੰਵਾਰਨ ਲਈ ਜੋ ਸਿੱਖਿਆ ਕ੍ਰਾਂਤੀ ਨਾਮ ਦੀ ਮੁਹਿੰਮ ਚਲਾਈ ਹੈ ਉਸ ਨਾਲ ਵਿਦਿਆਰਥੀਆਂ ਦੇ ਮਾਪਿਆਂ ਵਿੱਚ ਭਾਰੀ ਉਤਸ਼ਾਹ ਹੈ। ਉਹਨਾਂ ਨੇ ਕਿਹਾ ਕਿ ਪਿਛਲੇ ਤਿੰਨ ਸਾਲਾਂ ਵਿੱਚ ਆਮ ਆਦਮੀ ਪਾਰਟੀ ਸਰਕਾਰ ਨੇ ਪੰਜਾਬ ਵਿੱਚ ਵਿਕਾਸ ਦੀ ਨਵੀਂ ਇਬਾਰਤ ਲਿਖੀ ਹੈ ਅਤੇ ਸਕੂਲ ਸਿੱਖਿਆ ਦੇ ਖੇਤਰ ਵਿੱਚ ਵੀ ਵੱਡੀਆਂ ਤੇ ਇਤਿਹਾਸਿਕ ਪ੍ਰਾਪਤੀਆਂ ਦਰਜ ਕੀਤੀਆਂ ਗਈਆਂ ਹਨ ਜਿਸ ਸਦਕਾ ਸਾਡੇ ਵਿਦਿਆਰਥੀਆਂ ਅਤੇ ਅਧਿਆਪਕਾਂ ਦਾ ਮਨੋਬਲ ਵਧਿਆ ਹੈ। ਉਨ੍ਹਾਂ ਕਿਹਾ ਕਿ ਸਿੱਖਿਆ ਕ੍ਰਾਂਤੀ ਤਹਿਤ ਵਿਧਾਨ ਸਭਾ ਹਲਕਾ ਧੂਰੀ ਅਧੀਨ ਆਉਂਦੇ ਸਾਰੇ ਪ੍ਰਾਇਮਰੀ, ਮਿਡਲ, ਹਾਈ ਅਤੇ ਸੀਨੀਅਰ ਸੈਕੰਡਰੀ ਸਕੂਲਾਂ ਦਾ ਕਾਇਆਕਲਪ ਕੀਤਾ ਜਾ ਰਿਹਾ ਹੈ ਅਤੇ ਯੋਜਨਾਬੱਧ ਢੰਗ ਨਾਲ ਵਿਦਿਆਰਥੀਆਂ ਅਤੇ ਅਧਿਆਪਕਾਂ ਦੀਆਂ ਜ਼ਰੂਰਤਾਂ ਨੂੰ ਪੂਰਾ ਕੀਤਾ ਜਾ ਰਿਹਾ ਹੈ। ਉਹਨਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਕੋਈ ਵੀ ਸਕੂਲ ਅਤਿ ਆਧੁਨਿਕ ਸੁਵਿਧਾਵਾਂ ਤੋਂ ਵਾਂਝਾ ਨਹੀਂ ਰਹੇਗਾ। ਅੱਜ ਬਰੜਵਾਲ ਸਕੂਲ ਵਿਖੇ 20.75 ਲੱਖ ਰੁਪਏ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਭਲਵਾਨ ਵਿੱਚ 13.40 ਲੱਖ ਰੁਪਏ ਅਤੇ ਪ੍ਰਾਇਮਰੀ ਸਕੂਲ ਭਲਵਾਨ ਵਿੱਚ 47.91 ਲੱਖ ਰੁਪਏ ਦੀ ਲਾਗਤ ਵਾਲੇ ਵਿਕਾਸ ਕੰਮਾਂ ਦੇ ਉਦਘਾਟਨ ਕੀਤੇ ਗਏ।

ਆਵਾਜ਼ਿ ਕੌਮ AWAZE QAUM International Newspaper & WEB TV

## ਰੋਈ ਰੂਹ ਸਮੁੰਦਰੀ ਦੀ !



'ਦੋ ਦਸੰਬਰ' ਦੇ ਹੋਏ ਜੋ 'ਹੁਕਮਨਾਮੇ'
ਮੱਥਾ ਲਾ ਕੇ ਬਣ ਗਏ 'ਹੈਵਾਨ' ਯਾਰੋ।
ਤਿੰਨ ਤਖਤਾਂ 'ਤੇ ਚਾੜ੍ਹ ਕੇ 'ਹੁਕਮ' ਜਿਨ੍ਹਾਂ
ਜਥੇਦਾਰ ਹੀ ਕਰ'ਤੇ 'ਕੁਰਬਾਨ' ਯਾਰੋ।
ਧਨ-ਧੌਂਸ ਦੇ ਕਾਰੇ ਕਰ 'ਕਪਟ' ਵਾਲ਼ੇ
ਚਾਹੁੰਦੇ ਪੰਥ ਵਿਚ ਹੋਣਾ 'ਪ੍ਰਵਾਨ' ਯਾਰੋ।
ਦਿਸਦਾ ਜਰਾ ਵੀ ਨਹੀਂ 'ਹੰਕਾਰਿਆਂ' ਨੂੰ
ਕੀਤਾ ਵਿਰਸੇ ਦਾ ਕਿੰਨਾਂ ਨੁਕਸਾਨ ਯਾਰੋ।
ਕਾਹਲ਼ੀ ਭਰਤੀ ਤੇ 'ਕਾਗ.ਜ਼ੀ' ਕਾਰਵਾਈ
ਚਮਚੇ ਕੜਛਿਆਂ ਕਰਤਾ ਐਲਾਨ ਯਾਰੋ।
ਰੂਹ 'ਕੁਰਲਾ' ਰਹੀ ਹੋਊ 'ਸਮੁੰਦਰੀ' ਦੀ
ਬਣਿਆਂ ਦੇਖ ਕੇ ਆਕੀ 'ਭਰਦਾਨ' ਯਾਰੋ!

ਆਵਾਜ਼ਿ ਕੌਮ AWAZE QAUM International Newspaper & WEB TV

-ਤਰਲੋਚਨ ਸਿੰਘ ਦੁਪਾਲ ਪੁਰ
78146-92724

### ਗੁਰਦੁਆਰਾ ਬਾਬਾ ਹੰਦਾਲ ਜੀ ਤੋਂ

# ਵਿਸਾਖੀ ਦੇ ਪਵਿੱਤਰ ਦਿਹਾੜੇ ਨੂੰ ਸਮਰਪਿਤ ਵਿਸ਼ਾਲ ਨਗਰ ਕੀਰਤਨ ਸਜਾਇਆ





ਜੰਡਿਆਲਾ ਗੁਰੂ 13 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ ) ਸਾਹਿਬੇ- ਏ -ਕਮਾਲ ਦਸਮੇਸ਼ ਪਿਤਾ ਸਰਬੰਸਦਾਨੀ ਸਾਹਿਬ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਵੱਲੋਂ 1699 ਦੀ ਵਿਸਾਖੀ ਨੂੰ ਪੰਜਾਂ ਪਿਆਰਿਆਂ ਦੀ ਸਾਜਨਾ ਕਰਕੇ ਖਾਲਸਾ ਪੰਥ ਦੀ ਸਿਰਜਣਾ ਕੀਤੀ ਜਿਸ ਦੇ ਚੱਲਦਿਆਂ ਬੀਤੇ ਦਿਨ ਗੁਰਦੁਆਰਾ ਤਪ ਅਸਥਾਨ ਬਾਬਾ ਹੰਦਾਲ ਜੀ ਤੋਂ ਮੁੱਖ ਸੇਵਾਦਾਰ ਬਾਬਾ ਪਰਮਾਨੰਦ ਜੀ ਦੀ ਰਹਿਨੁਮਾਈ ਹੇਠ ਸਮੂਹ ਸ਼ਹਿਰ ਵਾਸੀ ਤੇ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ ਖ਼ਾਲਸੇ ਪੰਥ ਦੇ ਸਾਜਨਾ ਦਿਵਸ ਨੂੰ ਸਮਰਪਿਤ ਫੁਲਾਂ ਨਾਲ ਸੱਜੀ ਪਾਲਕੀ ਸਾਹਿਬ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਛਤਰ ਛਾਇਆ ਹੇਠ ਸੁਸ਼ੋਭਿਤ ਕਰਕੇ ਅਤੇ ਪੰਜਾਂ ਪਿਆਰਿਆਂ ਦੀ ਅਗਵਾਈ ਵਿੱਚ ਬੋਲੇ ਸੋ ਨਿਹਾਲ ਸਤਿ ਸ੍ਰੀ ਆਕਾਲ ਦੇ ਜੈਕਾਰਿਆਂ ਦੀ ਗੂੰਜ ਨਾਲ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ ਨਗਰ ਕੀਰਤਨ ਵਿੱਚ ਸੰਗਤਾਂ ਵਲੋ ਆਪਣੀ ਹਾਜ਼ਰੀ ਲਗਾਉਂਦਿਆਂ ਹੋਇਆਂ ਧੁਰ ਕੀ ਬਾਣੀ ਇਲਾਹੀ ਬਾਣੀ ਜੀ ਦੇ ਸ਼ਬਦ ਕੀਰਤਨ ਗਾਇਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਅਤੇ ਗੁਰੂ ਸਾਹਿਬ ਜੀ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ ।ਨਗਰ ਕੀਰਤਨ ਵਿੱਚ ਗਤਕਾ ਅਖਾੜਿਆਂ ਦੇ ਸਿੰਘਾਂ ਵਲੋ ਸ਼ਾਨਦਾਰ ਜ਼ੋਸ਼ੀਲੇ ਢੰਗ ਨਾਲ ਗਤਕੇ ਦੇ ਜੌਹਰ ਦਿਖਾਏ ਗਏ ।ਨਗਰ ਕੀਰਤਨ ਵਿੱਚ ਸ਼ਾਮਿਲ ਜਿਆਦਾਤਰ ਸੰਗਤਾਂ ਨੇ ਕੇਸਰੀ ਦੁੱਪਟੇ, ਪੱਗਾਂ ਦੁਮਾਲੇ ਆਦਿ ਸਜ਼ਾਏ ਹੋਏ ਸਨ ।ਸ਼ਹਿਰ ਵਾਸੀਆਂ ਵਲੋ ਵੱਖ ਵੱਖ ਪੜਾਵਾਂ ਤੇ ਨਗਰ ਕੀਰਤਨ ਦਾ ਸਵਾਗਤ ਕੀਤਾ ਗਿਆ ।ਨਗਰ ਕੀਰਤਨ ਸ਼ਹਿਰ ਦੇ ਵੱਖ ਵੱਖ ਬਾਜਾਰਾਂ ਵਿੱਚੋ ਹੁੰਦਾ ਹੋਇਆ ਗੁਰਦੁਆਰਾ ਸਿੰਘ ਸਭਾ ਬਾਜ਼ਾਰ ਕਸ਼ਮੀਰੀਆਂ ਵਿਖੇ ਪਹੁੰਚਿਆ ।ਜਿਥੇ ਗੁਰਦੁਆਰਾ ਸਾਹਿਬ ਜੀ ਦੇ ਹੈਡ ਗ੍ਰੰਥੀ ਭਾਈ ਹੀਰਾ ਸਿੰਘ ਸ਼ਿਮਲੇ ਵਾਲਿਆਂ ਵੱਲੋਂ ਪੰਜਾਂ ਪਿਆਰਿਆਂ ਨੂੰ ਵੀ ਸਿਰਪਾਓ ਪਾਕੇ ਸਤਿਕਾਰ ਕੀਤਾ ਅਤੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਰੁਮਾਲਾ ਸਾਹਿਬ ਭੇਟ ਕੀਤਾ ਗਿਆ।ਅਤੇ ਬਾਬਾ ਪਰਮਾਨੰਦ ਜੀ ਨੂੰ ਸਨਮਾਨਿਤ ਕੀਤਾ ਗਿਆ 9 ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਬਾਬਾ ਪਰਮਾਨੰਦ ਮੁੱਖ ਸੇਵਾਦਾਰ ਤੇ ਬਾਬਾ ਹੀਰਾ ਸਿੰਘ ਸ਼ਿਮਲੇ ਵਾਲਿਆਂ ਨੇ ਸਮੂਹ ਦੇਸ਼ਾਂ ਵਿਦੇਸ਼ਾਂ ਵਿਚ ਵਸਦੀਆਂ ਸੰਗਤ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਸਾਨੂੰ ਸਾਰਿਆਂ ਨੂੰ ਸਰਬੰਸਦਾਨੀ ਦਸਮ ਪਿਤਾ ਵਲੋ ਸਾਜੇ ਖਾਲਸਾ ਪੰਥ ਦਾ ਹਿੱਸਾ ਬਣਨਾ ਚਾਹੀਦਾ ਹੈ । ਇਸ ਮੌਕੇ ਗੁਰਦੁਆਰਾ ਸਾਹਿਬ ਦੇ ਹੈੱਡ ਗ੍ਰੰਥੀ ਭਾਈ ਹਰੀ ਸਿੰਘ ਸ਼ਿਮਲਾ ਵਾਲੇ ਤੋਂ ਇਲਾਵਾ, ਪ੍ਰਭਜੋਤ ਸਿੰਘ ਮੁੱਖ ਸੇਵਾਦਾਰ, ਰਣਧੀਰ ਸਿੰਘ ਮਲਹੋਤਰਾ ਮੀਤ ਪ੍ਰਧਾਨ ਨਗਰ ਕੌਂਸਲ, ਪਰਮਜੀਤ ਸਿੰਘ ਹੈਰੀ ਜਨਰਲ ਸਕੱਤਰ, ਵਰਿੰਦਰ ਸਿੰਘ ਮਲਹੋਤਰਾ ਪ੍ਰਧਾਨ ਜੰਡਿਆਲਾ ਪ੍ਰੈਸ ਕਲੱਬ, ਸੋਹੰਗ ਸਿੰਘ ਮੁੱਖ ਸਲਾਹਕਾਰ , ਐਡਵੋਕੇਟ ਅਮਨਦੀਪ ਸਿੰਘ ਮਲਹੋਤਰਾ, ਚਰਨਜੀਤ ਸਿੰਘ ਤਾਂਬੇ ਵਾਲੇ, ਅਮਰੀਕ ਸਿੰਘ, ਹਰਿੰਦਰਪਾਲ ਸਿੰਘ ਆਦਿ ਹਾਜਰ ਸਨ ।

**ਦਸਮੇਸ਼ ਪਿਤਾ ਵੱਲੋਂ ਸਾਜੇ ਖਾਲਸਾ ਪੰਥ ਦਾ ਸਾਨੂੰ ਸਭ ਨੂੰ ਹਿੱਸਾ ਬਣਨਾ ਚਾਹੀਦਾ ਹੈ ਬਾਬਾ ਪਰਮਾਨੰਦ ਜੀ ਭਾਈ ਹੀਰਾ ਸਿੰਘ ਸ਼ਿਮਲੇ ਵਾਲੇ**

### ਭਾਈ ਮਨਜਿੰਦਰ ਸਿੰਘ ਐਸਐਫਜੇ ਕਾਰਕੁਨ ਉਪਰ ਦਾਗੀ ਅਨਸਰਾਂ ਵਲੋਂ ਹਮਲਾ

# ਗੰਭੀਰ ਰੂਪ ਵਿਚ ਜਖਮੀ ਹਾਲਤ ਅੰਦਰ ਹਸਪਤਾਲ ਦਾਖਿਲ

ਨਵੀਂ ਦਿੱਲੀ 13 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):- ਕੈਨੇਡਾ ਦੇ ਗੁਰੂ ਨਾਨਕ ਸਿੱਖ ਗੁਰਦੁਆਰਾ ਸਰੀ ਡੇਲਟਾ ਵਿਖ਼ੇ ਭਾਈ ਨਿੱਝਰ ਟੀਮ ਅਤੇ ਸਿੱਖ ਫਾਰ ਜਸਟਿਸ ਦੇ ਮੂਹਰਲੀ ਕਤਾਰ ਦੇ ਉੱਘੇ ਕਾਰਕੁੰਨ ਭਾਈ ਮਨਜਿੰਦਰ ਸਿੰਘ ਦੀ ਗੁਰਦੁਆਰਾ ਸਾਹਿਬ ਦੇ ਅੰਦਰ ਦਸਤਾਰ ਅਤੇ ਕੇਸਾਂ ਦੀ ਬੇਅਦਬੀ ਕਰਣ ਦੇ ਨਾਲ ਉਨ੍ਹਾਂ ਉਪਰ ਹਮਲਾ ਕਰਕੇ ਗੰਭੀਰ ਜਖਮੀ ਕਰ ਦਿੱਤਾ ਗਿਆ ਜਿਸ ਕਰਕੇ ਇਲਾਕੇ ਦੀਆਂ ਸੰਗਤਾਂ ਅੰਦਰ ਭਾਰੀ ਰੋਸ ਦੀ ਲਹਿਰ ਫੈਲ ਗਈ ਹੈ । ਜਦੋ ਇਹ ਘਟਨਾ ਵਾਪਰੀ ਤਦ ਗੁਰਦੁਆਰਾ ਸਾਹਿਬ ਅੰਦਰ ਗੁਰੂ ਗ੍ਰੰਥ ਸਾਹਿਬ ਵਿਰਾਜਮਾਨ ਸਨ ਜਿਸ ਕਰਕੇ ਗੁਰੂਘਰ ਅੰਦਰ ਵਡੀ ਬੇਅਦਬੀ ਹੋਈ ਦਸੀ ਜਾ ਰਹੀ ਹੈ।ਜਿਕਰਯੋਗ ਹੈ ਕਿ ਗੁਰੁਘਰ ਦੇ ਕੁਝ ਮੈਂਬਰਾਂ ਕੋਲੋਂ ਸੰਗਤਾਂ ਵਲੋਂ ਵਾਰ ਵਾਰ ਹਿਸਾਬ ਮੰਗਿਆ ਜਾ ਰਿਹਾ ਸੀ ਤੇ ਓਹ ਟਾਲ ਮਟੋਲ ਕਰਦੇ ਰਹਿੰਦੇ ਸੀ ਤੇ ਬੀਤੀ ਰਾਤ ਮੈਨੇਜਰ ਹਰਜੀਤ ਸਿੰਘ ਵਲੋਂ ਸੱਦੀ ਗਈ ਮੀਟਿੰਗ ਨੂੰ ਗੁਰੂਘਰ ਦੇ ਕੁਝ ਪ੍ਰਬੰਧਕਾਂ ਵਲੋਂ ਅੱਗੇ ਕਰਣ ਲਈ ਕਹਿਣ ਦੇ ਬਾਵਜੂਦ ਮੀਟਿੰਗ ਰੱਖ ਲਈ ਗਈ ।ਇਸ ਮੌਕੇ ਗੁਰੂਘਰ ਹਾਜਿਰ ਸੰਗਤਾਂ ਦੇ ਇਕੱਠ ਵਿੱਚ ਜਦੋਂ ਭਾਈ ਮਨਜਿੰਦਰ ਸਿੰਘ ਆਪਣੀ ਗੱਲ ਪੇਸ਼ ਕਰਨ ਲਈ ਸਟੇਜ ਕੋਲ ਪੁੱਜੇ ਹੀ ਸਨ ਤਾਂ ਉਹਨਾਂ ਤੇ ਮਲਕੀਤ ਸਿੰਘ ਫੌਜੀ, ਮਨਰੂਪ ਸਿੰਘ ਧਨੋਆ, ਲਖਵੰਤ ਸਿੰਘ, ਕੁਲਵਿੰਦਰ ਸਿੰਘ ਸੰਧੂ ਤੇ ਸਪੀ ਮਾਨ ਆਦਿਕ ਬੰਦਿਆਂ ਨੇ ਇਕਦਮ ਹਮਲਾ ਕਰਕੇ ਉਨ੍ਹਾਂ ਦੀ ਦਸਤਾਰ ਉਤਾਰ ਦਿੱਤੀ ’ਤੇ ਸਿਰ ਵਿੱਚ ਬੇਅੰਤ ਵਾਰ ਕੀਤੇ, ਕੇਸਾਂ ਦੀ ਭਾਰੀ ਬੇਅਦਬੀ ਕੀਤੀ ਗਈ । ਸਿਰ ਵਿੱਚ ਗੰਭੀਰ ਸੱਟਾਂ ਲੱਗਣ ਕਰਕੇ ਭਾਈ ਮਨਜਿੰਦਰ ਸਿੰਘ ਸਰੀ ਹਸਪਤਾਲ ਐਮਰਜੈਂਸੀ ਵਿੱਚ ਜੇਰੇ ਇਲਾਜ਼ ਹਨ। ਮਿਲੀ ਜਾਣਕਾਰੀ ਮੁਤਾਬਿਕ ਜ਼ੇਕਰ ਮੌਕੇ ਤੇ ਭਾਈ ਅਜੈਪਾਲ ਸਿੰਘ, ਭਾਈ ਜੈਗ ਸਿੰਘ ਅਤੇ ਰਾਜਿੰਦਰ ਸਿੰਘ ਆਦਿਕ ਸਿੰਘ ਸਮੇਂ ਸਿਰ ਓਥੇ ਨਾਂ ਪਹੁੰਚਦੇ ਤਾਂ ਹੋ ਸਕਦਾ ਸੀ ਇਹ ਲੋਕ ਮਨਜਿੰਦਰ ਸਿੰਘ ਨੂੰ ਵੀ ਭਾਈ ਨਿੱਝਰ ਵਾਂਗ ਸ਼ਹੀਦ ਕਰ ਦੇਂਦੇ ।ਭਾਈ ਮਨਜਿੰਦਰ ਸਿੰਘ ਭਾਰਤੀ ਐਂਬੇਸੀ ਮੂਹਰੇ ਕੀਤੇ ਜਾਂਦੇ ਮੁਜਾਹਰਿਆ ਅੰਦਰ ਮੂਹਰਲੀ ਕਤਾਰ ਵਿਚ ਵਿਰੋਧ ਕਰਦੇ ਹੁੰਦੇ ਹਨ ਜਿਸ ਕਰਕੇ ਓਹ ਸਰਕਾਰੀ ਨਜਰਾਂ ਅੰਦਰ ਰੜਕਦੇ ਰਹਿੰਦੇ ਹਨ । ਇਥੇ ਦਸਣਯੋਗ ਹੈ ਕਿ ਮਲਕੀਤ ਸਿੰਘ ਫੌਜੀ ਨੂੰ ਕੈਨੇਡਾ ਸਰਕਾਰ ਵਲੋਂ ਡਿਪੋਰਟ ਕਰਣ ਦੀ ਗੱਲ ਸਾਹਮਣੇ ਆ ਰਹੀ ਹੈ ਤੇ ਉਨ੍ਹਾਂ ਦਾ ਕਿਰਦਾਰ ਵੀਂ ਸ਼ਕੀ ਦਸਿਆ ਜਾ ਰਿਹਾ ਹੈ ।ਪਹਿਲਾਂ ਵੀ ਬਹੁਤ ਵਾਰੀ ਇਹਨਾਂ ਬੰਦਿਆਂ ਨੇ ਇਸ ਤਰ੍ਹਾਂ ਦੀਆਂ ਕਰਤੂਤਾਂ ਕਰਕੇ ਸੰਗਤਾਂ ਨੂੰ ਭੈਅ ਭੀਤ ਕੀਤਾ ਅਤੇ ਸਿੱਧੇ ਰੂਪ ਵਿੱਚ ਖਾਲਿਸਤਾਨ ਸੰਘਰਸ਼ ਨੂੰ ਬੰਦ ਕਰਨ ਲਈ ਬੇਅੰਤ ਕੋਸ਼ਿਸ਼ਾਂ ਕੀਤੀਆਂ ਹਨ ਪਰ ਕਾਮਯਾਬ ਨਹੀਂ ਹੋ ਸਕੇ ਜਿਸ ਕਰਕੇ ਹੁਣ ਇਹ ਹੋਛੀਆਂ ਹਰਕਤਾਂ ਤੇ ਉਤਰ ਗਏ ਹਨ । ਸਿੱਖ ਸੰਗਤਾਂ ਨੂੰ ਸੁਚੇਤ ਹੋਕੇ ਅਜਿਹੇ ਸਮਾਜ ਵਿਰੋਧੀ ਅਨਸਰਾਂ ਨੂੰ ਇਕੱਠੇ ਹੋ ਕਰਕੇ ਨੱਥ ਪਾਉਣੀ ਚਾਹੀਦੀ ਹੈ। ਮਾਮਲੇ ਦੀ ਰਿਪੋਰਟ ਕੈਨੇਡੀਅਨ ਪੁਲਿਸ ਕੋਲ ਪਹੁੰਚ ਗਈ ਹੈ ਤੇ ਉਨ੍ਹਾਂ ਵਲੋਂ ਭਾਈ ਮਨਜਿੰਦਰ ਸਿੰਘ ਕੋਲੋਂ ਬਿਆਨ ਲੈਣ ਉਪਰੰਤ ਅਗਲੀ ਕਾਰਵਾਈ ਕੀਤੀ ਜਾਏਗੀ। ਇਸ ਦੌਰਾਨ ਮਲਕੀਤ ਸਿੰਘ ਫੌਜੀ ਜੋ ਕਿ ਮੁੱਖ ਦੋਸ਼ੀ ਮੰਨੇ ਜਾ ਰਹੇ ਹਨ ਪੁਲਿਸ ਕੋਲੋਂ ਛੁਪਦਿਆਂ ਅਣਦਸੀ ਥਾਂ ਤੇ ਚਲੇ ਗਏ ਹਨ ।ਇਸ ਦੌਰਾਨ ਗੁਰੂਘਰ ਦੇ ਪ੍ਰਬੰਧਕ ਭਾਈ ਗੁਰਮੀਤ ਸਿੰਘ ਤੂਰ, ਭਾਈ ਨਰਿੰਦਰ ਸਿੰਘ ਖਾਲਸਾ ਦੇ ਨਾਲ ਭਾਈ ਜਗਜੀਤ ਸਿੰਘ, ਭਾਈ ਅਵਤਾਰ ਸਿੰਘ ਖੈਰਾ, ਭਾਈ ਪਵਨਦੀਪ ਸਿੰਘ ਜੋ ਕਿ ਭਾਈ ਮਨਜਿੰਦਰ ਸਿੰਘ ਦਾ ਪਤਾ ਲੈਣ ਅਸਪਤਾਲ ਪਹੁੰਚੇ ਹੋਏ ਹਨ, ਨੇ ਘਟਨਾ ਦੇ ਦੁੱਖ ਪ੍ਰਗਟ ਕਰਦਿਆਂ ਮਾਮਲੇ ਉਪਰ ਕਾਰਵਾਈ ਦੀ ਮੰਗ ਕੀਤੀ ਹੈ।




**ਕੈਨੇਡਾ ਦੇ ਗੁਰੂ ਨਾਨਕ ਸਿੱਖ ਗੁਰਦੁਆਰਾ ਸਰੀ ਡੇਲਟਾ ਵਿਖ਼ੇ ਹੋਈ ਭਾਰੀ ਬੇਅਦਬੀ**

# ਗੁਰਦੁਆਰਾ ਸਿੰਘਾਂ ਸ਼ਹੀਦਾਂ ਡੇਰਾ ਸੰਤ ਬਾਬਾ ਜਰਨੈਲ ਸਿੰਘ ਮੈਨੀਆਂ ਵਿਖੇ ਖਾਲਸੇ ਸਾਜਨਾ ਦਿਵਸ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਇਆ ਗਿਆ ਬਾਬਾ ਸੁਖਵਿੰਦਰ ਸਿੰਘ



**ਜੰਡਿਆਲਾ ਗੁਰੂ, 13 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ )**-ਖ਼ਾਲਸੇ ਦਾ ਸਾਜਨਾ ਦਿਵਸ ਦੇਸ਼ਾਂ ਵਿਦੇਸ਼ਾਂ ਦੀਆਂ ਸੰਗਤਾਂ ਵੱਲੋਂ ਸ਼ਰਧਾ ਭਾਵਨਾਵਾਂ ਤੇ ਉਤਸ਼ਾਹ ਨਾਲ ਮਨਾਇਆ ਗਿਆ, ਅੱਜ ਹਰਿਮੰਦਰ ਸਾਹਿਬ ਅੰਮ੍ਰਿਤਸਰ ਤੇ ਖ਼ਾਲਸੇ ਦੀ ਜਨਮ ਭੂਮੀ ਸਾਬੋਂ ਕੀ ਤਲਵੰਡੀ ਬਠਿੰਡਾ ਵਿਖੇ ਪਰਸੋਂ ਦੇ ਆਰੰਭ ਸ੍ਰੀ ਅਖੰਡ ਪਾਠਾਂ ਦੇ ਭੋਗ ਤੋਂ ਉਪਰੰਤ ਧਾਰਮਿਕ ਦੀਵਾਨ ਸਜਾਏ ਗਏ ਅਤੇ ਸੰਗਤਾਂ ਨੂੰ ਗੁਰਬਾਣੀ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਨਾਲ ਨਾਲ ਖ਼ਾਲਸੇ ਦੇ ਸਾਜਨਾ ਦਿਵਸ ਸਬੰਧੀ ਵਿਸਥਾਰ ਨਾਲ ਚਾਨਣਾ ਪਾਇਆ ਅਤੇ ਇਸੇ ਮੁਤਾਬਕ ਗੁਰਦੁਆਰਾ ਸਿੰਘਾਂ ਸ਼ਹੀਦਾਂ ਡੇਰਾ ਸੰਤ ਬਾਬਾ ਜਰਨੈਲ ਸਿੰਘ ਮੈਨੀਆ ਤਹਿਸੀਲ ਪੁਵਾਇਆ ਜ਼ਿਲ੍ਹਾ ਸ਼ਾਹਜਹਾਨਪੁਰ ਯੂਪੀ ਵਿਖੇ ਪੰਜਾਬ ਤੋਂ ਵਿਸ਼ੇਸ਼ ਤੌਰ ਤੇ ਪਹੁੰਚੇ ਸੰਤ ਸੁਖਵਿੰਦਰ ਸਿੰਘ ਜੀ ਅੱਲੋਵਾਲ ਤੇ ਉਹਨਾਂ ਦੇ ਜਥੇ ਸਮੇਤ ਸਥਾਨਕ ਸੰਗਤਾਂ ਦੀ ਦੇਖ ਰੇਖ ਅਤੇ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਰਹਿਨੁਮਾਈ ਹੇਠ ਇੱਕ ਵੱਡਾ ਗੁਰਮਤਿ ਸਮਾਗਮ ਕਰਵਾਇਆ ਗਿਆ ,ਅਖੰਡ ਪਾਠਾਂ ਦੇ ਭੋਗ ਪਾਏ ਗਏ, ਧਾਰਮਿਕ ਦੀਵਾਨ ਸਜਾ ਕੇ ਲੋਕਾਂ ਨੂੰ ਗੁਰਬਾਣੀ ਤੇ ਵਿਸਾਖੀ ਦਿਹਾੜੇ ਦੇ ਮਹਾਤਮ ਸਬੰਧੀ ਵਿਸਥਾਰ ਜਾਣਕਾਰੀ ਦਿੱਤੀ ਗਈ, ਧਾਰਮਿਕ ਬੁਲਾਰਿਆਂ ਤੇ ਹੋਰਾਂ ਦਾ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਨਮਾਨ ਕੀਤਾ ਗਿਆ ਅਤੇ ਗੁਰੂ ਕੇ ਲੰਗਰ ਅਟੁੱਟ ਵਰਤਾਏ ਗਏ, ਇਸ ਸਬੰਧੀ ਪ੍ਰੈਸ ਨੂੰ ਮੁਕੰਮਲ ਜਾਣਕਾਰੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਪੰਜਾਬ ਤੋਂ ਪਹੁਚੇ ਸੰਤ ਸੁਖਵਿੰਦਰ ਸਿੰਘ ਜੀ ਨਾਲ ਗੱਲਬਾਤ ਕਰਨ ਤੋਂ ਉਪਰੰਤ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਦਿੱਤੀ ,ਉਹਨਾਂ ਭਾਈ ਖਾਲਸਾ ਨੇ ਦੱਸਿਆ ਖਾਲਸੇ ਦੇ ਸਾਜਨਾ ਦਿਵਸ ਸਬੰਧੀ ਪਰਸੋਂ ਦੇ ਰੋਜ਼ ਤੋਂ ਗੁਰਦੁਆਰਾ ਸਾਹਿਬ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਚਾਰ ਅਖੰਡ ਪਾਠ ਸਾਹਿਬ ਆਰੰਭ ਸਨ, ਖਾਲਸਾ ਨੇ ਦੱਸਿਆ ਅੱਜ ਅਖੰਡ ਪਾਠ ਸਾਹਿਬ ਦੇ ਸੰਪੂਰਨ ਭੋਗ ਅਰਦਾਸ ਤੇ ਪਾਵਨ ਪਵਿੱਤਰ ਹੁਕਮ ਨਾਮੇ ਦੀ ਕਥਾ ਪੰਜਾਬ ਤੋਂ ਪਹੁੰਚੇ ਸੰਤ ਸੁਖਵਿੰਦਰ ਸਿੰਘ ਜੀ ਵੱਲੋਂ ਕੀਤੀ ਗਈ, ਭਾਈ ਖਾਲਸਾ ਨੇ ਦੱਸਿਆ ਹਜ਼ੂਰੀ ਰਾਗੀ ਜਥਾ ਭਾਈ ਪਰਮਜੀਤ ਸਿੰਘ , ਭਾਈ ਰਵਿੰਦਰ ਤੇ ਭਾਈ ਅਵਤਾਰ ਸਿੰਘ , ਭਾਈ ਗੁਰਪ੍ਰੀਤ ਸਿੰਘ ਤੇ ਜਥੇਦਾਰ ਦਵਿੰਦਰ ਸਿੰਘ ਆਦਿ ਜਥਿਆਂ ਵੱਲੋਂ ਇਲਾਹੀ ਸ਼ਬਦ ਗੁਰਬਾਣੀ ਨਾਲ ਜੋੜਿਆ, ਭਾਈ ਖਾਲਸਾ ਨੇ ਦੱਸਿਆ ਹਜ਼ਾਰਾਂ ਸੰਗਤਾਂ ਨੇ ਗੁਰਮਤਿ ਸਮਾਗਮ ਦੀਆਂ ਹਾਜ਼ਰੀਆਂ ਭਰੀਆਂ ਤੇ ਆਪਣਾ ਮਨੁੱਖੀ ਜੀਵਨ ਸਫ਼ਲ ਬਣਾਇਆਂ ਇਸ ਮੌਕੇ ਗੁਰੂ ਕੇ ਲੰਗਰ ਅਟੁੱਟ ਵਰਤਾਏ ਗਏ ਇਸ ਮੌਕੇ ਤੇ ਸਥਾਨਕ ਸੰਗਤਾਂ ਵੱਲੋਂ ਗੁਰਦੁਆਰਾ ਸਿੰਘਾਂ ਸ਼ਹੀਦਾਂ ਆਲੋਵਾਲ ਫਿਲੌਰ ਦੇ ਮੁੱਖੀ ਸੰਤ ਮਹਾਂਪੁਰਸ਼ ਬਾਬਾ ਸੁਖਵਿੰਦਰ ਸਿੰਘ ਜੀ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ , ਸੰਤ ਸੁਖਵਿੰਦਰ ਸਿੰਘ ਜੀ ਨੇ ਇਸ ਮੌਕੇ ਤੇ ਬੋਲਦਿਆਂ ਸਮੂਹ ਸੰਗਤਾਂ ਨੂੰ ਖਾਲਸੇ ਦੇ ਸਾਜਨਾ ਦਿਵਸ ਦੀ ਵਧਾਈ ਦਿੱਤੀ ਅਤੇ ਸਮੂਹ ਸੰਗਤਾਂ ਨੂੰ ਅੰਮ੍ਰਿਤ ਛਕ ਕੇ ਗੁਰੂ ਲੜ ਲੱਗਣ ਦੀ ਅਪੀਲ ਕੀਤੀ ਗਈ ਅਤੇ ਸਮੂਹ ਸੰਗਤਾਂ ਨੂੰ ਗੁਰੂ ਕੇ ਲੰਗਰ ਅਟੁੱਟ ਵਰਤਾਏ ਗਏ।

# ਨੀਲ ਕੰਠ ਕਾਵੜ ਸੰਘ ਧੂਰੀ ਵੱਲੋਂ ਦੂਸਰਾਂ ਖੂਨ ਦਾਨ ਕੈਂਪ ਲਗਾਇਆ



ਧੂਰੀ ( ਰਣਜੀਤ ਸਿੰਘ ਪੇਧਨੀ ) ਨੀਲ ਕੰਠ ਕਾਵੜ ਸੰਘ ਧੂਰੀ ਦੇ ਪ੍ਰਧਾਨ ਦੀਪਕ ਗਰਗ ਦੀ ਅਗਵਾਈ ਹੇਠ ਬਿਰਧ ਆਸ਼ਰਮ ਧੂਰੀ ਵਿਖੇ ਵਿਸਾਲ ਦੂਸਰਾਂ ਖੂਨਦਾਨ ਕੈਪ ਲਾਇਆ ਗਿਆ ।ਜਿਸ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਕੈਂਪਸ ਇੰਚਾਰਜ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਵਿਸ਼ੇਸ਼ ਤੌਰ ’ਤੇ ਸਾਮਿਲ ਹੋਏ।ਇਸ ਮੌਕੇ ਸਮਾਜ ਸੇਵੀ ਮੱਖਣ ਗਰਗ, ਮੁਕੇਸ ਕੁਮਾਰ, ਸਰਪੰਚ ਗੁਰਜੰਟ ਸਿੰਘ ਭੜੀਮਾਨਸਾ, ਪੰਕਜ ਧੀਰ ,ਰਨਮ ਜਿੰਦਲ ,ਦਵਿੰਦਰ ਗੁਪਤਾ ,ਬਲਜੀਤ ਸਿੰਘ ਸੰਗਰੂਰ ਪ੍ਰਧਾਨ ਇੰਡਸਟਰੀਜ਼ ਚੈਬਰ, ਅਮਨ ਗੋਇਲ ਵਾਈਸ ਪ੍ਰਧਾਨ ਸੰਗਰੂਰ ਇੰਡਸਟਰੀਜ਼ ਚੈਬਰ, ਸਰਬਜੀਤ ਸਿੰਘ ਹੁੰਝਣ ਸੈਕਟਰੀ ਸੰਗਰੂਰ ਇੰਡਸਟਰੀਜ਼ ਚੈਬਰ, ਸੋਮ ਨਾਥ ਵਰਮਾ ,ਗੌਰਵ ਪਟਿਆਲਾ ਸਵੀਟਸ, ਵਿਨੈ ਗੋਇਲ, ਮੋਹਿਤ ਗਰਗ, ਵਿਨੈ ਗਰਗ ਸਮਾਜ ਸੇਵੀ, ਸੋਨੂੰ, ਡਾਕਟਰ ਗੁਰਿੰਦਰ ਕੌਰ ਇੰਚਾਰਜ ਬਲੱਡ ਬੈਕ ਸਿਵਲ ਹਸਪਤਾਲ ਮਾਲੇਰਕੋਟਲਾ, ਦੀਪਿਕਾ ਸਿੰਗਲਾ, ਸਮਾਜ ਸੇਵੀ ਪ੍ਰਦੀਪ ਸਰਮਾ, ਭਿੰਦਾ ਵਿਰਕ, ਮਾਣਾ ਗਰੇਵਾਲ ਹਾਜ਼ਰ ਸਨ।ਅੰਤ ਵਿੱਚ ਉੱਘੇ ਸਮਾਜ ਸੇਵੀ ਕੁਲਦੀਪ ਸਿੰਘ ਬੁੱਟਰ ਨੇ ਖੂਨਦਾਨ ਕਰਨ ਅਤੇ ਸਰਕਾਰ ਦੇ ਨੁਮਾਇੰਦਿਆਂ ਦਾ ਧੰਨਵਾਦ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਅਕਾਲੀ ਦਲ ਵਾਰਿਸ ਪੰਜਾਬ ਵੱਲੋਂ

# ਤਖ਼ਤ ਸ੍ਰੀ ਦਮਦਮਾ ਸਾਹਿਬ ਕੀਤੀ ਪੰਥਕ ਕਾਨਫਰੰਸ




ਆਵਾਜ਼ਿ ਕੌਮ AWAZE QAUM International Newspaper & WEB TV

**ਤਲਵੰਡੀ ਸਾਬੋ, 13 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)-** ਅੱਜ ਵਿਸਾਖੀ ਦੇ ਪਵਿੱਤਰ ਦਿਹਾੜੇ ਅਤੇ ਖਾਲਸਾ ਪੰਥ ਦੇ ਸਾਜਨਾ ਦਿਵਸ ਨੂੰ ਸਮਰਪਿਤ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਇੱਕ ਵਿਸ਼ਾਲ ਪੰਥਕ ਕਾਨਫਰੰਸ ਦਾ ਆਯੋਜਨ ਕੀਤਾ ਗਿਆ। ਇਸ ਮਹੱਤਵਪੂਰਨ ਕਾਨਫਰੰਸ ਦੌਰਾਨ ਪੰਥਕ ਮਸਲਿਆਂ, ਸਿੱਖ ਕੌਮ ਦੀ ਭਵਿੱਖ ਨੀਤੀ ਅਤੇ ਪੰਜਾਬ ਦੀ ਮੌਜੂਦਾ ਸਥਿਤੀ ਉੱਤੇ ਗੰਭੀਰ ਵਿਚਾਰ-ਵਟਾਂਦਰਾ ਹੋਇਆ। ਇਸ ਪੰਥਕ ਕਾਨਫਰੰਸ ਵਿੱਚ ਅਕਾਲੀ ਦਲ (ਵਾਰਿਸ ਪੰਜਾਬ ਦੇ) ਦੀ ਸਮੁੱਚੀ ਸੀਨੀਅਰ ਲੀਡਰਸ਼ਿਪ ਜਿਸ ਵਿੱਚੋਂ ਮੈਂਬਰ ਪਾਰਲੀਮੈਂਟ ਅਤੇ ਪਾਰਟੀ ਦੇ ਮੁੱਖ ਸੇਵਾਦਾਰ ਭਾਈ ਅੰਮ੍ਰਿਤਪਾਲ ਸਿੰਘ ਦੇ ਪਿਤਾ ਬਾਪੂ ਤਰਸੇਮ ਸਿੰਘ ਜੀ, ਫਰੀਦਕੋਟ ਤੋਂ ਮੈਂਬਰ ਪਾਰਲੀਮੈਂਟ ਭਾਈ ਸਰਬਜੀਤ ਸਿੰਘ ਜੀ ਖ਼ਾਲਸਾ, ਭਾਈ ਅਮਰਜੀਤ ਸਿੰਘ ਜੀ ਵੰਨਚਿੜੀ, ਭਾਈ ਹਰਭਜਨ ਸਿੰਘ ਤੁੜ, ਭਾਈ ਸੁਰਜੀਤ ਸਿੰਘ, ਪਿਤਾ ਭਾਈ ਬਸੰਤ ਸਿੰਘ ਦੌਲਤਪੁਰ, ਸ਼ਹੀਦ ਭਾਈ ਸੰਦੀਪ ਸਿੰਘ ਸਿੱਧੂ ਦੇ ਭਰਾਤਾ ਭਾਈ ਮਨਦੀਪ ਸਿੰਘ ਸਿੱਧੂ, ਭਾਈ ਪਰਮਜੀਤ ਸਿੰਘ ਜੀ ਜੌਹਲ, ਐਡਵੋਕੇਟ ਹਰਪਾਲ ਸਿੰਘ ਜੀ ਖਾਰਾ, ਐਡਵੋਕੇਟ ਇਮਾਨ ਸਿੰਘ ਜੀ ਖਾਰਾ, ਭਾਈ ਹਰਪ੍ਰੀਤ ਸਿੰਘ ਸਮਾਧਭਾਈ, ਭਾਈ ਨਰਿੰਦਰ ਸਿੰਘ ਨਾਰਲੀ, ਭਾਈ ਚਰਨਦੀਪ ਸਿੰਘ ਭਿੰਡਰ, ਭਾਈ ਦਵਿੰਦਰ ਸਿੰਘ ਹਰੀਏਵਾਲ, ਭਾਈ ਸੰਦੀਪ ਸਿੰਘ ਰੁਪਾਲੋਂ, ਭਾਈ ਹਰਪ੍ਰੀਤ ਸਿੰਘ, ਭਾਈ ਕਾਬਲ ਸਿੰਘ, ਭਾਈ ਹਰਸਿਮਰਨ ਸਿੰਘ, ਭਾਈ ਸਰਬਜੀਤ ਸਿੰਘ ਸੋਹਲ, ਡਾਕਟਰ ਭਗਵਾਨ ਸਿੰਘ, ਭਾਈ ਬਲਜੀਤ ਸਿੰਘ ਖ਼ਾਲਸਾ, ਸ੍ਰ ਬਾਬੂ ਸਿੰਘ ਬਰਾੜ, ਚਾਚਾ ਸੁਖਚੈਨ ਸਿੰਘ, ਚਾਚਾ ਪ੍ਰਗਟ ਸਿੰਘ, ਭਾਈ ਭੁਪਿੰਦਰ ਸਿੰਘ ਸਿੰਘ ਗੱਦਲੀ (ਭਰਾਤਾ ਸ਼ਹੀਦ ਭਾਈ ਜਿੰਦਾ ਤੇ ਸੁੱਖਾ), ਭਾਈ ਦਯਾ ਸਿੰਘ ਹੁੰਦਲ (ਪਿਤਾ ਭਾਈ ਲਾਭ ਸਿੰਘ), ਭਾਈ ਅਮਰਿੰਦਰ ਸਿੰਘ, ਭਾਈ ਅਮਨਦੀਪ ਸਿੰਘ ਡੱਡੂਆਣਾ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਬਾਬਾ ਬਿਬੇਕ ਸਿੰਘ, ਭਾਈ ਸਵਰਨ ਸਿੰਘ ਗੋਲਡਨ, ਭਾਈ ਸੁਖਬੀਰ ਸਿੰਘ ਚੀਮਾਂ ਅਤੇ ਭਾਈ ਜਿੰਦਰ ਸਿੰਘ ਤਲਵੰਡੀ ਭਾਈ ਚਮਕੌਰ ਸਿੰਘ ਧੁੰਨ, ਭਾਈ ਜਸਵਿੰਦਰ ਸਿੰਘ ਰੌਬੀ, ਮਹਿੰਦਰ ਪਾਲ ਸਿੰਘ ਤੁੰਗ, ਮਾਤਾ ਬਲਵਿੰਦਰ ਕੌਰ ਜੀ, ਸੰਦੀਪ ਕੌਰ ਖਾਲਸਾ, ਜਸਕਰਨ ਕਾਹਨ ਸਿੰਘ ਵਾਲਾ, ਭਾਈ ਗੁਰਸੇਵਕ ਸਿੰਘ ਜਵਾਰਕੇ, ਭਾਈ ਚਰਨਦੀਪ ਸਿੰਘ, ਜਸਵਿੰਦਰ ਸਿੰਘ ਬਾਦਲ ਤੋਂ ਇਲਾਵਾ ਸੈਂਕੜੇ ਦੀ ਗਿਣਤੀ ਵਿੱਚ ਪਾਰਟੀ ਆਗੂ ਮੌਜੂਦ ਸਨ। ਇਸ ਮਹੱਤਵਪੂਰਨ ਮੌਕੇ ਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਨੇ ਸਿੱਖ ਪੰਥ ਦੀ ਭਵਿੱਖ ਨੀਤੀ, ਪੰਜਾਬ ਵਿਚ ਵਿਸ਼ਵਾਸਯੋਗ ਪ੍ਰਸ਼ਾਸਨ ਦੀ ਲੋੜ, ਕਿਸਾਨ, ਮਜ਼ਦੂਰ, ਵਪਾਰੀ ਵਰਗ, ਦਲਿਤ ਅਤੇ ਨੌਜਵਾਨਾਂ ਦੀ ਹੱਕ-ਹੱਕੂਕੀ ਲੜਾਈ ਨੂੰ ਤਰਜ਼ੀਹ ਦੇਣ ਸੰਬੰਧੀ ਆਪਣੇ ਏਜੰਡੇ ਨੂੰ ਮੁੱਖ ਰੱਖਿਆ। ਇਸ ਮੌਕੇ ਪਾਰਟੀ ਲੀਡਰ ਸਰਕਾਰੀ ਧੱਕੇਸ਼ਾਹੀ, ਪੰਜਾਬ ਵਿੱਚ ਹੋ ਰਹੇ ਪੰਜਾਬ ਅਤੇ ਸਿੱਖ ਵਿਰੋਧੀ ਫ਼ੈਸਲੇ ਅਤੇ ਨੌਜਵਾਨਾ ਦੀ ਬੇਰੋਜ਼ਗਾਰੀ ਵਰਗੇ ਗੰਭੀਰ ਮੁੱਦਿਆਂ 'ਤੇ ਕੇਂਦਰਿਤ ਰਹੇ। ਕਾਨਫਰੰਸ ਦੌਰਾਨ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਖ-ਵੱਖ ਬੁਲਾਰਿਆਂ ਵੱਲੋਂ ਭਾਈ ਅੰਮ੍ਰਿਤਪਾਲ ਸਿੰਘ ਜੀ ਸਮੇਤ ਸਾਰੇ ਬੇਗੁਨਾਹ ਸਿੱਖ ਕੈਦੀਆਂ ਦੀ ਰਿਹਾਈ ਦੀ ਮੰਗ ਕਰਦਿਆਂ ਕਿਹਾ ਕਿ ਜਿਨ੍ਹਾਂ ਸਿੱਖ ਨੌਜਵਾਨਾਂ ਨੂੰ ਵੱਖ-ਵੱਖ ਕੇਸਾਂ ਅਧੀਨ ਨਜਾਇਜ਼ ਤੌਰ ਤੇ ਜੇਲਾਂ ਵਿੱਚ ਰੱਖਿਆ ਗਿਆ ਹੈ, ਉਨ੍ਹਾਂ ਨੂੰ ਤੁਰੰਤ ਰਿਹਾ ਕੀਤਾ ਜਾਵੇ। ਇਸ ਤਰਾਂ ਦੀਆਂ ਗੈਰ ਕਾਨੂੰਨੀ ਗਿਰ਼ਫਤਾਰੀਆਂ ਸਿੱਖ ਪੰਥ ਦੀ ਅਜ਼ਾਦੀ ਅਤੇ ਹੱਕਾਂ ਉੱਤੇ ਸਿੱਧਾ ਹਮਲਾ ਹਨ। ਉਹਨਾਂ ਇਹ ਵੀ ਕਿਹਾ ਕਿ ਸਿੱਖ ਪੰਥ ਦੇ ਅਧਿਕਾਰਾਂ ਤੇ ਹੋ ਰਹੇ ਹਮਲਿਆਂ ਨੂੰ ਰੋਕਣ ਲਈ ਵਿਸ਼ੇਸ਼ ਨੀਤੀ ਬਣਾਉਣ ਲੋੜ ਹੈ ਤਾਂ ਜੋ ਸਰਕਾਰਾਂ ਵਲੋਂ ਧੱਕੇ ਨਾਲ ਥੋਪੇ ਗਏ ਫ਼ੈਸਲੇ, ਜਿਵੇਂ ਕਿ SGPC ਵਿੱਚ ਸਰਕਾਰੀ ਦਖ਼ਲਅੰਦਾਜ਼ੀ, ਸਿੱਖ ਇਤਿਹਾਸ ਨੂੰ ਤਬਾਹ ਕਰਨ ਦੇ ਯਤਨ ਅਤੇ ਗੁਰਦੁਆਰਿਆਂ ਦੀ ਖ਼ੁਦਮੁਖਤਿਆਰੀ ਉੱਤੇ ਹੋ ਰਹੇ ਹਮਲੇ ਤੁਰੰਤ ਬੰਦ ਕੀਤੇ ਜਾ ਸਕਣ। ਉਹਨਾਂ ਪੰਜਾਬ ਦੀ ਸਿਆਸਤ ਦੇ ਗਿਰਦੇ ਹੋਏ ਮਿਆਰ ਤੇ ਚਿੰਤਾ ਪ੍ਰਗਟ ਕਰਦਿਆਂ ਪੰਜਾਬ ਦੀ ਸਿਆਸਤ ਨੂੰ ਇੱਕ ਵਧੀਆ ਅਤੇ ਆਤਮ-ਨਿਰਭਰ ਲੀਡਰਸ਼ਿਪ ਦੀ ਲੋੜ ਹੈ, ਜੋ ਪੰਜਾਬ ਨੂੰ ਸਿੱਖ ਰਾਜਨੀਤੀ ਦੇ ਮੁੱਢਲੇ ਅਸੂਲਾਂ ਅਧੀਨ ਚਲਾ ਸਕੇ। ਇਸ ਲਈ, ਅਸੀਂ ਅਕਾਲੀ ਦਲ ਵਾਰਿਸ ਪੰਜਾਬ ਦੇ ਵਜੋਂ ਇਹ ਜ਼ਿੰਮੇਵਾਰੀ ਲੈਂਦੇ ਹਾਂ ਕਿ ਪੰਜਾਬ ਦੀ ਪੰਥਕ ਸਿਆਸਤ ਨੂੰ ਮੁੜ ਨਵੀਆਂ ਰਾਹਾਂ ਵੱਲ ਲਿਜਾਂਦੇ ਹੋਏ ਲੋਕ-ਹਿੱਤਕਾਰੀ ਨੀਤੀਆਂ ਲਿਆਂਦੀਆਂ ਜਾਣਗੀਆਂ। ਉਹਨਾਂ ਇਸ ਗੱਲ 'ਤੇ ਵੀ ਜੋਰ ਦਿੱਤਾ ਕਿ SGPC ਵਿੱਚ ਹੋ ਰਹੇ ਗਲਤ ਕੰਮਾਂ ਅਤੇ ਵਿੱਤੀ ਘਪਲੇਬਾਜ਼ੀ ਨੂੰ ਬੇਨਕਾਬ ਕਰਕੇ ਸਿੱਖ ਗੁਰਦੁਆਰਿਆਂ ਦੀ ਆਮਦਨ ਅਤੇ ਮੈਨੇਜਮੈਂਟ ਵਿੱਚ ਪੂਰੀ ਪਾਰਦਰਸ਼ਤਾ ਲਿਆਉਣ ਦੀ ਲੋੜ ਹੈ। ਇਸ ਲਈ, ♥7♦3 ਦੀ ਵਿੱਤੀ ਜਾਂਚ ਅਤੇ ਇਸ ਦੇ ਅੰਦਰ ਮੌਜੂਦਾ ਅਪਰਾਧਿਕ ਗਤੀਵਿਧੀਆਂ ਨੂੰ ਖ਼ਤਮ ਕਰਨ ਲਈ ਸੁਚੱਜੇ ਕਦਮ ਚੁੱਕੇ ਜਾਣੇ ਚਾਹੀਦੇ ਹਨ। ਇਸ ਉਪਰੰਤ ਇਸ ਭਾਰੀ ਇਕੱਠ ਵਿੱਚ ਬੁਲਾਰਿਆਂ ਵੱਲੋਂ ਸਿੱਖ ਨੌਜਵਾਨਾਂ ਨੂੰ ਵਿਦੇਸ਼ ਜਾਣ ਦੀ ਥਾਂ ਪੰਜਾਬ ਵਿੱਚ ਹੀ ਰੁਜ਼ਗਾਰ ਦੇਣ ਲਾਗੇ ਠੋਸ ਨੀਤੀ ਬਣਾਉਣ ਦੇ ਉਪਰਾਲੇ ਕਰਨ ਨੂੰ ਤਰਜ਼ੀਹ ਦੇਣ ਲਈ ਕਿਹਾ ਗਿਆ ਅਤੇ ਪੰਜਾਬ ਵਿੱਚ ਆਏ ਦਿਨ ਝੂਠੇ ਪੁਲਿਸ ਮੁਕਾਬਲੇ ਬਣਾਂ ਕੇ ਨੌਜਵਾਨਾਂ ਦੇ ਕੀਤੇ ਜਾ ਰਹੇ ਕਤਲਾਂ ਦੀ ਸਖ਼ਤ ਨਿਖੇਧੀ ਕੀਤੀ। ਉਹਨਾਂ ਕਿਹਾ ਕਿ ਪੰਜਾਬ ਵਿੱਚ ਨਵੇਂ ਉਦਯੋਗ ਖੋਲ੍ਹਣ, ਕਿਸਾਨੀ ਵਿੱਚ ਨਵੀਨਤਾ ਲਿਆਉਣ, ਅਤੇ ਨੌਜਵਾਨਾਂ ਲਈ ਸਰਕਾਰੀ ਨੌਕਰੀਆਂ ਵਧਾਉਣ ਦੇ ਨਿਰੰਤਰ ਉਪਰਾਲੇ ਕੀਤੇ ਜਾਣੇ ਬੇਹੱਦ ਜਰੂਰੀ ਹਨ ਜਿਸ ਨਾਲ ਪੰਜਾਬ ਦੀ ਬਹੁਪੱਖੀ ਵਿਕਾਸ ਹੋ ਸਕੇ। ਅਕਾਲੀ ਦਲ ਵਾਰਿਸ ਪੰਜਾਬ ਦੇ ਨੇ ਵੱਡੇ ਜੱਥੇ ਦੇ ਰੂਪ ਵਿੱਚ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਅਰਦਾਸ ਕੀਤੀ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਦੱਸੇ ਪੰਥਕ ਮਾਰਗ 'ਤੇ ਅਟੱਲ ਰਹਿੰਦਿਆਂ ਸਾਰੇ ਵਰਗਾਂ ਨੂੰ ਨਾਲ ਲੈਕੇ ਚੱਲਣ ਦਾ ਸੰਕਲਪ ਲਿਆ। ਇਸ ਸਮਾਗਮ ਦੌਰਾਨ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤਾਂ ਨੇ ਭਾਗ ਲਿਆ, ਅਤੇ ਕਈ ਪ੍ਰਮੁੱਖ ਧਾਰਮਿਕ ਤੇ ਸਮਾਜਿਕ ਆਗੂਆਂ ਨੇ ਵੀ ਆਪਣੀ ਹਾਜ਼ਰੀ ਭਰੀ। ਅਖੀਰ ਵਿੱਚ ਸਮੁੱਚੀ ਲੀਡਰਸ਼ਿਪ ਨੇ ਬਾਵਾਂ ਖੜੀਆਂ ਕਰਕੇ ਜੈਕਾਰਿਆਂ ਦੀ ਗੂੰਜ ਵਿੱਚ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਇਹ ਵਾਅਦਾ ਕਰਦਾ ਹੈ ਕਿ ਅਸੀਂ ਸਿੱਖ ਪੰਥ ਦੀ ਅਗਵਾਈ ਕਰਦੇ ਹੋਏ ਸਰਬੱਤ ਦੇ ਭਲੇ ਦੀ ਨੀਤੀ 'ਤੇ ਕੰਮ ਕਰਦੇ ਰਹਾਂਗੇ। ਖ਼ਾਲਸਾ ਸਾਜਨਾ ਦਿਵਸ ਸਾਨੂੰ ਪੰਥਕ ਏਕਤਾ, ਨਿਆਂ, ਸਾਰੇ ਵਰਗਾਂ ਦਾ ਬਰਾਬਰ ਮਾਨ-ਸਨਮਾਨ ਕਰਨ ਅਤੇ ਹੱਕ-ਹੱਕੂਕੀ ਦੀ ਲੜਾਈ ਲੜਨ ਲਈ ਪ੍ਰੇਰਿਤ ਕਰਦਾ ਹੈ, ਉਹਨਾਂ ਕਿਹਾ ਕਿ ਅਸੀਂ ਆਪਣੇ ਗੁਰੂ ਸਾਹਿਬਾਨ ਦੀ ਸਿੱਖਿਆ 'ਤੇ ਅਮਲ ਕਰਦੇ ਹੋਏ ਪੂਰਨ ਰੂਪ ਵਿੱਚ ਸਮਰਪਿਤ ਹੋਕੇ ਆਪਣੀ ਜ਼ਿੰਮੇਵਾਰੀ ਨਿਭਾਵਾਂਗੇ ਅਤੇ ਆਪਣੇਂ ਸਿੱਖ ਗੁਰੂਆਂ ਦੇ ਆਸ਼ੇ ਅਨੁਸਾਰ ਇਕ ਨਰੋਆ ਪੰਜਾਬ ਸਿਰਜਣ ਦੇ ਸੰਕਲਪ ਨੂੰ ਪੂਰਾ ਕਰਾਂਗੇ।

**ਸਮੁੱਚੀ ਲੀਡਰਸ਼ਿਪ ਵੱਲੋਂ ਜੈਕਾਰਿਆਂ ਦੀ ਗੂੰਜ ਵਿੱਚ ਸਿੱਖ ਗੁਰੂਆਂ ਦੇ ਆਸ਼ੇ ਅਨੁਸਾਰ ਇਕ ਨਰੋਆ ਪੰਜਾਬ ਸਿਰਜਣ ਦਾ ਸੰਕਲਪ**

ਧਾਰਮਿਕ ਸਖਸ਼ੀਅਤਾਂ ਨੇ ਕੀਤੀ ਸ਼ਮੂਲੀਅਤ

# ਮੇਲਾ ਚੇਤ ਵਾਲਾ ਦੀ 22ਵੀਂ ਵਿਸ਼ਾਲ ਝੰਡਾ ਯਾਤਰਾ ਹੋਈ ਸੰਪਨ



ਆਵਾਜ਼ਿ ਕੌਮ AWAZE QAUM International Newspaper & WEB TV

ਫ਼ਿਰੋਜ਼ਪੁਰ, 13 ਅਪ੍ਰੈਲ (ਮਨੋਹਰ ਲਾਲ) :— ਦਿਉਟ ਸਿੱਧ ਦਵਾਰ ਮੰਦਰ ਸਿੱਧ ਸ੍ਰੀ ਬਾਬਾ ਬਾਲਕ ਨਾਥ, ਕੁੰਦਨ ਨਗਰ ਫ਼ਿਰੋਜ਼ਪੁਰ ਸ਼ਹਿਰ ਦੇ ਸੰਸਥਾਪਕ ਅਤੇ ਵਰਤਮਾਨ ਮਹੰਤ ਸ੍ਰੀ ਬਲਦੇਵ ਗਿਰੀ ਜੀ ਦੀ ਸਰਪ੍ਰਸਤੀ ਹੇਠ ਮੇਲਾ ਚੇਤਵਾਲਾ ਦੀ 22ਵੀਂ ਵਿਸ਼ਾਲ ਝੰਡਾ ਯਾਤਰਾ ਦਾ ਆਯੋਜਨ ਕੀਤਾ ਗਿਆ। ਇਹ ਸ਼ੋਭਾ ਯਾਤਰਾ ਅਰੁਣ ਜਯੋਤੀ ਮਾਡਲ ਸਕੂਲ ਅੰਮ੍ਰਿਤਸਰੀ ਗੇਟ ਫ਼ਿਰੋਜ਼ਪੁਰ ਤੋਂ ਸ਼ੁਰੂ ਹੋ ਕੇ ਬਾਬਾ ਬਾਲਕ ਨਾਥ ਮੰਦਰ ਵਿਖੇ ਸ਼ਹਿਰ ਦੇ ਵੱਖ—ਵੱਖ ਮਾਰਗਾਂ ਤੋਂ ਹੁੰਦੀ ਹੋਈ ਪਹੁੰਚੀ। ਇਸ ਸ਼ੋਭਾ ਯਾਤਰਾ ਦਾ ਆਰੰਭ ਸ਼ਹਿਰ ਦੇ ਨਾਮਵਰ ਭਜਨ ਗਾਇਕ ਅਤੇ ਉੱਘੇ ਸਮਾਜ ਸੇਵੀ ਸ੍ਰੀ ਧਰਮਪਾਲ ਬਾਂਸਲ ਵੱਲੋਂ ਝੰਡਾ ਪੂਜਨ ਕਰਕੇ ਕੀਤਾ ਗਿਆ। ਇਸ ਮੌਕੇ ਪੰਡਿਤ ਰਾਜੇਸ਼ ਦੱਤਾ ਪ੍ਰਧਾਨ, ਪੰਡਿਤ ਹਰੀ ਰਾਮ ਖਿੰਦੜੀ ਜਨਰਲ ਸਕੱਤਰ ਬ੍ਰਾਹਮਣ ਸਭਾ ਫ਼ਿਰੋਜ਼ਪੁਰ ਵੱਲੋਂ ਆਈਆਂ ਸਖਸ਼ੀਅਤਾਂ ਨੂੰ ਸਨਮਾਨਿਤ ਕੀਤਾ। ਇਸ ਤੋਂ ਬਾਅਦ ਫਰੀਦਕੋਟ ਤੋਂ ਉਚੇਚੇ ਤੌਰ ਤੇ ਪਹੁੰਚੇ ਪ੍ਰੋਫੈਸਰ ਡਾ: ਨਿਰਮਲ ਕੌਸ਼ਿਕ ਅਤੇ ਸ੍ਰੀ ਮੁਕੇਸ਼ ਗੌੜ ਐਡਵੋਕੇਟ ਦਾ ਸਨਮਾਨ ਕੀਤਾ ਗਿਆ। ਉਨ੍ਹਾਂ ਨੂੰ ਸਿਰੋਪਾ ਅਤੇ ਯਾਦਗਾਰੀ ਚਿੰਨ ਪ੍ਰਦਾਨ ਕਰਕੇ ਮਹੰਤ ਸ੍ਰੀ ਬਲਦੇਵ ਗਿਰੀ ਨੇ ਆਪਣੇ ਕਰਕਮਲਾਂ ਨਾਲ ਸਨਮਾਨਿਤ ਕੀਤਾ। ਇਸ ਪਵਿੱਤਰ ਮੌਕੇ ਤੇ ਡਾ: ਨਿਰਮਲ ਕੌਸ਼ਿਕ ਵੱਲੋਂ ਦਿਉਟ ਸਿੱਧ ਵਾਸੀ ਸਿੱਧ ਯੋਗੀ ਬਾਬਾ ਬਾਲਕ ਨਾਥ ਜੀ ਦੀ ਇਕ ਰਚਿਤ ਪੁਸਤਕ ਦਾ ਵਿਮੋਚਨ ਵੀ ਹਾਜ਼ਰ ਸੰਤ ਸਮੂਹ ਵੱਲੋਂ ਆਪਣੇ ਕਰ ਕਮਲਾਂ ਨਾਲ ਕੀਤਾ ਗਿਆ। ਇਸ ਤੋਂ ਬਾਅਦ ਵੱਖ—ਵੱਖ ਬੈਂਡ ਪਾਰਟੀਆਂ ਨੇ ਸੁਰੀਲੀਆਂ ਧੁੰਨਾਂ ਵਜਾ ਕੇ ਆਪਣੇ ਕਰਤਵ ਵੀ ਪੇਸ਼ ਕੀਤੇ। ਬਾਅਦ ਵਿਚ ਬਜੰਰਗ ਬਲੀ ਦੇ ਬਾਣੇ ਵਿਚ ਦੋ ਸਵਰੂਪਾਂ ਨੇ ਆਪਣਾ ਜ਼ੌਹਰ ਭਰਿਆ ਨ੍ਰਿਤ ਪੇਸ਼ ਕੀਤਾ, ਜ਼ੋ ਬਹੁਤ ਹੀ ਆਕਰਸ਼ਕ ਤੇ ਮਨਮੋਹਕ ਸੀ। ਇਸ ਉਪਰੰਤ ਬਾਬਾ ਜੀ ਦੀ ਪਾਲਕੀ ਸਹਿਤ ਬੈਂਡ ਪਾਰਟੀਆਂ ਦੀ ਅਗਵਾਈ ਵਿਚ ਮੇਲਾ ਅੱਗੇ ਤੁਰ ਪਿਆ, ਪਾਲਕੀ ਤੇ ਸਵਾਰ ਸੇਵਾਦਾਰ ਸ਼ਹਿਰ ਵਾਸੀਆਂ ਨੂੰ ਪ੍ਰਸ਼ਾਦ ਵੀ ਵੰਡ ਰਹੇ ਸਨ। ਇਸ ਮੌਕੇ ਤੇ ਸ੍ਰੀ ਧਰਮਪਾਲ ਬਾਂਸਲ ਉੱਘੇ ਸਮਾਜ ਸੇਵੀ ਤੇ ਭਜਨ ਗਾਇਕ ਰਕੇਸ਼ ਕੁਮਾਰ ਜੇ.ਈ ਪੀ.ਐਸ.ਪੀ.ਸੀ.ਐਲ, ਰਮਨ ਅਰੋੜਾ ਅਤੇ ਸੰਤ ਸਮਾਜ ਵਿਚ ਹਿੰਦੂ ਤਖਤ ਦੇ ਚੇਅਰਮੈਨ, ਸ੍ਰੀ ਬ੍ਰਹਮਾਨੰਦ ਗਿਰੀ ਜੀ ਪਟਿਆਲਾ, ਮਹਾਂ ਮੰਡਲੇਸ਼ਵਰ ਸੁਆਮੀ ਸਤਿਆਨੰਦ ਗਿਰੀ ਜੀ, ਮਹੰਤ ਅਰੁਣ ਗਿਰੀ ਜੀ, ਮਹੰਤ ਬਲਦੇਵ ਗਿਰੀ ਜੀ ਨੇ ਇਸ ਝੰਡਾ ਯਾਤਰਾ ਦੀ ਸ਼ੋਭਾ ਵਧਾਈ। ਇਸ ਤਰ੍ਹਾਂ ਚੇਤ ਵਾਲਾ ਮੇਲਾ ਸਫਲਤਾ ਪੂਰਵਕ ਸੰਪਨ ਹੋਇਆ।

# ਸੇਂਟ ਸੋਲਜਰ ਇਲੀਟ ਕਾਨਵੇਂਟ ਸਕੂਲ ਜੰਡਿਆਲਾ ਗੁਰੂ ਵਿੱਚ ਵਿਸਾਖੀ ਦਾ ਤਿਉਹਾਰ ਧੂਮ ਧਾਮ ਨਾਲ ਮਨਾਇਆ ਗਿਆ





## ਵਿਸਾਖੀ ਦੇ ਦਿਹਾੜੇ ਤੇ ਸਾਨੂੰ ਸਭ ਨੂੰ ਗੁਰਦੁਆਰਾ ਸਾਹਿਬ ਵਿਖੇ ਮੱਥਾ ਟੇਕਣ ਜਾਣਾ ਚਾਹੀਦਾ ਡਾ: ਮੰਗਲ ਸਿੰਘ ਕਿਸ਼ਨਪੁਰੀ

ਆਵਾਜ਼ਿ ਕੌਮ AWAZE QAUM International Newspaper & WEB TV

ਜੰਡਿਆਲਾ ਗੁਰੂ 13 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ ) ਬੀਤੇ ਦਿਨ ਸੇਂਟ ਸੋਲਜਰ ਇਲੀਟ ਕੌਨਵੈਂਟ ਸਕੂਲ ਜੰਡਿਆਲਾ ਗੁਰੂ ਵਿੱਚ ਵਿਸਾਖੀ ਦਾ ਤਿਉਹਾਰ ਬੜੇ ਚਾਵਾਂ ਅਤੇ ਖੁਸ਼ੀਆਂ ਨਾਲ ਮਨਾਇਆ ਗਿਆ। ਇਸ ਸੰਬੰਧ ਵਿੱਚ ਸਕੂਲ ਦੇ ਸ਼ਾਨਦਾਰ ਆਟੋਡੋਰੀਅਮ ਵਿੱਚ ਰੰਗਾਰੰਗ ਪ੍ਰੋਗਰਾਮ ਕਰਵਾਇਆ ਗਿਆ । ਜਿਸ ਵਿੱਚ ਛੋਟੇ ਛੋਟੇ ਕਿੰਡਰਗਾਰਟਨ ਦੇ ਬੱਚਿਆਂ ਨੇ ਆਪਣੀਆਂ ਡਾਂਸ ਪ੍ਰਫੋਰਮੈਂਸ ਨਾਲ ਸਭ ਦਾ ਮਨ ਮੋਹ ਲਿਆ ਛੋਟੇ ਛੋਟੇ ਬੱਚੇ ਰਵਾਇਤੀ ਪੰਜਾਬੀ ਡਰੈੱਸ ਵਿੱਚ ਬਹੁਤ ਸੋਹਣੇ ਲੱਗ ਰਹੇ ਸਨ। ਇਸੇਤਰ੍ਹਾਂ ਸਕੂਲ ਦੇ ਪੰਜਾਬੀ ਡਿਪਾਰਟਮੈਂਟ ਦੇ ਅਧਿਆਪਕਾਂ ਨੇ ਬੱਚਿਆਂ ਨੂੰ ਵੀਜੂਅਲ ਵਿਧੀ ਰਾਹੀਂ ਵਿਸਾਖੀ ਦੇ ਇਤਿਹਾਸ ਬਾਰੇ ਬਹੁਤ ਸੁੰਦਰ ਤਰੀਕੇ ਨਾਲ ਦੱਸਿਆ । ਸਕੂਲ ਦੀਆਂ ਵਿਦਿਆਰਥਨਾ ਇਬਾਦਤ ਕੌਰ ਅਤੇ ਸੁਖਮਨਪ੍ਰੀਤ ਕੌਰ ਨੇ ਲੋਕ ਗੀਤਾਂ ਤੇ ਸ਼ਾਨਦਾਰ ਡਾਂਸ ਪ੍ਰਫੋਰਮੈਂਸ ਕਰਕੇ ਸਭ ਨੂੰ ਪੰਜਾਬੀ ਲੋਕ ਗੀਤਾਂ ਦੇ ਰੰਗ ਵਿੱਚ ਰੰਗ ਦਿੱਤਾ। ਉਪਰੰਤ ਸਕੂਲ ਦੇ ਬੱਚਿਆਂ ਨੇ ਵਿਸਾਖੀ ਨਾਲ ਸੰਬਧਿਤ ਮਨਮੋਹਕ ਗਰੁਪ ਗੀਤ ਪੇਸ਼ ਕੀਤਾ। ਉਪਰੰਤ ਸਕੂਲ ਦੇ ਬੱਚਿਆਂ ਨੇ ਕਿਸਾਨੀ ਨਾਲ ਸਬੰਧਿਤ ਅਤੇ ਨਸ਼ਿਆਂ ਨਾਲ ਸੰਬਧਿਤ ਇੱਕ ਸ਼ਾਨਦਾਰ ਨਾਟਕ ਪੇਸ਼ ਕਰਕੇ ਖੂਬ ਵਾਹ ਵਾਹ ਲੁੱਟੀ। ਉਪਰੰਤ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾਕਟਰ ਮੰਗਲ ਸਿੰਘ ਕਿਸ਼ਨਪੁਰੀ ਜੀ ਨੇ ਸਭ ਨੂੰ ਵਿਸਾਖੀ ਦੀ ਵਧਾਈ ਦਿੱਤੀ ਓਹਨਾ ਨੇ ਸਭ ਨੂੰ ਵਿਸਾਖੀ ਦੇ ਦਿਹਾੜੇ ਤੇ ਗੁਰਦੁਆਰਾ ਸਾਹਿਬ ਜਾਕੇ ਮੱਥਾ ਟੇਕਣ ਲਈ ਕਿਹਾ । ਇਸ ਮੌਕੇ ਤੇ ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਅਮਰਪ੍ਰੀਤ ਕੌਰ ਜੀ ਨੇ ਬੱਚਿਆਂ ਦੀ ਪ੍ਰਫੋਰਮੈਂਸ ਦੀ ਖੂਬ ਸ਼ਲਾਘਾ ਕੀਤੀ। ਇਸ ਮੌਕੇ ਤੇ ਸਕੂਲ ਦੇ ਵਾਈਸ ਪ੍ਰਿੰਸੀਪਲ ਸ਼੍ਰੀਮਤੀ ਗੁਰਪ੍ਰੀਤ ਕੌਰ ਜੀ, ਕੋਆਰਡੀਨੇਟਰ ਸ਼ਿਲਪਾ ਸ਼ਰਮਾ, ਕੋਆਰਡੀਨੇਟਰ ਨੀਲਾਕਸੀ ਗੁਪਤਾ ਸਮੂਹ ਸਟਾਫ ਅਤੇ ਬੱਚੇ ਹਾਜ਼ਰ ਸਨ।

# ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਵਿਖੇ ਖਾਲਸਾ ਸਾਜਨਾ ਦਿਵਸ ਅਤੇ ਵਿਸਾਖੀ ਦਿਹਾੜਾ ਬੜੀ ਸ਼ਰਧਾ ਨਾਲ ਮਨਾਇਆ





ਆਵਾਜ਼ਿ ਕੌਮ AWAZE QAUM International Newspaper & WEB TV

ਫ਼ਿਰੋਜ਼ਪੁਰ, 13 ਅਪ੍ਰੈਲ (ਮਨੋਹਰ ਲਾਲ) :— ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਵਿਖੇ ਖਾਲਸਾ ਸਾਜਨਾ ਦਿਵਸ, ਵਿਸਾਖੀ ਦਾ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਭੋਗ ਉਪਰੰਤ ਦੀਵਾਨ ਸਜਾਏ ਗਏ, ਜਿਸ ਵਿਚ ਰਾਗੀ, ਢਾਡੀ, ਕਵੀਸ਼ਰੀ, ਕਥਾਵਾਚਕ ਜਥਿਆਂ ਨੇ ਆਪਣੀ ਸੁਰੀਲੀ ਆਵਾਜ਼ ਨਾਲ ਗੁਰੂ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਤੇ ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਬੋਹੜ ਸਿੰਘ ਤੂਤਾਂ ਵਾਲਿਆਂ ਨੇ ਕਥਾ ਕਰਦਿਆਂ ਆਖਿਆ ਕਿ ਅੱਜ ਦੇ ਦਿਨ 1699 ਧੰਨ—ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਨੇ ਪੰਜ ਪਿਆਰਿਆਂ ਦੀ ਸਾਜਨਾ ਕਰਕੇ ਖਾਲਸਾ ਪੰਥ ਦੀ ਸਿਰਜਣਾ ਕੀਤੀ ਅਤੇ ਕਿਹਾ ਖਾਲਸਾ ਅਕਾਲ ਪੁਰਖ ਦੀ ਫੌਜ਼, ਪ੍ਰਗਟਿਓ ਖਾਲਸਾ ਪ੍ਰਮਾਤਮਾ ਕੀ ਮੌਜ਼, ਇਹ ਸ਼ਬਦ ਵਿਸਾਖੀ ਵਾਲੇ ਦਿਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਆਨੰਦਪੁਰ ਸਾਹਿਬ (ਪੰਜਾਬ) ਦੀ ਧਰਤੀ ਤੇ ਆਖੇ ਅਤੇ 1699 ਨੂੰ ਇਕ ਵਿਸ਼ਾਲ ਸਮਾਗਮ ਰੱਖਿਆ ਸੀ। ਸ੍ਰੀਮਾਨ ਸੰਤ ਬਾਬਾ ਬੋਹੜ ਸਿੰਘ ਤੂਤਾਂ ਵਾਲਿਆਂ ਨੇ ਅੱਗੇ ਦੱਸਿਆ ਕਿ ਧੰਨ—ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਜੀ ਦੇ ਦਰਸਾਏ ਹੋਏ ਮਾਰਗ ਤੇ ਚੱਲ ਕੇ ਆਪਣਾ ਜੀਵਨ ਸਫਲ ਬਣਾਉਣਾ ਚਾਹੀਦਾ ਹੈ ਅਤੇ ਵੱਧ ਤੋਂ ਵੱਧ ਸੰਗਤਾਂ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੋ। ਬਾਬਾ ਜੀ ਨੇ ਅੱਗੇ ਆਖਿਆ ਕਿ ਅੱਜ ਸਾਡੇ ਬੱਚੇ ਨਸ਼ੇ ਵਿਚ ਵੜ ਕੇ ਆਪਣੀ ਜਿੰਦਗੀ ਬਰਬਾਦ ਕਰ ਰਹੇ ਹਨ, ਸਾਨੂੰ ਅੱਜ ਦੇ ਦਿਨ ਪ੍ਰਣ ਕਰਨਾ ਚਾਹੀਦਾ ਹੈ ਕਿ ਅਸੀਂ ਨਸ਼ੇ ਦਾ ਤਿਆਗ ਕਰਕੇ ਆਪਣੇ ਵੱਡੇ—ਵਡੇਰਿਆਂ, ਮਾਈ ਬਾਪ ਦੀ ਸੇਵਾ ਕਰਾਂਗੇ। ਬਾਬਾ ਜੀ ਨੇ ਅੱਗੇ ਕਿਹਾ ਕਿ ਸਾਨੂੰ ਵਹਿਮਾਂ—ਭਰਮਾਂ ਤੋਂ ਉਪਰ ਉਠ ਕੇ ਕੇਵਲ ਤੇ ਕੇਵਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਓਟ ਆਸਰਾ ਲੈਣਾ ਚਾਹੀਦਾ ਹੈ। ਇਸ ਮੌਕੇ ਤੇ ਸਟੇਜ਼ ਦੀ ਸੇਵਾ ਭਾਈ ਹਰਪਿੰਦਰ ਸਿੰਘ ਗੁਰਦੁਆਰਾ ਛੱਪੜੀ ਸਾਹਿਬ ਨੇ ਬਹੁਤ ਹੀ ਸੁਚੱਜੇ ਢੰਗ ਨਾਲ ਨਿਭਾਈ। ਇਸ ਸਮਾਗਮ ਦੌਰਾਨ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਰਾਸ਼ਟਰੀ ਚੇਤਨਾ ਦਾ ਪਸਾਰਾ ਕੀਤੇ ਬਿਨਾ

# ਅਸੀਂ ਗੁਰੂ ਸਾਹਿਬਾਨ ਅਤੇ ਇਸ ਧਰਤੀ ਦਾ ਰਿਣ ਨਹੀਂ ਉਤਾਰ ਸਕਦੇ : ਓ.ਪੀ. ਧਨਖੜ

**ਅੰਮ੍ਰਿਤਸਰ, 13 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਭਾਰਤੀ ਜਨਤਾ ਪਾਰਟੀ ਦੇ ਰਾਸ਼ਟਰੀ ਸਕੱਤਰ ਓਮ ਪ੍ਰਕਾਸ਼ ਧਨਖੜ ਨੇ ਵਿਸਾਖੀ ਅਤੇ ਖ਼ਾਲਸਾ ਸਾਜਣਾ ਦਿਵਸ ਦੇ ਸ਼ੁਭ ਦਿਹਾੜੇ ਦੀ ਵਧਾਈ ਦਿੱਤੀ ਅਤੇ ਕਿਹਾ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਮਨੁੱਖ ਨੂੰ ਸੰਤ ਅਤੇ ਸਿਪਾਹੀ ਦੇ ਰੂਪ ਵਿਚ ਖੜ੍ਹਾ ਕਰਦਿਆਂ ਜੀਵਨ ਮੁੱਲਾਂ ਲਈ ਲੜਨਾ ਸਿਖਾਇਆ। ਪੰਜਾਬੀ ਭਾਸ਼ਾ ਜਿੱਥੇ ਇਕ ਬਹੁਤ ਮਿੱਠੀ ਅਤੇ ਸੁਰੀਲੀ ਹੈ, ਗੁਰੂ ਸਾਹਿਬਾਨ ਅਤੇ ਸੰਤਾਂ ਮਹਾਪੁਰਸ਼ਾਂ ਦੀ ਇਕ ਇਕ ਬਾਣੀ ਅਤੇ ਵਿਚਾਰ ਬਹੁਤ ਕੀਮਤੀ ਹੈ, ਜਿੱਥੋਂ ਸਾਨੂੰ ਸੇਧ ਮਿਲਦੀ ਹੈ।



ਸ੍ਰੀ ਓ.ਪੀ. ਧਨਖੜ ਨੇ ਅੰਮ੍ਰਿਤਸਰ ਵਿਖੇ ਭਾਜਪਾ ਦੇ ਕੌਮੀ ਆਗੂ ਸ. ਸੁਖਮਿੰਦਰ ਸਿੰਘ ਗਰੇਵਾਲ, ਭਾਜਪਾ ਦੇ ਸੂਬਾਈ ਬੁਲਾਰੇ ਨਿਧੜਕ ਸਿੰਘ ਬਰਾੜ, ਪ੍ਰੋ.ਸਰਚਾਂਦ ਸਿੰਘ ਖਿਆਲਾ ਅਤੇ ਚੇਅਰਮੈਨ ਸ੍ਰੀ ਥਾਮਸ ਨਾਲ ਵਿਚਾਰਾਂ ਕਰਦਿਆਂ ਉਨ੍ਹਾਂ ਕਿਹਾ ਕਿ ਭਾਵੇਂ ਹੀ ਅਸੀਂ ਪੰਜਾਬ ਦੀ ਧਰਤੀ 'ਤੇ ਖੜੇ ਹਾਂ ਫਿਰ ਵੀ ਆਪਾਂ ਸ੍ਰੀ ਪਟਨਾ ਸਾਹਿਬ, ਸ੍ਰੀ ਹਜ਼ੂਰ ਸਾਹਿਬ ਅਤੇ ਚਾਂਦਨੀ ਚੌਕ ਦਿੱਲੀ ਤੋਂ ਵੱਖ ਹੋਣ ਬਾਰੇ ਸੋਚ ਵੀ ਨਹੀਂ ਸਕਦੇ। ਸਿੱਖੀ ਅਤੇ ਪੰਜਾਬ ਦੇਸ਼ ਦੇ ਕੋਨੇ ਕੋਨੇ ਨਾਲ ਜੁੜਿਆ ਹੋਇਆ ਹੈ। ਉੱਥੇ ਹੀ ਪੰਜਾਬ ਦੀ ਧਰਤੀ ਨੇ ਲਾਜਵਾਬ ਚਿੰਤਕ, ਦੇਸ਼ ਦੀ ਏਕਤਾ ਅਖੰਡਤਾ ਅਤੇ ਰਾਸ਼ਟਰਵਾਦ ਨੂੰ ਸਮਰਪਿਤ ਸ਼ਖ਼ਸੀਅਤਾਂ ਨੂੰ ਜਨਮ ਦਿੱਤਾ ਹੈ। ਸਾਨੂੰ ਦੇਸ਼ ਅਤੇ ਸਮਾਜ ਦੀ ਮੁੱਖ ਧਾਰਾ ਨਾਲ ਜੋੜਨ ਲਈ ਅਸੀਂ ਸਦਾ ਹੀ ਅਹਿਸਾਨ ਮੰਦ ਹਾਂ, ਅਤੇ ਰਾਸ਼ਟਰੀ ਚੇਤਨਾ ਦਾ ਪਸਾਰਾ ਕੀਤੇ ਬਿਨਾ ਅਸੀਂ ਗੁਰੂ ਸਾਹਿਬਾਨ ਅਤੇ ਇਸ ਧਰਤੀ ਦਾ ਰਿਣ ਨਹੀਂ ਉਤਾਰ ਸਕਦੇ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਸਿੱਖ ਭਾਈਚਾਰੇ ਨਾਲ ਖ਼ਾਸ ਲਗਾਵ ਹੈ, ਉਨ੍ਹਾਂ ਕਰਤਾਰ ਪੁਰ ਲਾਂਘਾ, ਗੁਰੂ ਸਾਹਿਬਾਨ ਦੀਆਂ ਸ਼ਤਾਬਦੀਆਂ ਮਨਾਉਣ, ਵੀਰ ਬਾਲ ਦਿਵਸ, ਸਿੱਖ ਕਤਲੇਆਮ ਦੇ ਦੋਸ਼ੀਆਂ ਨੂੰ ਸਜਾਵਾਂ ਦੇਣ, ਕਾਲੀ ਸੂਚੀ ਦਾ ਖ਼ਾਤਮਾ ਕਰਨ, ਸਿੱਖ ਕਤਲੇਆਮ ਦੇ ਪੀੜਤਾਂ ਨੂੰ ਸਹਾਇਤਾ ਦੇਣ ਅਤੇ ਅਫ਼ਗ਼ਾਨਿਸਤਾਨ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪ ਸਤਿਕਾਰ ਸਹਿਤ ਦੇਸ਼ 'ਚ ਲਿਆਉਣ ਤੋਂ ਇਲਾਵਾ ਹਾਲ ਹੀ 'ਚ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪੂਰਵਲੇ ਤਪ ਅਸਥਾਨ ਗੁਰਦੁਆਰਾ ਸ੍ਰੀ ਹੇਮਕੁੰਟ ਸਾਹਿਬ ਜਾਣ ਲਈ 2700 ਕਰੋੜ ਦੀ ਲਾਗਤ ਨਾਲ ਰੋਪ ਵੇ ਬਣਾਉਣ ਨੂੰ ਮੰਨਜ਼ੂਰੀ ਦਿੱਤੀ ਹੈ। ਸ੍ਰੀ ਓ.ਪੀ. ਧਨਖੜ ਨੇ ਸੰਵਿਧਾਨ ਨਿਰਮਾਤਾ ਡਾ ਬੀਮ ਰਾਓ ਅੰਬੇਡਕਰ ਜਯੰਤੀ ਦੇ ਅਵਸਰ 'ਤੇ ਕਾਂਗਰਸ ਪਾਰਟੀ 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਇਹ ਇਕ ਸਚਾਈ ਹੈ ਕਿ ਕਾਂਗਰਸ ਨੇ ਭਾਰਤੀ ਸੰਵਿਧਾਨ ਨੂੰ ਮਨ ਮਰਜ਼ੀ ਨਾਲ ਇਸਤੇਮਾਲ ਕੀਤਾ, ਜਦੋਂ ਕਿ ਭਾਜਪਾ ਨੇ ਹਮੇਸ਼ਾਂ ਸੰਵਿਧਾਨ ਦਾ ਸਨਮਾਨ ਸਤਿਕਾਰ ਕੀਤਾ ਹੈ। ਸੰਵਿਧਾਨ ਵਿਚ ਸੋਧਾਂ ਕਾਂਗਰਸ ਵਾਂਗ ਸਿਆਸੀ ਅਤੇ ਨਿੱਜੀ ਹਿਤਾਂ ਲਈ ਨਾ ਕਰਦਿਆਂ ਕੇਵਲ ਰਾਸ਼ਟਰੀ ਅਤੇ ਲੋਕ ਹਿਤ 'ਚ ਕੀਤੀ। ਧਾਰਾ 370 ਨੂੰ ਰੱਦ ਕਰਨਾ, ਵਕਫ਼ ਸੋਧ ਬਿਲ, ਨਾਗਰਿਕਤਾ ਸੋਧ ਕਾਨੂੰਨ ( ਸੀ ਏ ਏ), ਤਿੰਨ ਤਲਾਕ ਆਦਿ ਅਨੇਕਾਂ ਮਿਸਾਲ ਹਨ। ਸ੍ਰੀ ਓ.ਪੀ. ਧਨਖੜ ਨੇ ਪੰਜਾਬ ਦੀ ਦਿਨੋਂ ਦਿਨ ਖ਼ਰਾਬ ਹੋ ਰਹੀ ਅਮਨ ਕਾਨੂੰਨ ਦੀ ਸਥਿਤੀ 'ਤੇ ਚਿੰਤਾ ਪ੍ਰਗਟ ਕੀਤਾ ਅਤੇ ਰਾਜ ਸਰਕਾਰ ਨੂੰ ਸ਼ਰਾਰਤੀ ਤੱਤਾਂ 'ਤੇ ਤੁਰੰਤ ਕਾਬੂ ਪਾਉਣ ਲਈ ਕਿਹਾ। ਉਨ੍ਹਾਂ ਕਿਹਾ ਕਿ ਨਿੱਤ ਬੰਬ ਧਮਾਕੇ ਆਮ ਲੋਕਾਂ ਵਿਚ ਦਹਿਸ਼ਤ ਦਾ ਕਾਰਨ ਬਣ ਰਹੇ ਹਨ। ਉਨ੍ਹਾਂ ਪੰਜਾਬ ਵਿਚ ਫੈਲ ਰਹੀ ਨਸ਼ਿਆਂ ਲਈ ਰਾਜ ਸਰਕਾਰ ਨੂੰ ਆੜੇ ਹੱਥੀਂ ਲਿਆ ਅਤੇ ਨਸ਼ਿਆਂ ਨੂੰ ਜੜ੍ਹੋਂ ਪੁੱਟਣ ਅਤੇ ਰਾਜ ਨੂੰ ਨਸ਼ਾ ਮੁਕਤ ਬਣਾਉਣ ਲਈ ਦ੍ਰਿੜ੍ਹ ਹੋਣ ਲਈ ਮੁੱਖ ਮੰਤਰੀ ਭਗਵੰਤ ਮਾਨ ਨੂੰ ਸਲਾਹ ਦਿੱਤੀ। ਉਨ੍ਹਾਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਖੇਡਾਂ ਵਿੱਚ ਹਿੱਸਾ ਲੈਣ ਲਈ ਪ੍ਰੇਰਿਆ ਅਤੇ ਕਿਹਾ ਕਿ ਜੋ ਲੋਕ ਜ਼ਿੰਦਗੀ ਵਿੱਚ ਦ੍ਰਿੜ੍ਹਤਾ ਨਾਲ ਚੱਲਦੇ ਹਨ, ਉਹ ਅੱਗੇ ਵਧਦੇ ਹਨ। ਜ਼ਿੰਦਗੀ ਛੋਟੇ ਸੰਕਲਪਾਂ 'ਤੇ ਬਣੀ ਹੁੰਦੀ ਹੈ। ਜੇਕਰ ਨੌਜਵਾਨਾਂ ਨੂੰ ਜ਼ਿੰਦਗੀ ਦੇ ਸ਼ੁਰੂ ਵਿੱਚ ਸਹੀ ਕਦਰਾਂ-ਕੀਮਤਾਂ ਮਿਲਦੀਆਂ ਹਨ, ਤਾਂ ਉਹ ਚੰਗੀ ਜ਼ਿੰਦਗੀ ਜਿਉਂਦੇ ਹਨ। ਸ੍ਰੀ ਧਨਖੜ ਨੇ ਨੌਜਵਾਨਾਂ ਨੂੰ ਆਪਣੀ ਊਰਜਾ ਸਕਾਰਾਤਮਿਕ ਕੰਮਾਂ 'ਤੇ ਕੇਂਦਰਿਤ ਕਰਨ ਦਾ ਸੱਦਾ ਦਿੰਦੇ ਹੋਏ ਕਿਹਾ ਕਿ ਨੌਜਵਾਨਾਂ ਨੂੰ ਨਸ਼ੇ ਦੇ ਰਾਹ ਤੋਂ ਬਚਣਾ ਚਾਹੀਦਾ ਹੈ ਅਤੇ ਆਪਣੇ ਭਵਿੱਖ ਨੂੰ ਬਣਾਉਣ ਲਈ ਆਪਣੀ ਊਰਜਾ ਨੂੰ ਅਰਥਪੂਰਨ ਕੰਮ ਵਿੱਚ ਲਗਾਉਣਾ ਚਾਹੀਦਾ ਹੈ। ਨਸ਼ਿਆਂ ਤੋਂ ਦੂਰ ਰਹਿਣ ਅਤੇ ਖੇਡਾਂ ਵਿੱਚ ਸ਼ਾਮਲ ਹੋਣ ਨਾਲ ਸਰੀਰਕ ਅਤੇ ਮਾਨਸਿਕ ਵਿਕਾਸ ਹੁੰਦਾ ਹੈ। ਖੇਡਾਂ ਸਿਹਤਮੰਦ ਰਹਿਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ।

**ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਮਨੁੱਖ ਨੂੰ ਸੰਤ ਅਤੇ ਸਿਪਾਹੀ ਦੇ ਰੂਪ ਵਿਚ ਖੜ੍ਹਾ ਕਰਦਿਆਂ ਜੀਵਨ ਮੁੱਲਾਂ ਲਈ ਲੜਨਾ ਸਿਖਾਇਆ**

ਆਵਾਜ਼ਿ ਕੌਮ AWAZE QAUM International Newspaper & WEB TV

### ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ ਵਿਸਾਖ ਦੀ ਸੰਗਰਾਂਦ ਅਤੇ ਖਾਲਸੇ ਦੇ ਜਨਮ ਦਿਹਾੜੇ


# ਵਿਸਾਖੀ ਦਾ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ



ਫ਼ਿਰੋਜ਼ਪੁਰ, 13 ਅਪ੍ਰੈਲ (ਮਨੋਹਰ ਲਾਲ) :— ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ ਵਿਸਾਖ ਮਹੀਨੇ ਦੀ ਸੰਗਰਾਂਦ ਅਤੇ ਖਾਲਸਾ ਸਾਜਨਾ ਦਿਵਸ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਭੋਗ ਉਪਰੰਤ ਕੀਰਤਨ ਦਰਬਾਰ ਸਜਾਏ ਗਏ, ਜਿਸ ਵਿਚ ਰਾਗੀ ਜਥਿਆਂ ਨੇ ਆਪਣੀ ਮਧੁਰ ਬਾਣੀ ਨਾਲ ਸੰਗਤਾਂ ਨੂੰ 1699 ਵਿਸਾਖੀ ਦਾ ਇਤਿਹਾਸ ਸੁਣਾ ਕੇ ਨਿਹਾਲ ਕੀਤਾ। ਇਸ ਮੌਕੇ ਤੇ ਭਾਈ ਗੁਰਮੇਲ ਸਿੰਘ ਅਰਜਨ, ਭਾਈ ਹਰਨਾਮ ਸਿੰਘ, ਭਾਈ ਗੁਰਬਖਸ਼ ਸਿੰਘ ਚੰਨ ਸਿੰਘ, ਭਾਈ ਜ਼ੋਗਾ ਸਿੰਘ, ਭਾਈ ਸੁਖਦੇਵ ਸਿੰਘ ਸੁੱਖਾ, ਭਾਈ ਰਮਨਦੀਪ ਸਿੰਘ, ਭਾਈ ਬਬੂ ਸਿੰਘ, ਭਾਈ ਸਤਪਾਲ ਸਿੰਘ ਨੇ ਸੰਗਤਾਂ ਨੂੰ ਗੁਰਇਤਿਹਾਸ ਸੁਣਾ ਕੇ ਨਿਹਾਲ ਕੀਤਾ। ਇਸ ਮੌਕੇ ਤੇ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਸੰਗਤਾਂ ਨੂੰ ਕਥਾ ਰਾਹੀਂ ਨਿਹਾਲ ਕੀਤਾ। ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਕਿਹਾ ਕਿ ਸਾਨੂੰ ਇਹ ਪ੍ਰਣ ਕਰਨਾ ਚਾਹੀਦਾ ਹੈ ਕਿ ਵੱਧ ਤੋਂ ਵੱਧ ਅੰਮ੍ਰਿਤ ਛਕ ਕੇ ਕਲਗੀਧਰ ਦਸਮੇਸ਼ ਪਿਤਾ ਜੀ ਦੇ ਪੁੱਤਰ—ਧੀਆਂ ਬਣੀਏ। ਸੰਤ ਬਾਬਾ ਸੁੱਚਾ ਸਿੰਘ ਨੇ ਅੱਗੇ ਕਿਹਾ ਕਿ ਇਸ ਭਿਆਨਕ ਕਲਯੁੱਗ ਵਿਚ ਸਾਨੂੰ ਕੇਵਲ ਤੇ ਕੇਵਲ ਗੁਰਬਾਣੀ ਬਚਾ ਸਕਦੀ ਹੈ। ਉਨ੍ਹਾਂ ਕਿਹਾ ਕਿ ਕਲਯੁੱਗ ਸ਼ੈਤਾਨ ਰੂਪੀ ਸਾਨੂੰ ਪੈਰ—ਪੈਰ ਤੇ ਆਪਣੇ ਵੱਲ ਵਿਚਦਾ ਹੈ, ਉਨ੍ਹਾਂ ਸਿਕੰਦਰ ਦੀ ਕਹਾਣੀ ਸੁਣਾਈ ਕਿ ਸਿਕੰਦਰ ਅੰਮ੍ਰਿਤ ਦੀ ਦਾਤ ਲੈਣ ਲਈ ਕਠਿਨ ਤੁਰ ਕੇ ਪਹਾੜਾਂ ਵਿਚ ਗਿਆ ਅਤੇ ਅੰਮ੍ਰਿਤ ਕੁੰਭ ਪਾ ਲਿਆ, ਜਦੋਂ ਉਹ ਅੰਮ੍ਰਿਤ ਛਕਣ ਲੱਗਾ ਤਾਂ ਇਕ ਪੰਛੀ ਦਾ ਰੂਪ ਧਾਰਨ ਕਰਕੇ ਦੇਵਤਾ ਉਸ ਕੋਲ ਪਹੁੰਚਦਾ ਹੈ ਅਤੇ ਸਿਕੰਦਰ ਨੂੰ ਕਹਿੰਦਾ ਹੈ ਕਿ ਮੈਂ ਵੀ ਅੰਮ੍ਰਿਤ ਪੀਤਾ ਸੀ ਅਤੇ ਮੈਂ ਹੁਣ ਅਰਮ ਹਾਂ ਅਤੇ ਮੇਰਾ ਸਾਰਾ ਸਰੀਰ ਗਲ ਚੁਕਿਆ ਹੈ, ਮੈਂ ਮੌਤ ਮੰਗਦਾ ਹਾਂ, ਪਰ ਮੈਨੂੰ ਮੌਤ ਨਹੀਂ ਆ ਰਹੀ। ਇਸ ਕਰਕੇ ਸਿਕੰਦਰ ਨੇ ਅਮਰਕੁੰਭ ਤੋਂ ਅੰਮ੍ਰਿਤ ਛਕਣ ਦੀ ਫੈਸਲਾ ਤਿਆਗ ਦਿੱਤਾ, ਸੋ ਸਾਨੂੰ ਵੱਧ ਤੋਂ ਵੱਧ ਅੰਮ੍ਰਿਤ ਛਕ ਕੇ ਗੁਰੂ ਲੜ ਲੱਗੋ, ਕਿਉਂਕਿ ਪੰਜ ਪਿਆਰੇ ਗੁਰੂ ਦੀ ਮੋਹਰ ਹਨ ਅਤੇ ਅਸੀਂ ਵੀ ਧੰਨ—ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਜੀ ਦੀ ਬੁਕਲ ਵਿਚ ਬੈਠ ਸਕਾਂਗੇ। ਇਸ ਮੌਕੇ ਤੇ ਇਕ ਬਹੁਤ ਭਾਰੀ ਅੰਮ੍ਰਿਤ ਸੰਚਾਰ ਕਰਵਾਇਆ ਗਿਆ, ਜਿਸ ਵਿਚ ਅਨੇਕਾਂ ਪ੍ਰਾਣੀਆਂ ਨੇ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੇ। ਇਸ ਮੌਕੇ ਤੇ ਬਾਬਾ ਜੀ ਦੇ ਸੇਵਾਦਾਰ ਭਾਈ ਲੱਖਾ ਸਿੰਘ, ਭਾਈ ਜ਼ਸਵੀਰ ਸਿੰਘ ਜ਼ਸੂ ਨੇ ਸੰਗਤਾਂ ਦੀ ਹੱਥੀਂ ਸੇਵਾ ਕੀਤੀ। ਇਸ ਮੌਕੇ ਤੇ ਸਟੇਜ਼ ਦੀ ਸੇਵਾ ਭਾਈ ਹਰਨਾਮ ਸਿੰਘ ਨੇ ਬਹੁਤ ਹੀ ਸੁਚੱਜੇ ਢੰਗ ਨਾਲ ਨਿਭਾਈ। ਇਸ ਮੌਕੇ ਤੇ ਗੁਰੂ ਕਾ ਲੰਗਰ, ਪੂਰੀਆਂ ਦਾ ਲੰਗਰ ਅਤੁੱਟ ਵਰਤਾਇਆ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

# ਕਿਡਜਾਨੀਆ ਵਰਡਲ ਪ੍ਰੀ ਸਕੂਲ ਵਿਚ ਵਿਸਾਖੀ ਦੀਆਂ ਮਨਾਈਆਂ ਖੁਸ਼ੀਆਂ




ਫ਼ਿਰੋਜ਼ਪੁਰ, 13 ਅਪ੍ਰੈਲ (ਮਨੋਹਰ ਲਾਲ) :— ਫ਼ਿਰੋਜ਼ਪੁਰ ਸ਼ਹਿਰ ਵਿੱਚ ਸਥਿਤ ਕਿਡਜ਼ਾਨੀਆ ਵਰਲਡ ਪ੍ਰੀ ਸਕੂਲ ਵਿੱਚ ਵਿਸਾਖੀ ਦਾ ਤਿਉਹਾਰ ਧੂਮ—ਧਾਮ ਨਾਲ ਮਨਾਇਆ ਗਿਆ। ਇਸ ਮੌਕੇ ਬੱਚਿਆਂ ਨੇ ਰਵਾਇਤੀ ਪੰਜਾਬੀ ਵਸਤਰ ਪਹਿਨ ਕੇ ਰੰਗਾ—ਰੰਗ ਸੱਭਿਆਚਾਰਕ ਪ੍ਰਸਤੁਤੀਆਂ ਪੇਸ਼ ਕੀਤੀਆਂ। ਬੱਚਿਆਂ ਵੱਲੋਂ ਗਿੱਧਾ, ਭੰਗੜਾ ਅਤੇ ਗੀਤ—ਸੰਗੀਤ ਨਾਲ ਹਾਜ਼ਰੀਨ ਨੂੰ ਲੰਮਾ ਸਮਾਂ ਬੈਠਣ ਲਈ ਮਜ਼ਬੂਰ ਕੀਤੀ ਰੱਖਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਕੂਲ ਪ੍ਰਿੰਸੀਪਲ ਕਣਿਕਾ ਗਰਗ ਨੇ ਦੱਸਿਆ ਕਿ ਐਸੇ ਤਿਉਹਾਰ ਬੱਚਿਆਂ ਨੂੰ ਸਾਡੇ ਅਮੀਰ ਸੱਭਿਆਚਾਰਕ ਵਿਰਾਸਤ ਨਾਲ ਜੋੜਦੇ ਹਨ ਅਤੇ ਉਨ੍ਹਾਂ ਦੇ ਸਰਬਾਂਗੀਣ ਵਿਕਾਸ ਵਿੱਚ ਮਦਦਗਾਰ ਸਾਬਤ ਹੁੰਦੇ ਹਨ। ਉਨ੍ਹਾਂ ਕਿਹਾ ਕਿ ਬੱਚਿਆਂ ਦਾ ਉਤਸ਼ਾਹ ਅਤੇ ਭਾਗੀਦਾਰੀ ਦੇਖਣ ਯੋਗ ਸੀ, ਜਿਸ ਦੀ ਪ੍ਰਸ਼ੰਸਾ ਕਰਨੀ ਬਣਦੀ ਹੈ। ਸਕੂਲ ਦੇ ਐਮ.ਡੀ. ਚੇਤਨ ਗੁਪਤਾ ਨੇ ਕਿਹਾ ਕਿ ਕਿਡਜ਼ਾਨੀਆ ਵਰਲਡ ਪ੍ਰੀ ਸਕੂਲ ਸਿਰਫ਼ ਸਿੱਖਿਆ ਹੀ ਨਹੀਂ, ਸਗੋਂ ਸੱਭਿਆਚਾਰ ਅਤੇ ਨੈਤਿਕ ਮੁੱਲਾਂ ਦੇ ਖੇਤਰ ਵਿੱਚ ਵੀ ਬੱਚਿਆਂ ਨੂੰ ਮਜ਼ਬੂਤ ਬਣਾਉਣ ਲਈ ਵਚਨਬੱਧ ਹੈ। ਉਨ੍ਹਾਂ ਸਾਰੇ ਬੱਚਿਆਂ, ਮਾਪਿਆਂ ਅਤੇ ਸਟਾਫ ਨੂੰ ਵਿਸਾਖੀ ਦੀਆਂ ਲੱਖ—ਲੱਖ ਵਧਾਈਆਂ ਦਿੱਤੀਆਂ ਅਤੇ ਕਾਰਜਕ੍ਰਮ ਦੀ ਸਫਲਤਾ ਲਈ ਟੀਮ ਨੂੰ ਮੁਬਾਰਕਬਾਦ ਵੀ ਦਿੱਤੀ।

ਆਵਾਜ਼ਿ ਕੌਮ AWAZE QAUM International Newspaper & WEB TV

# ਟੀ.ਬੀ.ਐਸ ਇੰਟਰਨੈਸ਼ਨਲ ਦੇ ਵਿਹੜੇ ਵਿਚ ਮਨਾਇਆ ਵਿਸਾਖੀ ਦਾ ਤਿਉਹਾਰ



ਫ਼ਿਰੋਜ਼ਪੁਰ, 13 ਅਪ੍ਰੈਲ (ਮਨੋਹਰ ਲਾਲ) :— ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਦੇ ਪ੍ਰਬੰਧਕਾਂ ਵੱਲੋਂ ਸਕੂਲੀ ਬੱਚਿਆਂ ਦੇ ਸਹਿਯੋਗ ਨਾਲ ਵਿਸਾਖੀ ਦੇ ਸ਼ੁਭ ਦਿਹਾੜੇ ਤੇ ਕਰਵਾਇਆ ਧਾਰਮਿਕ ਤੇ ਸੱਭਿਆਚਾਰਕ ਸਮਾਗਮ। ਇਸ ਸਮਾਗਮ ਵਿਚ ਬੱਚੇ ਵਿਸ਼ੇਸ਼ ਪੌਸ਼ਕਾਂ ਵਿਚ ਸ਼ਾਮਲ ਹੋਏ ਅਤੇ ਆਪਣੀਆਂ ਕਲਾਕਾਰੀਆਂ ਦੀ ਪੇਸ਼ਕਾਰੀ ਦਿੱਤੀ। ਸਕੂਲ ਚੇਅਰਮੈਨ ਡਾ: ਹੀਰਾ ਲਾਲ ਸ਼ਰਮਾ, ਵਾਈਸ ਚੇਅਰਮੈਨ ਵਿਭੋਰ ਸ਼ਰਮਾ, ਜਨਰਲ ਸਕੱਤਰ ਸ਼ਿਵਮ ਸ਼ਰਮਾ ਅਤੇ ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਦੀ ਨਿਗਰਾਨੀ ਹੇਠ ਚੱਲ ਰਹੇ ਇਸ ਸਕੂਲ ਵਿਚ ਹਰ ਦਿਨ—ਤਿਉਹਾਰ ਨੂੰ ਵੱਖਰੇ ਅੰਦਾਜ ਵਿਚ ਮਨਾਇਆ ਜਾਂਦਾ ਹੈ ਅਤੇ ਇਸ ਦਿਹਾੜੇ ਨੂੰ ਵੀ ਅਲੱਗ ਤਰੀਕੇ ਨਾਲ ਮਨਾਇਆ ਗਿਆ। ਇਸ ਮੌਕੇ ਆਰਕੀਮੀਡੀਜ਼ ਹਾਊਸ ਦੇ ਵਿਦਿਆਰਥੀਆਂ ਦੁਆਰਾ ਇੱਕ ਵਿਸ਼ੇਸ਼ ਸਭਾ ਅਤੇ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਸ਼ਬਦ ਗਾਇਨ ਨਾਲ ਹੋਈ, ਉਪਰੰਤ ਵਿਦਿਆਰਥੀਆਂ ਨੇ ਵਿਸਾਖੀ ਦੇ ਤਿਉਹਾਰ ਨੂੰ ਮਨਾਉਣ ਅਤੇ ਇਸ ਦਿਨ ਜਲ੍ਹਿਆਂਵਾਲਾ ਬਾਗ ਵਿੱਚ ਬ੍ਰਿਟਿਸ਼ ਸਰਕਾਰ ਦੁਆਰਾ ਕੀਤੇ ਗਏ ਦਰਦਨਾਕ ਕਤਲੇਆਮ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੁਆਰਾ ਖਾਲਸਾ ਪੰਥ ਦੀ ਸਥਾਪਨਾ ਬਾਰੇ ਆਪਣੇ ਵਿਚਾਰ ਪੇਸ਼ ਕੀਤੇ। ਇਸ ਮੌਕੇ ਵਿਦਿਆਰਥੀਆਂ ਵੱਲੋਂ ਪੰਜਾਬ ਦਾ ਲੋਕ ਨਾਚ ਭੰਗੜਾ ਪੇਸ਼ ਕੀਤਾ ਗਿਆ, ਜਿਸ ਨੇ ਸਾਰਿਆਂ ਦਾ ਦਿਲ ਜਿੱਤ ਲਿਆ। ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਸਕੂਲ ਪ੍ਰਿੰਸੀਪਲ ਰੇਖਾ ਪਾਸੀ ਨੇ ਕਿਹਾ ਕਿ ਵਿਸਾਖੀ ਦਾ ਤਿਉਹਾਰ ਸਖ਼ਤ ਮਿਹਨਤ ਨਾਲ ਪ੍ਰਾਪਤ ਕੀਤੀ ਖੁਸ਼ਹਾਲੀ ਅਤੇ ਖੁਸ਼ਹਾਲੀ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ ਸਾਨੂੰ ਦੇਸ਼ ਦੇ ਕਿਸਾਨਾਂ ਨੂੰ ਵੀ ਸਲਾਮ ਕਰਨਾ ਚਾਹੀਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਪੰਜਾਬ ਗੈਰਾਜ ਵੱਲੋਂ ਵਿਸਾਖੀ ਅਤੇ ਖਾਲਸਾ ਸਥਾਪਨਾ ਦਿਵਸ ਦੀਆਂ ਲੱਖ ਲੱਖ ਮੁਬਾਰਕਾਂ

Happy
Baisakhi



ਟਰੱਕ ਰਿਪੇਅਰਿੰਗ ਵਾਸਤੇ ਪੰਜਾਬ ਗੈਰਾਜ ਮੌਂਟਰੀਆਲ ਨਾਲ ਸੰਪਰਕ ਕਰੋ

PUNJAB GRAGE INC

MINHAS@PUNJABGARAGE.CA

514-820-7266



## ਖਾਲਸਾ ਪੰਥ ਦੇ ਸਾਜਨਾ ਦਿਵਸ

REPARATION DE CAMIONS ET REMORQUES
MÉCANIQUE GÉNÉRAL
jvmtransport2023@gmail.com
514-979-1086

# ਵਿਸਾਖੀ

## ਪੁਰਬ ਦੀਆਂ ਸਮੂਹ ਸੰਗਤਾਂ ਨੂੰ ਵਧਾਈਆਂ




ਚਾਰੇ ਪਾਸੇ ਫ਼ਸਲਾਂ ਉੱਗ ਰਹੀਆਂ ਹਨ,ਦਿਲ ਵਿੱਚ ਉਤਸ਼ਾਹ ਹੈ,
ਵਿਸਾਖੀ ਦਾ ਤਿਉਹਾਰ ਨਵੀਆਂ ਉਮੀਦਾਂ ਲੈ ਕੇ ਆਇਆ ਹੈ,
ਇਸ ਖਾਸ ਦਿਨ ਦੀਆਂ ਤੁਹਾਨੂੰ ਵਾਰ-ਵਾਰ ਮੁਬਾਰਕਾਂ

# JVM TRANSPORT

Truck and trailer repairing

**JVM TRANSPORT**
Truck and trailer repairing
VARINDER
Cellphone: 5149791086 Office NO.: 450-6826074
Email: Jvmtransport2023@gmail.com
Address: 5255 boulevard Cléroux, Laval , H7T 2E9



### ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ

# ਖਾਲਸਾ ਸਾਜਨਾ ਦਿਵਸ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ




ਨਵੀਂ ਦਿੱਲੀ, 13 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਖਾਲਸਾ ਸਾਜਨਾ ਦਿਵਸ ਪੂਰਨ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਕਮੇਟੀ ਅਧੀਨ ਵੱਖ-ਵੱਖ ਗੁਰਦੁਆਰਾ ਸਾਹਿਬਾਨ ਵਿਚ ਧਾਰਮਿਕ ਦੀਵਾਨ ਸਜਾਏ ਗਏ ਜਦੋਂ ਕਿ ਮੁੱਖ ਸਮਾਗਮ ਗੁਰਦੁਆਰਾ ਮਜਨੂੰ ਕਾ ਟਿੱਲਾ ਵਿਖੇ ਕਰਵਾਇਆ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਇਸ ਸਮਾਗਮ ਨੂੰ ਸੰਬੋਧਨ ਕਰਦਿਆਂ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਕਿਹਾ ਕਿ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਨੇ 13 ਅਪ੍ਰੈਲ 1699 ਨੂੰ ਸ੍ਰੀ ਆਨੰਦਪੁਰ ਸਾਹਿਬ ਦੀ ਪਵਿੱਤਰ ਧਰਤੀ 'ਤੇ ਖਾਲਸਾ ਪੰਥ ਦੀ ਸਾਜਨਾ ਕੀਤੀ। ਉਹਨਾਂ ਕਿਹਾ ਕਿ ਗੁਰੂ ਸਾਹਿਬ ਨੇ ਜ਼ਬਰ ਤੇ ਜ਼ੁਲਮ ਦੇ ਖਿਲਾਫ ਲੜਨ ਵਾਸਤੇ ਖਾਲਸਾਈ ਫੌਜ ਖੜ੍ਹੀ ਕੀਤੀ ਸੀ। ਉਹਨਾਂ ਕਿਹਾ ਕਿ ਗੁਰੂ ਸਾਹਿਬ ਨੇ 14 ਜੰਗਾਂ ਲੜੀਆਂ ਤੇ ਸਾਰੀਆਂ ਵਿਚ ਫਤਿਹ ਹਾਸਲ ਕੀਤੀ। ਉਹਨਾਂ ਕਿਹਾ ਕਿ ਗੁਰੂ ਸਾਹਿਬ ਨੇ ਸਾਨੂੰ ਵਿਲੱਖਣ ਰੂਪ ਦੇ ਕੇ ਖਾਲਸਾ ਸਾਜਿਆ। ਉਹਨਾਂ ਕਿਹਾ ਕਿ ਅੱਜ ਸਾਡੀ ਜ਼ਿੰਮੇਵਾਰੀ ਬਣਦੀ ਹੈ ਕਿ ਅਸੀਂ ਗੁਰੂ ਸਾਹਿਬ ਨਾਲ ਜੁੜੇ ਸਾਰੇ ਦਿਹਾੜੇ ਮਨਾਈਏ ਤੇ ਗੁਰੂ ਸਾਹਿਬ ਦਾ ਜਸ ਗਾਇਨ ਕਰੀਏ। ਉਹਨਾਂ ਕਿਹਾ ਕਿ ਗੁਰੂ ਸਾਹਿਬ ਨੇ ਖਾਲਸਾ ਰੂਪ ਨੂੰ ਬਹੁਤ ਵਡਿਆਈ ਦਿੱਤੀ ਹੈ। ਗੁਰੂ ਸਾਹਿਬ ਨੇ ਸਾਨੂੰ ਗੁਰੂ ਗ੍ਰੰਥ ਸਾਹਿਬ ਤੋਂ ਬਾਣੀ ਪੜ੍ਹਨ ਤੇ ਅਕਾਲ ਪੁਰਖ ਦੀ ਉਸਤਤ ਕਰਨ ਦਾ ਸੰਦੇਸ਼ ਦਿੱਤਾ। ਇਸ ਮੌਕੇ ਆਗੂਆਂ ਨੇ ਸੰਗਤ ਨੂੰ ਅਪੀਲ ਕੀਤੀ ਕਿ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸ੍ਰੀ ਸਹਿਜ ਪਾਠ ਦੀ ਆਰੰਭਤਾ 15 ਅਪ੍ਰੈਲ ਨੂੰ ਸਵੇਰੇ 11.00 ਵਜੇ ਭਾਈ ਲੱਖੀ ਸ਼ਾਹ ਵਣਜਾਰਾ ਹਾਲ ਗੁਰਦੁਆਰਾ ਰਕਾਬਗੰਜ ਸਾਹਿਬ ਕੰਪਲੈਕਸ ਵਿਚ ਕੀਤੀ ਜਾਵੇਗੀ। ਉਹਨਾਂ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਗਿਣਤੀ ਵਿਚ ਇਸ ਪ੍ਰੋਗਰਾਮ ਵਿਚ ਸ਼ਾਮਲ ਹੋਣ। ਉਹਨਾਂ ਕਿਹਾ ਕਿ ਜਦੋਂ ਅਸੀਂ ਬਾਣੀ ਪੜ੍ਹਾਂਗੇ ਤਾਂ ਸਾਡਾ ਜੀਵਨ ਬਦਲੇਗਾ। ਉਹਨਾਂ ਕਿਹਾ ਕਿ ਸਹਿਜ ਪਾਠਾਂ ਦੀ ਲੜੀ ਵਾਸਤੇ ਅਸੀਂ ਸੰਗਤਾਂ ਨੂੰ ਘਰਾਂ ਵਾਸਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪ ਵੀ ਉਪਲਬਧ ਕਰਾਵਾਂਗੇ। ਜਿਹੜੇ ਘਰਾਂ ਵਿਚ ਸਰੂਪ ਸੁਸ਼ੋਭਿਤ ਕਰਨ ਲਈ ਥਾਂ ਨਹੀਂ, ਉਹਨਾਂ ਵਾਸਤੇ ਸੈਂਚੀਆਂ ਵੀ ਉਪਲਬਧ ਕਰਾਵਾਂਗੇ। ਉਹਨਾਂ ਸੰਗਤਾਂ ਨੂੰ ਅਪੀਲ ਕੀਤੀ ਕਿ 200 ਦਿਨ ਦਾ ਸਮਾਂ ਸੰਗਤਾਂ ਕੋਲ ਹੈ, ਜਿਸ ਦੌਰਾਨ ਉਹ ਆਪਣੇ ਸਹਿਜ ਪਾਠ ਸੰਪੰਨ ਕਰ ਸਕਦੇ ਹਨ। ਉਹਨਾਂ ਦੱਸਿਆ ਕਿ 25 ਨਵੰਬਰ ਨੂੰ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ ਸ਼ਹੀਦੀ ਦਿਹਾੜਾ ਲਾਲ ਕਿਲ੍ਹੇ 'ਤੇ ਬਹੁਤ ਵੱਡੀ ਪੱਧਰ 'ਤੇ ਮਨਾਇਆ ਜਾਵੇਗਾ। ਇਸ ਮੌਕੇ ਉਹਨਾਂ ਇਹ ਵੀ ਦੱਸਿਆ ਕਿ 18 ਅਪ੍ਰੈਲ ਨੂੰ ਗੁਰੂ ਤੇਗ ਬਹਾਦਰ ਸਾਹਿਬ ਦਾ ਜਨਮ ਦਿਹਾੜਾ ਹੈ ਜਿਸ ਦੌਰਾਨ ਗੁਰਦੁਆਰਾ ਸੀਸ਼ਗੰਜ ਸਾਹਿਬ ਵਿਖੇ ਦੀਵਾਨ ਸਜਾਏ ਜਾਣਗੇ। ਉਹਨਾਂ ਦੱਸਿਆ ਕਿ 19 ਅਤੇ 20 ਅਪ੍ਰੈਲ ਨੂੰ ਦਿੱਲੀ ਫਤਿਹ ਦਿਵਸ ਮਨਾਇਆ ਜਾਵੇਗਾ। ਉਹਨਾਂ ਦੱਸਿਆ ਕਿ 19 ਤਾਰੀਕ ਨੂੰ ਕੀਰਤਨ ਦਰਬਾਰ ਸਜਾਏ ਜਾਣਗੇ ਜਿਹਨਾਂ ਵਿਚ ਉੱਚ ਕੋਟੀ ਦੇ ਰਾਗੀ ਸਿੰਘ ਪਹੁੰਚਣਗੇ। 20 ਅਪ੍ਰੈਲ ਤਾਰੀਕ ਨੂੰ ਜਰਨੈਲੀ ਮਾਰਚ ਹੋਵੇਗਾ ਜਿਸ ਵਿਚ ਖਾਲਸਾਈ ਫੌਜ ਨਿਹੰਗ ਸਿੰਘ ਜਥੇਬੰਦੀਆਂ ਤੇ ਹੋਰ ਦਲ ਬਲ ਸ਼ਾਮਲ ਹੁੰਦਾ ਹੈ ਤੇ ਇਹ ਲਾਲ ਕਿਲ੍ਹੇ 'ਤੇ ਜਾ ਕੇ ਸਮਾਪਤ ਹੁੰਦਾ ਹੈ। ਉਹਨਾਂ ਇਹ ਵੀ ਦੱਸਿਆ ਕਿ ਦਿੱਲੀ ਗੁਰਦੁਆਰਾ ਕਮੇਟੀ ਨੇ ਭਾਰਤ ਸਰਕਾਰ ਦੇ ਘੱਟ ਗਿਣਤੀ ਮੰਤਰਾਲੇ ਨਾਲ ਇਕ ਸਮਝੌਤਾ ਸਹੀਬੱਧ ਕੀਤਾ ਹੈ ਜਿਸ ਤਹਿਤ 30 ਹਜ਼ਾਰ ਸਿੱਖ ਨੌਜਵਾਨਾਂ ਨੂੰ ਹੁਨਰਮੰਦ ਬਣਾਉਣ ਵਾਸਤੇ ਸਕਿੱਲ ਡਵੈਲਪਮੈਂਟ ਕੋਰਸ ਮੁਫਤ ਵਿਚ ਕਰਵਾਏ ਜਾਣਗੇ। ਭਾਰਤ ਸਰਕਾਰ ਇਸ ਪ੍ਰੋਗਰਾਮ 'ਤੇ 100 ਕਰੋੜ ਰੁਪਏ ਖਰਚ ਕਰੇਗੀ। ਉਹਨਾਂ ਕਿਹਾ ਕਿ ਇਹ ਕੋਰਸ ਕਰਨ ਨਾਲ ਨੌਜਵਾਨਾਂ ਨੂੰ ਰੋਜ਼ਗਾਰ ਮਿਲੇਗਾ ਤੇ ਉਹ ਆਪਣੇ ਕੰਮਕਾਜ ਵੀ ਸ਼ੁਰੂ ਕਰ ਸਕਦੇ ਹਨ। ਉਹਨਾਂ ਦੱਸਿਆ ਕਿ ਕੋਰਸ ਉਪਰੰਤ ਲੋਨ ਦੀ ਸਹੂਲਤ ਵੀ ਪ੍ਰਦਾਨ ਕੀਤੀ ਜਾਵੇਗੀ। ਉਹਨਾਂ ਨੇ ਇਹ ਕੋਰਸ ਕਰਨ ਦੇ ਇੱਛੁਕ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਇਹ ਕੋਰਸ ਕਰਨ ਵਾਸਤੇ ਦਿੱਲੀ ਗੁਰਦੁਆਰਾ ਕਮੇਟੀ ਦੇ ਦਫਤਰ ਸੰਪਰਕ ਕਰਨ। ਇਸ ਦੌਰਾਨ ਧਰਮ ਪ੍ਰਚਾਰ ਕਮੇਟੀ ਦੇ ਚੇਅਰਮੈਨ ਸਰਦਾਰ ਜਸਪ੍ਰੀਤ ਸਿੰਘ ਕਰਮਸਰ ਨੇ ਵੀ ਸਮਾਗਮ ਨੂੰ ਸੰਬੋਧਨ ਕੀਤਾ ਤੇ ਸੰਗਤਾਂ ਨੂੰ ਵੱਧ ਤੋਂ ਵੱਧ ਗਿਣਤੀ ਵਿਚ ਸਹਿਜ ਪਾਠਾਂ ਦੀ ਲੜੀ ਦਾ ਹਿੱਸਾ ਬਣਨ ਦੀ ਅਪੀਲ ਕੀਤੀ।

### ਵਿਸਾਖੀ ਜੋੜ ਮੇਲੇ ਦੌਰਾਨ ਛਾਂ ਲਈ ਲਗਾਏ ਗਏ ਟੈਂਟ ਦੀਆਂ ਪਾਈਪਾਂ ਵਿੱਚ

# ਕਰੰਟ ਨਾਲ ਇੱਕ ਦੀ ਮੌਤ ਅਤੇ ਕਈ ਜਖਮੀ









ਤਲਵੰਡੀ ਸਾਬੋ, 13 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)- ਖਾਲਸਾ ਸਾਜਨਾ ਦਿਵਸ ਵਿਸਾਖੀ ਜੋੜ ਮੇਲੇ ਦੌਰਾਨ ਇੱਕ ਦਰਦਨਾਕ ਹਾਦਸਾ ਵਾਪਰਨ ਦੀ ਖਬਰ ਸਾਹਮਣੇ ਆ ਰਹੀ ਹੈ। ਮਿਲੀ ਜਾਣਕਾਰੀ ਅਨੁਸਾਰ ਸੰਗਤਾਂ ਲਈ ਲਗਾਏ ਗਏ ਟੈਂਟ ਵਿੱਚ ਲੋਹੇ ਦੀਆਂ ਪਾਈਪਾਂ ਵਿੱਚ ਕਰੰਟ ਆਉਣ ਨਾਲ ਕਈ ਸ਼ਰਧਾਲੂ ਇਸ ਦੀ ਲਪੇਟ ਵਿੱਚ ਆ ਗਏ ਜਿਨਾਂ ਨੂੰ ਤੁਰੰਤ ਸਿਵਲ ਹਸਪਤਾਲ ਤਲਵੰਡੀ ਸਾਬੋ ਪਹੁੰਚਾਇਆ ਗਿਆ ਜਿੱਥੇ ਡਾਕਟਰਾਂ ਨੇ ਇੱਕ ਨੌਜਵਾਨ ਨੂੰ ਮ੍ਰਿਤਕ ਐਲਾਨ ਦਿੱਤਾ ਅਤੇ ਬਾਕੀ ਜੇਰੇ ਇਲਾਜ ਇਲਾਜ ਹਨ। ਹਸਪਤਾਲ ਦੇ ਸੂਤਰਾਂ ਮੁਤਾਬਿਕ ਇੱਕ ਮ੍ਰਿਤਕ ਵਿਅਕਤੀ ਦੀ ਪਛਾਣ ਭਿੰਦਰ ਸਿੰਘ ਵਾਸੀ ਸੂਰਤੀਆ ਜ਼ਿਲਾ ਸਰਸਾ ਹਰਿਆਣਾ ਵਜੋਂ ਹੋਈ ਹੈ ਜਦੋਂਕਿ ਜਖਮੀਆਂ ਦੀ ਪਛਾਣ ਸੱਤਪਾਲ ਸਿੰਘ ਅਤੇ ਕੁਲਵੀਰ ਸਿੰਘ ਵਾਸੀ ਪਿੰਡ ਜਖੇਪਲ ਜਿਲ੍ਹਾ ਸੰਗਰੂਰ ਵਜੋਂ ਹੋਈ ਹੈ। ਪੀੜਿਤਾਂ ਦਾ ਕਹਿਣਾ ਹੈ ਕਿ ਇਹ ਦੁਰਭਾਗੀ ਘਟਨਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਤਲਵੰਡੀ ਸਾਬੋ ਪ੍ਰਬਧਕਾਂ ਦੀ ਅਣਗਹਿਲੀ ਕਾਰਨ ਘਟੀ ਹੈ। ਕਰੰਟ ਦੀ ਲਪੇਟ ਵਿੱਚ ਆਏ ਪੀੜਿਤਾਂ ਨੇ ਜਦੋਂ ਪੱਤਰਕਾਰਾਂ ਨਾਲ ਗੱਲਬਾਤ ਕੀਤੀ ਤਾਂ ਉਨਾਂ ਦੱਸਿਆ ਕਿ ਜਿੰਨਾ ਸ਼ਰਧਾਲੂਆਂ ਨੇ ਇਨ੍ਹਾਂ ਪਾਈਪਾਂ ਨੂੰ ਹੱਥ ਲਾਇਆ ਤਾਂ ਇੱਕ ਦਮ ਇਸ ਵਿੱਚ ਕਰੰਟ ਆ ਗਿਆ ਜਿਸ ਨਾਲ ਕਈ ਸ਼ਰਧਾਲੂ ਜਖਮੀ ਹੋ ਗਏ ਅਤੇ ਇੱਕ ਦੀ ਮੌਤ ਹੋ ਗਈ। ਉਹਨਾਂ ਕਿਹਾ ਕਿ ਸਾਨੂੰ ਨਹੀਂ ਪਤਾ ਲੱਗਿਆ ਇੱਕ ਦਮ ਕਰੰਟ ਆ ਗਿਆ ਜਿਆਦਾ ਭੀੜ ਹੋਣ ਕਾਰਨ ਅਸੀਂ ਵੀ ਮਸਾਂ ਬਚ ਕੇ ਨਿਕਲੇ ਹਾਂ। ਇੱਕ ਸ਼ਰਧਾਲੂ ਨੌਜਵਾਨ ਨੇ ਦੱਸਿਆ ਕਿ ਇੱਕ ਦਮ ਹਫੜਾ ਦਫੜੀ ਫੈਲਣ ਨਾਲ ਕਾਫੀ ਸੰਗਤਾਂ ਜਿਹਨਾਂ ਵਿਚ ਬਜ਼ੁਰਗ, ਬੱਚੇ, ਔਰਤਾਂ ਵੀ ਸਨ ਡਿੱਗ ਕੇ ਵੀ ਜਖਮੀ ਹੋ ਗਏ ਹਨ। ਉਨਾਂ ਦੋਸ਼ ਲਾਇਆ ਕਿ ਇਹ ਸਾਰੀ ਲਾਪਰਵਾਹੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧਕਾਂ ਦੀ ਹੈ ਉਹਨਾਂ ਕਿਹਾ ਕਿ ਜੇਕਰ ਜਿਆਦਾ ਲੋਕ ਇਸ ਦੀ ਲਪੇਟ ਵਿੱਚ ਆ ਜਾਂਦੇ ਤਾਂ ਇਥੇ ਇਸਤੋਂ ਵੀ ਵੱਡੀ ਘਟਨਾ ਵਾਪਰ ਸਕਦੀ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

## ਗੁਰਦੁਆਰਾ ਬਾਬਾ ਰਾਮ ਲਾਲ ਆਰਿਫਕੇ ਵਿਖੇ ਖਾਲਸਾ ਸਾਜਨਾ ਦਿਵਸ ਵਿਸਾਖੀ ਬੜੀ ਸ਼ਰਧਾ ਭਾਵਨਾ ਨਾਲ ਮਨਾਈ



ਫ਼ਿਰੋਜ਼ਪੁਰ, 13 ਅਪ੍ਰੈਲ (ਮਨੋਹਰ ਲਾਲ) :— ਗੁਰਦੁਆਰਾ ਬਾਬਾ ਰਾਮ ਲਾਲ ਆਰਿਫਕੇ ਵਿਖੇ ਖਾਲਸੇ ਦਾ ਜਨਮ ਦਿਹਾੜਾ ਅਤੇ ਵਿਸਾਖੀ ਬੜੀ ਸ਼ਰਧਾ ਭਾਵਨਾ ਨਾਲ ਮਨਾਈ ਗਈ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਭੋਗ ਉਪਰੰਤ ਦੀਵਾਨ ਸਜਾਏ ਗਏ, ਜਿਸ ਵਿਚ ਰਾਗੀ, ਕਵੀਸ਼ਰੀ ਜਥਿਆਂ ਨੇ ਆਪਣੀ ਮਧੁਰ ਬਾਣੀ ਨਾਲ ਸੰਗਤਾਂ ਨੂੰ ਧੰਨ—ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਜੀਵਨ ਬਾਰੇ ਵਿਸਥਾਰ ਪੂਰਵਕ ਚਾਨਣਾ ਪਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਤੇ ਸੰਤਾਂ ਮਹਾਂਪੁਰਸ਼ਾਂ ਜਿਨ੍ਹਾਂ ਵਿਚ ਬਾਬਾ ਅਵਤਾਰ ਸਿੰਘ ਘਰਿਆਲੇ ਵਾਲੇ, ਬਾਬਾ ਅਵਤਾਰ ਸਿੰਘ ਚੰਦ ਮਖੂ ਵਾਲਿਆਂ ਵਿਸ਼ੇਸ਼ ਤੌਰ ਤੇ ਪਹੁੰਚ ਕੇ ਆਪਣੀ ਹਾਜ਼ਰੀ ਲੁਆਈ। ਇਸ ਮੌਕੇ ਤੇ ਗੁਰਦੁਆਰਾ ਬਾਬਾ ਰਾਮ ਲਾਲ ਆਰਿਫਕੇ ਮੁੱਖ ਸੇਵਾਦਾਰ ਬਾਬਾ ਦਿਲਬਾਗ ਸਿੰਘ ਨੇ ਆਏ ਹੋਏ ਮਹਾਂਪੁਰਸ਼ਾਂ ਦਾ ਅਤੇ ਸੰਗਤਾਂ ਦਾ ਧੰਨਵਾਦ ਕੀਤਾ, ਜਿਨ੍ਹਾਂ ਨੇ ਕੀਮਤੀ ਸਮਾਂ ਕੱਢ ਕੇ ਹਾਜ਼ਰੀ ਭਰੀ। ਇਸ ਮੌਕੇ ਤੇ ਬਾਬਾ ਦਿਲਬਾਗ ਸਿੰਘ ਜੀ ਨੇ ਸੰਗਤਾਂ ਅੱਗੇ ਬੇਨਤੀ ਕੀਤੀ ਕਿ ਗੁਰਦੁਆਰਾ ਸਾਹਿਬ ਦੇ ਦਰਬਾਰ ਦੇ ਬਰਾਡੇ ਦੀ ਚਾਰ ਦੀਵਾਰੀ ਵਿਚ ਕੱਧ ਵਾਲੀ ਟਾਇਲ, ਦਰਬਾਰ ਦੇ ਸਾਰੇ ਗੇਟ ਨਵੇਂ ਲਗਾਉਣ ਦੀ ਸੇਵਾ ਆਰੰਭ ਹੈ, ਸੰਗਤਾਂ ਅੱਗੇ ਬੇਨਤੀ ਹੈ ਕਿ ਉਹ ਤਨ, ਮਨ, ਧੰਨ ਨਾਲ ਸੇਵਾ ਕਰਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੋ। ਇਸ ਮੌਕੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

## ਇਨਸਾਨੀਅਤ ਸੇਵਾ ਦਲ ਵੱਲੋਂ 30ਵੀਂ ਵਰ੍ਹੇਗੰਢ ਮੰਦਿਰ ਨੀਲ ਕੰਠ ਵਿਖੇ ਬੜੀ ਸ਼ਰਧਾ ਭਾਵਨਾ ਨਾਲ ਮਨਾਈ



ਫ਼ਿਰੋਜ਼ਪੁਰ, 13 ਅਪ੍ਰੈਲ (ਮਨੋਹਰ ਲਾਲ) :— ਸਮੇਂ—ਸਮੇਂ ਤੇ ਲੋਕ ਭਲਾਈ ਦੇ ਕੰਮ ਕਰਦੀ ਆ ਰਹੀ ਇਨਸਾਨੀਅਤ ਸੇਵਾ ਦਲ ਰਜਿ: ਵੱਲੋਂ ਸੰਸਥਾ ਦੀ 30ਵੀਂ ਵਰ੍ਹੇਗੰਢ ਮੰਦਿਰ ਨੀਲ ਕੰਠ ਵਿਖੇ ਬੜੀ ਸ਼ਰਧਾ ਭਾਵਨਾ ਨਾਲ ਮਨਾਈ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਰਮਾਇਣ ਜੀ ਦੇ ਪਾਠ ਦੇ ਭੋਗ ਪਾਏ ਗਏ, ਭੋਗ ਉਪਰੰਤ ਕੀਰਤਨ ਭਗਤੀ ਭਜਨ ਗਰੁੱਪ ਕੀਰਤਨ ਕੀਤਾ ਗਿਆ, ਜਿਸ ਵਿਚ ਸ੍ਰੀ ਧਰਮਪਾਲ ਬਾਂਸਲ, ਕੈਲਾਸ਼ ਸ਼ਰਮਾ ਨੇ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਤੇ ਪ੍ਰਧਾਨ ਰਜਿੰਦਰ ਸ਼ਰਮਾ ਸਾਮਾ ਸੀਨੀਅਰ ਵਾਈਸ ਪ੍ਰਧਾਨ ਰਜਿੰਦਰ ਸ਼ਰਮਾ ਛਾਉਣੀ ਵਾਈਸ ਪ੍ਰਧਾਨ ਤਰੁਣ ਚਾਨਣਾ, ਸੈਕਟਰੀ ਰਮੇਸ਼ ਸ਼ਰਮਾ, ਖਜਾਨਚੀ ਰਮਨ ਵਧਵਾ, ਮੈਂਬਰ ਸੰਜੀਵ ਸ਼ਰਮਾ, ਦਰਸ਼ਨ ਸਿੰਘ ਬੰਧੂ, ਸਟੋਰ ਕੀਪਰ ਅਸ਼ਵਨੀ ਸ਼ਰਮਾ, ਲਵੀਸ਼ ਧਵਨ, ਧੀਰਜ ਗਰੋਵਰ ਨੇ ਬਹੁਤ ਹੀ ਸੁਚੱਜੇ ਢੰਗ ਨਾਲ ਸੇਵਾ ਨਿਭਾਈ। ਇਸ ਮੌਕੇ ਤੇ ਲੰਗਰ ਦੀ ਸੇਵਾ ਸਾਰੇ ਅਹੁਦੇਦਾਰਾਂ ਨੇ ਆਪਣੇ ਹੱਥੀਂ ਨਿਭਾਈ।

ਆਵਾਜ਼ਿ ਕੌਮ AWAZE QAUM International Newspaper & WEB TV

## ਸ੍ਰੀ ਹਨੂੰਮਾਨ ਜੈਅੰਤੀ ਨੂੰ ਸਮਰਪਿਤ ਚੋੜਾ ਬਾਜ਼ਾਰ ਵਿਖੇ ਵੱਖ-ਵੱਖ ਪਦਾਰਥਾਂ ਦੇ ਲੰਗਰ ਲਗਾਏ ਗਏ



**ਜੰਡਿਆਲਾ ਗੁਰੂ 13 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ)**-ਬੀਤੇ ਕਲ੍ਹ ਸ੍ਰੀ ਹਨੂੰਮਾਨ ਜੈਅੰਤੀ ਦੇ ਸਬੰਧ ਵਿੱਚ ਬਾਵਾ ਲਾਲ ਦਿਆਲ ਲੰਗਰ ਕਮੇਟੀ ਵਲੋ ਚੋੜਾ ਬਾਜ਼ਾਰ ਜੰਡਿਆਲਾ ਗੁਰੂ ਵਿਖੇ ਦੁਪਹਿਰ ਤੋਂ ਸ਼ਾਮ ਤਕ ਵੱਖ ਵੱਖ ਪਦਾਰਥਾਂ ਦੇ ਲੰਗਰ ਲਗਾਏ ਗਏ । ਇਸ ਮੌਕੇ ਹੋਰਨਾਂ ਤੋਂ ਇਲਾਵਾ ਵਰੁਣ ਸੋਨੀ ਮੁੱਖ ਪ੍ਰਬੰਧਕ ਵਲੋ ਬਾਖੂਬੀ ਸੇਵਾ ਨਿਭਾਈ ਗਈ । ਲੰਗਰ ਵਿਚ ਪੂੜੀ ਛੋਲੇ, ਕੜੀ ਚਾਵਲ, ਕੜਾਹ , ਫੁੱਲਵੜੀਆਂ, ਜਲ ਜ਼ੀਰਾ ਆਦਿ ਸੰਗਤਾਂ ਨੂੰ ਛਕਾਇਆ ਗਿਆ । ਸੇਵਾਦਾਰਾਂ ਵਿਚ ਵਿਸ਼ੇਸ਼ ਤੌਰ ਤੇ ਵਿਮਲ ਕੁਮਾਰ ਮੰਗਾ, ਬਬਲੂ ਸ਼ਰਮਾ, ਅਮਰਜੀਤ, ਪ੍ਰਿੰਸਤਾਵਾਂ ਤਾਵਨ, ਰਤੁਲ, ਰਾਹੁਲ ਸੋਨੀ, ਅਨਿਲ ਕੁਮਾਰ ਪੱਪੂ, ਕਰਨ ਸਿੰਘ ਖਾਲਸਾ, ਪਿਆਛੂ ਪ੍ਰਧਾਨ ਖੂਹ ਵਾਲੇ ਮੁਹੱਲੇ ਦਾ, ਮੋਹਿਤ ਸੂਰੀ, ਕੰਨੂ ਆਨੰਦ, ਰਿਦਮ ਸੂਰੀ, ਹਰਿੰਦਰਪਾਲ ਸਿੰਘ, ਰਾਕੇਸ਼ ਕੁਮਾਰ ਆਦਿ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਖਾਲਸਾ ਸਾਜਨਾ ਦਿਵਸ ਵਿਸਾਖੀ ਸਮਾਗਮ ਗੁਰਦੁਆਰਾ ਸਾਹਿਬ ਪਾਤਸ਼ਾਹੀ ਪਹਿਲੀ ਅਤੇ ਦਸਵੀਂ ਕਪਾਲਮੋਚਨ ਯਮੁਨਾਨਗਰ ਵਿਖੇ

# ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਵੱਲੋਂ ਚੜ੍ਹਦੀਕਲਾ ਨਾਲ ਮਨਾਇਆ ਗਿਆ

## ਅੰਮ੍ਰਿਤ ਸੰਚਾਰ ਵਿੱਚ 149 ਪ੍ਰਾਣੀਆਂ ਨੇ ਖੰਡੇ ਬਾਟੇ ਦਾ ਅੰਮ੍ਰਿਤ ਛੱਕ ਕੇ ਗੁਰੂ ਵਾਲੇ ਬਣੇ















**ਯਮੁਨਾਨਗਰ, 13 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਖਾਲਸਾ ਸਾਜਨਾ ਦਿਵਸ ਵਿਸਾਖੀ ਸਮਾਗਮ ਗੁਰਦੁਆਰਾ ਸਾਹਿਬ ਪਾਤਸ਼ਾਹੀ ਪਹਿਲੀ ਅਤੇ ਦਸਵੀਂ ਕਪਾਲਮੋਚਨ ਯਮੁਨਾਨਗਰ ਵਿਖੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਵੱਲੋਂ ਚੜ੍ਹਦੀਕਲਾ ਨਾਲ ਮਨਾਇਆ ਗਿਆ ਇਸ ਸਮੇਂ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਸਰਦਾਰ ਸੁਖਵਿੰਦਰ ਸਿੰਘ ਮੰਡੇਬਰ ਜਨਰਲ ਸਕੱਤਰ,ਸਰਦਾਰ ਸਵਰਨ ਸਿੰਘ ਬੁੰਗਾ ਟਿੱਬੀ ਮੈਂਬਰ

ਆਵਾਜ਼ਿ ਕੌਮ AWAZE QAUM International Newspaper & WEB TV

ਹਲਕਾ ਪੰਚਕੂਲਾ,ਸਰਦਾਰ ਗੁਰਬੀਰ ਸਿੰਘ ਤਲਾਕੌਰ ਮੈਂਬਰ ਹਲਕਾ ਰਦੌਰ ਯਮੁਨਾਨਗਰ,ਸਰਦਾਰ ਗੁਰਮੀਤ ਸਿੰਘ ਮੀਤਾ ਰਾਮਸਰ ਮੈਂਬਰ ਹਲਕਾ ਕਾਲਕਾ,ਸਰਦਾਰ ਸਰਬਜੀਤ ਸਿੰਘ ਜੰਮੂ ਸਕੱਤਰ ਧਰਮ ਪ੍ਰਚਾਰ,ਸਰਦਾਰ ਸਿਕੰਦਰ ਸਿੰਘ ਵਰਾਣਾ ਇੰਚਾਰਜ ਧਰਮ ਪ੍ਰਚਾਰ ਸਬ ਦਫਤਰ ਨਾਢਾ ਸਾਹਿਬ,ਜਥੇਦਾਰ ਮਨਮੋਹਨ ਸਿੰਘ ਬਲੌਲੀ,ਸਰਦਾਰ ਰਜਿੰਦਰ ਸਿੰਘ ਬਕਾਲਾ,ਮੈਨੇਜਰ ਹਰਸਿਮਰਨ ਸਿੰਘ ਹੁੰਦਲ,ਮੁੱਖ ਗ੍ਰੰਥੀ ਭਾਈ ਮਨਜੀਤ ਸਿੰਘ,ਧਾਰਮਿਕ ਅਧਿਆਪਕ ਭਾਈ ਗੋਬਿੰਦ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ ਸਤਿਕਾਰਤ ਸ਼ਖਸ਼ੀਅਤਾਂ ਦਾ ਸਿਰਪਾਓ ਦੇ ਕੇ ਵਿਸ਼ੇਸ਼ ਸਨਮਾਨ ਕੀਤਾ ਗਿਆ ਗੁਰੂ ਕਾ ਲੰਗਰ



ਅਤੁੱਟ ਵਰਤਿਆ ਅੰਮ੍ਰਿਤ ਸੰਚਾਰ ਵਿੱਚ 149 ਪ੍ਰਾਣੀਆਂ ਨੇ ਖੰਡੇ ਬਾਟੇ ਦਾ ਅੰਮ੍ਰਿਤ ਛੱਕ ਕੇ ਗੁਰੂ ਵਾਲੇ ਬਣਨਾ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਵਿਸਾਖੀ ਮੇਲੇ 'ਚ ਲੱਖਾਂ ਦੀ ਗਿਣਤੀ ਸੰਗਤਾਂ ਤਖ਼ਤ ਸ਼੍ਰੀ ਦਮਦਮਾ ਸਾਹਿਬ ਹੋਈਆਂ ਨਤਮਸਤਕ

# ਸਿਆਸੀ ਕਾਨਫਰੰਸਾਂ 'ਚ ਇਕੱਠ ਕਰਨ ਲਈ ਪਾਰਟੀਆਂ ਨੇ ਲਾਇਆ ਅੱਡੀ ਚੋਟੀ ਦਾ ਜ਼ੋਰ

### ਦਰਬਾਰ ਸਾਹਿਬ ਤੱਕ ਜਾਣ ਲਈ ਸੰਗਤਾਂ ਵਾਸਤੇ ਟੈਂਟਾਂ ਦੀਆਂ ਪਾਈਪਾਂ ਚ ਆਇਆ ਕਰੰਟ, ਇੱਕ ਦੀ ਮੌਤ, ਕਈ ਜਖਮੀ













ਤਲਵੰਡੀ ਸਾਬੋ, 13 ਅਪਰੈਲ (ਗੁਰਜੰਟ ਸਿੰਘ ਨਥੇਹਾ)- ਸਿੱਖ ਕੌਮ ਦੇ ਚੌਥੇ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਕੱਲ੍ਹ ਤੋਂ ਰਸਮੀ ਤੌਰ 'ਤੇ ਸ਼ੁਰੂ ਹੋਏ ਚਾਰ ਰੋਜਾ ਵਿਸਾਖੀ ਮੇਲੇ ਦੇ ਅੱਜ ਤੀਸਰੇ ਅਤੇ ਮੁੱਖ ਦਿਨ ਲੱਖਾਂ ਹੀ ਸੰਗਤਾਂ ਨੇ ਪਵਿੱਤਰ ਸਰੋਵਰਾਂ ਵਿੱਚ ਇਸ਼ਨਾਨ ਕਰਕੇ ਤਖ਼ਤ ਸਾਹਿਬ ਸਮੇਤ ਇੱਥੋਂ ਦੇ ਹੋਰ ਧਾਰਮਿਕ ਅਸਥਾਨਾਂ ਵਿੱਚ ਮੱਥਾ ਟੇਕਿਆ। ਚਾਹੇ ਕਈ ਦਿਨਾਂ ਤੋਂ ਦੂਰੋਂ ਨੇੜਿਓਂ ਸੰਗਤਾਂ ਦਾ ਇੱਥੇ ਆਉਣਾ ਜਾਣਾ ਬਣਿਆ ਹੋਇਆ ਹੈ, ਪਰ ਅੱਜ ਮੁੱਖ ਦਿਨ ਵਿਸਾਖੀ ਦਿਹਾੜੇ ਮੌਕੇ ਵੱਖ-ਵੱਖ ਸਾਧਨਾਂ ਰਾਹੀਂ ਸੰਗਤਾਂ ਵੱਡੀ ਗਿਣਤੀ ਵਿੱਚ ਇੱਥੇ ਪਹੁੰਚਕੇ ਨਤਮਸਤਕ ਹੋਈਆਂ ਅਤੇ ਸਰੋਵਰਾਂ ਚ ਇਸ਼ਨਾਨ ਕਰਕੇ ਅਰਦਾਸਾਂ ਕੀਤੀਆਂ। ਤਖ਼ਤ ਸਾਹਿਬ ਸਮੇਤ ਇੱਥੋਂ ਦੇ ਹੋਰ ਧਾਰਮਿਕ ਅਸਥਾਨਾਂ, ਰਸਤਿਆਂ, ਚੌਕਾਂ ਅਤੇ ਹੋਰ ਇਮਾਰਤਾਂ ਨੂੰ ਰੰਗਦਾਰ ਰੌਸ਼ਨੀ ਨਾਲ ਸਜਾਇਆ ਗਿਆ। ਮੇਲੇ ਵਿੱਚ ਸਮਾਜ ਵਿਰੋਧੀ ਅਨਸਰਾਂ 'ਤੇ ਕਰੜੀ ਨਿਗਾਹ ਰੱਖਣ ਲਈ ਵੱਡੀ ਗਿਣਤੀ ਚਿੱਟ ਕੱਪੜੀ ਪੁਲਿਸ ਅਤੇ ਖੁਫੀਆ ਤੰਤਰ ਤਾਇਨਾਤ ਹੈ। ਮੇਲੇ ਦੇ ਮੁੱਖ ਦਿਨ 13 ਅਪਰੈਲ ਨੂੰ ਸ਼੍ਰੋਮਣੀ ਅਕਾਲੀ ਦਲ (ਬ), ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ, ਵਾਰਿਸ ਪੰਜਾਬ ਦੇ ਅਤੇ ਬਸਪਾ ਵੱਲੋਂ ਕੀਤੀਆਂ ਗਈਆਂ। ਸਿਆਸੀ ਕਾਨਫਰੰਸਾਂ ਵਿੱਚ ਵੱਡੇ ਇਕੱਠੇ ਕਰਨ ਲਈ ਪਾਰਟੀਆਂ ਵੱਲੋਂ ਅੱਡੀ ਚੋਟੀ ਦਾ ਜੋਰ ਲਾਇਆ। ਜਿਨ੍ਹਾਂ ਵਿੱਚ ਲੀਡਰਾਂ ਵੱਲੋਂ ਆਪਣੇ ਭਾਸ਼ਣਾਂ ਵਿੱਚ ਪੰਜਾਬ ਦੀ ਸੱਤਾਧਾਰੀ ਆਪ ਅਤੇ ਕੇਂਦਰ ਦੀ ਭਾਜਪਾ ਸਰਕਾਰ 'ਤੇ ਨਿਸ਼ਾਨੇ ਸਾਧੇ ਅਤੇ ਆਪਣੇ ਹੋਰ ਵਿਰੋਧੀਆਂ ਨੂੰ ਆੜੇ ਹੱਥੀਂ ਲਿਆ। ਦੂਜੇ ਪਾਸੇ ਸੁਖਬੀਰ ਸਿੰਘ ਬਾਦਲ ਦੇ ਅੱਜ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਬਣਨ ਨਾਲ ਅਕਾਲੀ ਦਲ ਦੀ ਕਾਨਫਰੰਸ ਲਈ ਪਾਰਟੀ ਆਗੂਆਂ ਤੇ ਵਰਕਰਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਸੰਗਤਾਂ ਵੱਲੋਂ ਦਰਬਾਰ ਸਾਹਿਬ ਨਤਮਸਤਕ ਹੋਣ ਮੌਕੇ ਇੱਕ ਵੱਡੀ ਘਟਨਾ ਘਟ ਗਈ। ਗਰਮੀ ਤੋਂ ਬਚਣ ਲਈ ਸੰਗਤਾਂ ਵਾਸਤੇ ਲਗਾਏ ਗਏ ਟੈਂਟਾਂ ਦੀਆਂ ਲੋਹੇ ਦੀਆਂ ਪਾਈਪਾਂ ਵਿੱਚ ਕਰੰਟ ਆਣ ਕਾਰਨ ਜਿੱਥੇ ਇੱਕ ਵਿਅਕਤੀ ਦੀ ਮੌਤ ਹੋ ਗਈ ਉਹਦੇ ਕਈ ਸ਼ਰਧਾਲੂ ਜਖਮੀ ਹੋ ਗਏ ਜਿਨਾਂ ਨੂੰ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ। ਬੇਸ਼ੱਕ ਇਸ ਘਟਨਾ ਘਟਣ ਦਾ ਕਾਰਨ ਪ੍ਰਬੰਧਕਾਂ ਵੱਲੋਂ ਇੱਕ ਲੋਹੇ ਦੀ ਪਾਈਪ 'ਚ ਕਰੰਟ ਕਾਰਨ ਅਜਿਹਾ ਦੱਸਿਆ ਜਾ ਰਿਹਾ ਹੈ ਪ੍ਰੰਤੂ ਸ਼ਰਧਾਲੂਆਂ ਦਾ ਕਹਿਣਾ ਹੈ ਕਿ ਇਸ ਮੰਦਭਾਗੀ ਘਟਨਾ ਪ੍ਰਬੰਧਕਾਂ ਦੀ ਅਣਗਹਿਲੀ ਕਾਰਨ ਹੋਈ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਸੰਤ ਬਾਬਾ ਲਾਭ ਸਿੰਘ ਜੀ ਦੀ ਸਾਲਾਨਾ 44ਵੀਂ ਬਰਸੀ ਮਨਾਈ ਗਈ

# ਦਸਤਾਰਾਂ ਦਾ ਲੰਗਰ ਲਗਾਇਆ ਤੇ ਮੁਫਤ ਚੈੱਕਅੱਪ ਕੈਂਪ ਲਗਾਇਆ

















**ਚੌਕ ਮਹਿਤਾ, 13 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਮੀਰੀ ਪੀਰੀ ਦੇ ਮਾਲਕ ਸਾਹਿਬ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੀ ਚਰਨ ਛੋਹ ਪਵਿੱਤਰ ਪਾਵਨ ਅਸਥਾਨ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਬੋਪਾਰਾਏ ਮੱਤੇਵਾਲ ਦੇ ਮੁੱਖੀ ਸ੍ਰੀ ਮਾਨ ਸੰਤ ਬਾਬਾ ਸੱਜਣ ਸਿੰਘ ਜੀ ਦੀ ਅਗਵਾਈ ਹੇਠ,ਸੱਚਖੰਡ ਵਾਸੀ ਸੰਤ ਬਾਬਾ ਲਾਭ ਸਿੰਘ ਜੀ ਦੀ 44ਵੀ ਬਰਸੀ ਮਨਾਈ ਗਈ ਇਸ ਮੌਕੇ ਤੇ ਪਲਸ ਹਸਪਤਾਲ ਮਕਬੂਲਪੁਰਾ ਰੋਡ ਅੰਮ੍ਰਿਤਸਰ ਡਾਕਟਰਾਂ ਦੀ ਮਾਹਰ ਟੀਮਾਂ ਵੱਲੋਂ ਮਰੀਜਾਂ ਦਾ ਚੈੱਕਅੱਪ ਕਰਕੇ ਫ੍ਰੀ ਦਵਾਈਆਂ ਦਿਤੀਆਂ ਗਈਆਂ ਅਤੇ ਵਿਰਸਾ ਸੰਭਾਲ ਸਰਦਾਰੀ ਲਹਿਰ ਪੰਜਾਬ ਅਤੇ ਸ੍ਰੀ ਮਾਨ ਸੰਤ ਬਾਬਾ ਸੱਜਣ ਸਿੰਘ ਜੀ ਗੁਰੂ ਕੀ ਬੇਰ ਸਾਹਿਬ ਬੋਪਾਰਾਏ ਵਾਲਿਆਂ ਦੇ ਸਹਿਯੋਗ ਨਾਲ ਦਸਤਾਰਾਂ ਦਾ ਮੁਫਤ ਲੰਗਰ ਲਗਾਇਆ ਗਿਆ ਅਤੇ ਨੌਜਵਾਨਾਂ ਨੂੰ ਦਸਤਾਰਾਂ ਬੰਨ੍ਹਣ ਦੀ ਸਿਖਲਾਈ ਵੀ ਦਿੱਤੀ ਗਈ ਇਸ ਮੌਕੇ ਤੇ ਸਿੱਖ ਪੰਥ ਦੇ ਮਹਾਨ ਕਥਾ ਵਾਚਕ ਅਤੇ ਤੇਰੀ ਓਟ ਆਸ਼ਿਆਨਾ ਗਧਲੀ ਦੇ ਮੁੱਖੀ ਗਿਆਨੀ ਭੁਪਿੰਦਰ ਸਿੰਘ, ਕਵੀਸ਼ਰ ਗਿਆਨੀ ਮਲਕੀਤ ਸਿੰਘ, ਕਥਾ ਵਾਚਕ ਗਿਆਨੀ ਦਲਜੀਤ ਸਿੰਘ ਮੱਤੇਵਾਲ, ਕਥਾਵਾਚਕ ਗਿਆਨੀ ਪ੍ਰਗਟ ਸਿੰਘ ਭੀਲੋਵਾਲ, ਕਵੀਸ਼ਰ ਸੁਲੱਖਣ ਸਿੰਘ ਯੂਕੇ ਅਤੇ ਢਾਡੀ, ਪ੍ਰਚਾਰਕਾਂ ਰਾਗੀ ਸਿੰਘਾਂ ਨੇ ਗੁਰਮਤਿ ਦਿਆ ਵਿਚਾਰਾਂ ਦੀ ਸਾਂਝ ਪਾਈ ਇਸ ਮੌਕੇ ਤੇ ਸੰਤ,ਮਹਾਂਪੁਰਸ਼ ਸਾਧੂ ਮਹਾਤਮਾ, ਨਿਹੰਗ ਸਿੰਘ, ਰਾਜਨੀਤਿਕ ਸਮਾਜ ਸੇਵੀ ਅਤੇ ਦੇਸ਼ਾਂ ਵਿਦੇਸ਼ਾਂ ਦੀਆਂ ਸੰਗਤਾਂ ਨੇ ਬੋਹਗਿਣਤੀ ਦੇ ਵਿੱਚ ਹਾਜ਼ਰੀਆਂ ਭਰੀਆਂ ਇਸ ਮੌਕੇ ਤੇ ਸੰਤ ਬਾਬਾ ਸੱਜਣ ਸਿੰਘ ਜੀ ਨੇ ਆਈਆਂ ਸੰਗਤਾਂ ਨੂੰ ਜੀ ਆਇਆ ਕਿਹਾ ਗਿਆ ਤੇ ਸਿਰਪਾਓ ਤੇ ਦੁਸ਼ਾਲੇ ਦੇ ਕੇ ਸਨਮਾਨਿਤ ਕੀਤਾ ਗਿਆ ਇਸ ਮੌਕੇ ਤੇ ਮੁਖਤਾਰ ਸਿੰਘ ਤਾਹਰਪੁਰ, ਗੁਰਦੇਵ ਸਿੰਘ ਭੋਏ ਯੂਕੇ, ਵਜੀਰ ਸਿੰਘ ਭੋਏ, ਮੁਖਤਾਰ ਸਿੰਘ ਤਨੇਲ, ਰਣਜੀਤ ਸਿੰਘ ਬਾਠ ਭੀਲੋਵਾਲ, ਬਾਬਾ ਬਲਰਾਜ ਸਿੰਘ ਰਾਜਾ, ਹੈਡ ਗ੍ਰੰਥੀ ਸੁਲੱਖਣ ਸਿੰਘ, ਜਗਰੂਪ ਸਿੰਘ ਬੋਪਾਰਾਏ, ਬਾਬਾ ਸੁੱਖਾ ਸਿੰਘ, ਬਾਬਾ ਜੱਸਾ ਸਿੰਘ, ਆਦਿ ਸੇਵਾਦਾਰ ਹਾਜ਼ਿਰ ਸਨ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
AWAZE QAUM
International Newspaper & WEB TV
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਗੁਰੂ ਗੋਬਿੰਦ ਸਿੰਘ ਜੀ ਦੇ ਦਰਸਾਏ ਸਿਧਾਂਤਾਂ 'ਤੇ ਚੱਲਦੇ ਹੋਏ ਸਰਬ ਸਾਂਝੀਵਾਲਤਾ ਵਾਲੇ ਸਮਾਜ "ਖਾਲਸਾ ਰਾਜ ਖਾਲਿਸਤਾਨ" ਦੀ ਉਸਾਰੀ ਕਰਣ ਵਿਚ ਆਪਣਾ ਯੋਗਦਾਨ ਪਾਇਆ ਜਾਏ: ਜਗਤਾਰ ਸਿੰਘ ਤਾਰਾ



ਦਸਮੇਸ਼ ਪਿਤਾ ਨੇ ਸ੍ਰੀ ਆਨੰਦਪੁਰ ਸਾਹਿਬ ਦੀ ਪਾਵਨ ਧਰਤੀ 'ਤੇ ਗੁਰਦੁਆਰਾ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਪੰਜ ਪਿਆਰਿਆਂ ਨੂੰ ਖੰਡੇ ਬਾਟੇ ਦੀ ਦਾਤ ਦੇ ਕੇ ਖ਼ਾਲਸਾ ਪੰਥ ਦੀ ਸਥਾਪਨਾ ਦਾ ਮੁੱਢ ਬੰਨ੍ਹਿਆ। ਹਿੰਦੋਸਤਾਨ ਦੇ ਲੰਮੇ ਇਤਿਹਾਸ ਵਿੱਚ ਪਹਿਲੀ ਵਾਰੀ ਕੋਈ ਧਰਮ ਸਿਆਸੀ ਬਣਿਆ। ਜਿਸ ਵਿੱਚੋਂ ਇੱਕ ਅਜਿਹੀ ਕੌਮ ਦਾ ਜਨਮ ਹੋਇਆ ਜੋ ਆਪਣੇ ਆਪ ਵਿੱਚ ਇੱਕ ਵਿਲੱਖਣ ਅਤੇ ਵੱਖਰੀ ਕਿਸਮ ਦੀ ਸੀ। ਨੀਵੀਂ ਜਾਤ ਦੇ ਜਿਨ੍ਹਾਂ ਲੋਕਾਂ ਨੂੰ ਪਹਿਲਾਂ ਤ੍ਰਿਸਕਾਰ ਦੀ ਨਜ਼ਰ ਨਾਲ ਵੇਖਿਆ ਜਾਂਦਾ ਸੀ। ਜਿਨ੍ਹਾਂ ਨੇ ਸ਼ਸ਼ਤਰਾਂ ਨੂੰ ਕਦੇ ਹੱਥ ਵੀ ਨਹੀਂ ਸੀ ਲਗਾਇਆ, ਉਨ੍ਹਾਂ ਲੋਕਾਂ ਨੇ ਹੀ ਗੁਰੂ ਗੋਬਿੰਦ ਸਿੰਘ ਜੀ ਦੀ ਅਗਵਾਈ ਵਿੱਚ ਕੇਵਲ ਬਹਾਦਰੀ ਦੇ ਗੁਣ ਹੀ ਗ੍ਰਹਿਣ ਨਾ ਕੀਤੇ, ਸਗੋਂ ਉਹ ਦੇਸ਼, ਧਰਮ, ਸਮਾਜ ਅਤੇ ਆਮ ਲੋਕਾਂ ਲਈ ਆਪਣਾ ਆਪਾ ਵਾਰਨ ਲਈ ਤਿਆਰ ਹੋ ਗਏ। ਗੁਰੂ ਸਾਹਿਬ ਨੇ ਆਪਣੇ ਸਿੱਖਾਂ ਵਿੱਚੋਂ ਨਿੱਜਵਾਦ ਦੀ ਭਾਵਨਾ ਨੂੰ ਖ਼ਤਮ ਕਰਕੇ ਦੂਜੇ ਲਈ ਜਾਨ ਵਾਰਨ ਦਾ ਜਜ਼ਬਾ ਅਤੇ ਚਾਅ ਪੈਦਾ ਕੀਤਾ। ਨਿਰਾਸ਼ਾਵਾਦੀ ਸਮਾਜ ਵਿੱਚੋਂ ਜੁਰਅੱਤ ਵਾਲਾ ਵਾਤਾਵਰਨ ਪੈਦਾ ਕੀਤਾ। ਸਿੱਖਾਂ ਵਿੱਚ ਇਹੋ ਜਿਹੇ ਬਹਾਦਰੀ ਵਾਲੇ ਗੁਣ ਆ ਗਏ, ਜੋ ਜ਼ੁਲਮ ਦੀ ਵਧਦੀ ਹਨੇਰੀ ਅੱਗੇ ਚਟਾਨ ਬਣ ਖੜ੍ਹਾਉਣ ਲੱਗ ਪਏ। ਉਹ ਬੰਦ ਬੰਦ ਕਟਾ ਕੇ ਆਪਣੀ ਖੋਪਰੀ ਲੁਹਾ ਲੈਂਦੇ, ਪ੍ਰੰਤੂ ਉਹ ਆਪਣੇ ਸਿੱਖੀ ਸਿਧਾਂਤਾਂ ਨੂੰ ਕਦੇ ਵੀ ਨਾ ਤਿਆਗਦੇ।" ਅਜੋਕੇ ਦੌਰ ਵਿੱਚ ਸਿੱਖ ਪੰਥ ਉਪਰ ਸਰਕਾਰੀ ਜ਼ੁਲਮਾਂ ਦੇ ਨਾਲ, ਸਮਾਜਿਕ ਕੁਰੀਤੀਆਂ, ਵਹਿਮ ਭਰਮ, ਜਾਤ ਪਾਤ ਦੇ ਵਿਤਕਰੇ ਵਧ ਰਹੇ ਹਨ ਤੇ ਸਾਡੀਆਂ ਸੰਸਥਾਵਾਂ ਨੂੰ ਸਰਕਾਰੀ ਗਲਬੇ ਹੇਠ ਲਿਆਉਣ ਦੀਆਂ ਸਾਜ਼ਿਸ਼ਾ ਰਚੀਆਂ ਜਾ ਰਹੀਆਂ ਹਨ ਵਿਦੇਸ਼ਾਂ ਅੰਦਰ ਆਜ਼ਾਦੀ ਪਸੰਦ ਸਿੱਖਾਂ ਦੇ ਕਤਲ ਕਰਣ ਦੇ ਨਾਲ ਨਾਲ ਕਤਲ ਕਰਵਾਉਣ ਦੀਆ ਵਿਉਂਤਾ ਬਣਾਈ ਜਾ ਰਹੀਆਂ ਹਨ । ਆਓ! ਖ਼ਾਲਸੇ ਦੇ ਜਨਮ ਦਿਨ ਅਤੇ ਵਿਸਾਖੀ ਦੇ ਇਸ ਪਵਿੱਤਰ ਤਿਉਹਾਰ 'ਤੇ ਅਸੀਂ ਸਾਰੇ ਇਹ ਪ੍ਰਣ ਕਰੀਏ ਕਿ ਅਸੀਂ ਗੁਰੂ ਗੋਬਿੰਦ ਸਿੰਘ ਜੀ ਦੇ ਦਰਸਾਏ ਸਿਧਾਂਤਾਂ 'ਤੇ ਚੱਲਦੇ ਹੋਏ ਸਰਬ ਸਾਂਝੀਵਾਲਤਾ ਵਾਲੇ ਸਮਾਜ "ਖਾਲਸਾ ਰਾਜ ਖਾਲਿਸਤਾਨ" ਦੀ ਉਸਾਰੀ ਕਰਣ ਵਿਚ ਆਪਣਾ ਯੋਗਦਾਨ ਪਾਇਆ ਜਾਏ ।

## ਪੰਜਾਬ ਸਟੇਟ ਫੋਰਮ ਆਫ ਰਿਟਾਇਰਡ ਡਿਪਲੋਮਾ ਇੰਜੀਨੀਅਰਜ਼ ਅਮ੍ਰਿਤਸਰ ਜੋਨ ਦੀ ਮਹੀਨਾਵਾਰ ਮੀਟਿੰਗ ਹੋਈ : ਇੰਜੀ. ਕੁਲਦੀਪ ਸਿੰਘ ਬੋਪਾਰਾਏ



**ਚੌਕ ਮਹਿਤਾ, 13ਅਪ੍ਰੈਲ( ਬਾਬਾ ਸੁਖਵੰਤ ਸਿੰਘ ਚੰਨਣਕੇ)** -ਪੰਜਾਬ ਸਟੇਟ ਫੋਰਮ ਆਫ ਰਿਟਾਇਰਡ ਡਿਪਲੋਮਾ ਇੰਜੀਨੀਅਰਜ਼ ਦੀ ਜ਼ਿਲ੍ਹਾ ਪੱਧਰੀ ਮੀਟਿੰਗ ਇੰਜੀ. ਹਰਜਿੰਦਰ ਸਿੰਘ ਸਰਾਂ ਦੀ ਪ੍ਰਧਾਨਗੀ ਹੇਠ ਏਲਡੋ ਰੇਲਡੋ ਹੋਟਲ ਅਮ੍ਰਿਤਸਰ ਵਿੱਚ ਕੀਤੀ ਗਈ। ਜਿਸ ਵਿਚ ਸਰਵ ਸ੍ਰੀ ਇੰਜੀ. ਦਲਜੀਤ ਸਿੰਘ ਕੋਹਲੀ , ਇੰਜ ਹਰਦੇਵ ਸਿੰਘ ਕਾਹਲੋ, ਇੰਜ ਹਰਜੀਤ ਸਿੰਘ, ਇੰਜ ਕੁਲਦੀਪ ਸਿੰਘ ਬੋਪਾਰਾਏ, ਇੰਜ ਨਵਜੋਤ ਸਿੰਘ, ਇੰਜ ਕਸ਼ਮੀਰ ਸਿੰਘ ਵਡਾਲਾ, ਇੰਜ ਸ਼ਮਸ਼ੇਰ ਸਿੰਘ ਜੋਸ਼ਨ, ਇੰਜ ਹਰਜੀਤ ਸਿੰਘ ਹਾਜ਼ਰ ਸਨ ।ਮੀਟਿੰਗ ਦੌਰਾਨ ਇੰਜੀ. ਕਸ਼ਮੀਰ ਸਿੰਘ ਵਡਾਲਾ ਨੇ ਵੈਸਾਖੀ ਮੁਬਾਰਕ ਦੇ ਮੌਕੇ ਗੀਤ ਗਾਇਆ। ਅੱਜ ਦੀ ਇਕੱਤਰਤਾ ਉਪਰੰਤ ਜਥੇਬੰਦੀ ਵਲੋਂ ਹੇਠ ਅਨੁਸਾਰ ਫ਼ੈਸਲੇ ਲਏ ਗਏ :- ਰਿਟਾਇਰਡ ਸਾਥੀਆਂ ਦੇ ਅਹਿਮ ਮੁੱਦਿਆ ਤੇ ਸਮੱਰਥ ਅਧਿਕਾਰੀਆਂ/ਸਰਕਾਰ ਨਾਲ ਪਹੁੰਚ ਕਰਨ ਲਈ ਬਾਰ ਬਾਰ ਮਿਲ਼ਣ ਦਾ ਨਿਰਣਾ ਲਿਆ ਗਿਆ। ਇੰਜ ਹਰਦੇਵ ਸਿੰਘ ਕਾਹਲੋ ਨੇ, ਜਿਲਾ ਪਧਰੀ ਕਮੇਟੀ ਵਲੋਂ ਜ਼ਿਲ੍ਹਾ ਲੈਵਲ ਤੇ ਡਿਪਟੀ ਕਮਿਸ਼ਨਰਾਂ ਰਾਹੀਂ ਮੰਗ ਪੱਤਰ ਸਰਕਾਰ ਤਕ ਭੇਜਣ ਦੇ ਸੁਝਾਅ ਦਿੱਤਾ। ਮੀਟਿੰਗ ਦੇ ਅੰਤ ਵਿੱਚ ਇੰਜ ਕੁਲਦੀਪ ਸਿੰਘ ਬੋਪਾਰਾਏ ਵਲੋਂ ਸੂਬਾ ਫ਼ੋਰਮ ਨੂੰ ਪੂਰਾ ਸਹਿਯੋਗ ਦੇਣ ਦਾ ਵਾਅਦਾ ਕੀਤਾ ਅਤੇ ਰਿਟਾਇਰਡ ਇੰਜੀਨੀਅਰਜ ਜਮਾਤ ਦੇ ਸਮੂਹ ਮੈਂਬਰਾਨ ਨੂੰ ਉਨ੍ਹਾਂ ਦੀਆਂ ਮੰਗਾਂ ਦੀ ਪੂਰਤੀ ਲਈ ਸਾਰਥਕ ਯਤਨ ਕਰਨ ਦਾ ਭਰੋਸਾ ਦਿੰਦਿਆਂ ਹਾਜ਼ਰ ਮੈਂਬਰਾਂ ਦਾ ਧੰਨਵਾਦ ਕੀਤਾ ਗਿਆ।

## ਜਸਬੀਰ ਰੰਧਾਵਾ ਮਾਝਾ ਵੈਲਫੇਅਰ ਸੋਸਾਇਟੀ ਮਹਿਤਾ ਦੇ ਪ੍ਰਧਾਨ ਨਿਯੁੱਕਤ


### ਸੋਸਾਇਟੀ ਦੀਆਂ ਯੂਨਿਟਾਂ ਵੱਡੇ ਪੱਧਰ 'ਤੇ ਬਣਾਈਆਂ ਜਾਣਗੀਆਂ - ਗੁੰਮਟਾਲਾ, ਤਰਸੇਮ ਸਿੰਘ



**ਚੌਕ ਮਹਿਤਾ, 13 ਅਪ੍ਰੈਲ ( ਬਾਬਾ ਸੁਖਵੰਤ ਸਿੰਘ ਚੰਨਣਕੇ)** - ਉਘੀ ਸਮਾਜ ਸੇਵੀਂ ਸੰਸਥਾ ਮਾਝਾ ਵੈਲਫੇਅਰ ਸੋਸਾਇਟੀ ਦੀ ਮੀਟਿੰਗ ਮਹਿਤਾ ਚੌਂਕ ਵਿਖੇ ਜਸਬੀਰ ਸਿੰਘ ਰੰਧਾਵਾ ਦੀ ਦੇਖ-ਰੇਖ ਅਤੇ ਪ੍ਰਧਾਨ ਗੁਰਪ੍ਰੀਤ ਸਿੰਘ ਪ੍ਰਿੰਸ ਗੁੰਮਟਾਲਾ ਦੀ ਅਗਵਾਈ ਵਿੱਚ ਹੋਈ ।ਇਸ ਮੌਕੇ ਮਹਿਤਾ ਵਿਖੇ 11 ਮੈਂਬਰੀ ਕਮੇਟੀ ਦਾ ਗਠਨ ਕੀਤਾ ਗਿਆ ਜਿਸ ਵਿੱਚ ਜਸਬੀਰ ਸਿੰਘ ਰੰਧਾਵਾ ਨੂੰ ਪ੍ਰਧਾਨ ਨਿਯੁੱਕਤ ਕੀਤਾ ਗਿਆ ਅਤੇ ਇਸਦੇ ਨਾਲ ਹੀ ਡਾ.ਨਵਰਾਜ ਸਿੰਘ ਬੱਲ,ਸੁੱਖਾ ਸਿੰਘ,ਮਾਸਟਰ ਦਵਿੰਦਰ ਸਿੰਘ,ਮਨਿੰਦਰ ਸਿੰਘ ਰੰਧਾਵਾ,ਕੈਪਟਨ ਸਿੰਘ,ਕੁਲਵੰਤ ਸਿੰਘ,ਜਸਵੰਤ ਸਿੰਘ ਬੱਬੂ,ਉਂਕਾਰ ਰੰਧਾਵਾ ਨੂੰ ਐਗਜੈਕਟਿਵ ਕਮੇਟੀ ਮੈਂਬਰ ਚੁਣਿਆ ਗਿਆ ।ਇਸ ਮੌਕੇ ਨਵ-ਨਿਯੁੱਕਤ ਮਹਿਤਾ ਦੇ ਪ੍ਰਧਾਨ ਜਸਬੀਰ ਸਿੰਘ ਰੰਧਾਵਾ ਨੇ ਕਿਹਾ ਕਿ ਜਿਹੜੀ ਸੇਵਾ ਉਨ੍ਹਾਂ ਨੂੰ ਸੌਂਪੀ ਗਈ ਹੈ ਉਹ ਉਸਨੂੰ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣਗੇ ।ਇਸ ਮੌਕੇ ਪ੍ਰਿੰਸ ਗੁੰਮਟਾਲਾ,ਸੋਸਾਇਟੀ ਦੇ ਸੀਨੀਅਰ ਮੀਤ ਪ੍ਰਧਾਨ ਤਰਸੇਮ ਸਿੰਘ,ਜਨਰਲ ਸੈਕਟਰੀ ਹਰਪ੍ਰੀਤ ਸਿੰਘ ਵਿੱਕੀ,ਸੈਕਟਰੀ ਜਗਤਾਰ ਸਿੰਘ,ਵਾਇਸ ਪ੍ਰਧਾਨ ਗੁਰਭੇਜ ਸਿੰਘ,ਮੀਡੀਆ ਸਲਾਹਕਾਰ ਗੁਰਸੇਵਕ ਸਿੰਘ,ਕੈਸ਼ੀਅਰ ਸਰਬ ਸੰਧੂ ਨੇ ਨਵੇਂ ਚੁਣੇ ਗਏ ਮੈਂਬਰਾਂ ਨੂੰ ਗੁਰੂ ਮਹਾਰਾਜ ਜੀ ਦੀ ਬਖਸ਼ਿਸ਼ ਸਿਰੋਪਾਉ ਭੇਂਟ ਕਰਕੇ ਸਨਮਾਨਿਤ ਕੀਤਾ ।ਇਸ ਮੌਕੇ ਪ੍ਰਧਾਨ ਪ੍ਰਿੰਸ ਗੁੰਮਟਾਲਾ ਅਤੇ ਤਰਸੇਮ ਸਿੰਘ ਨੇ ਕਿਹਾ ਕਿ ਸੋਸਾਇਟੀ ਦੀਆਂ ਯੂਨਿਟਾਂ ਹਰੇਕ ਵਿਧਾਨ ਸਭਾ ਹਲਕਿਆਂ ਵਿੱਚ ਵੱਡੇ ਪੱਧਰ ਤੇ ਬਣਾਈਆ ਜਾਣਗੀਆਂ।

**ਨੈਸ਼ਨਲ ਐਕਸਪ੍ਰੈਸ ਵੁਲਵਰਹੈਪਟਨ ਦੇ ਸਮੂਹ ਡਰਾਈਵਰਾਂ ਵੱਲੋਂ**

# ਖਾਲਸਾ ਸਾਜਨਾ ਦਿਵਸ ਤੇ ਸਰਬੱਤ ਦੇ ਭਲੇ ਲਈ ਕਰਾਏ ਗਏ ਸ੍ਰੀ ਅਖੰਡ ਪਾਠ


























ਇੰਗਲੈਂਡ ਦੇ ਸ਼ਹਿਰ ਵੁਲਵਰਹੈਂਪਟਨ ਤੋਂ ਨੈਸ਼ਨਲ ਐਕਸਪ੍ਰੈਸ ਦੇ ਸਮੂਹ ਡਰਾਈਵਰਾਂ ਵੱਲੋਂ ਖ਼ਾਲਸੇ ਦੇ ਸਾਜਨਾ ਦਿਵਸ ਤੇ ਸਰਬੱਤ ਦੇ ਭਲੇ ਲਈ ਤੇ ਪਰਿਵਾਰਾਂ ਦੀ ਚੜ੍ਹਦੀ ਕਲਾਂ ਲਈ ਗੁਰੂ ਨਾਨਕ ਸਤਿਸੰਗ ਸਿੱਖ ਗੁਰਦੁਆਰਾ ਕੈਨਕ ਰੋਡ ਵਿਖੇ ਸ਼੍ਰੀ ਅਖੰਡ ਪਾਠ ਸਾਹਿਬ ਕਰਵਾਏ ਗਏ ਪਾਠ ਦੇ ਭੋਗ ਉਪਰੰਤ ਗੁਰਦੁਆਰਾ ਸਾਹਿਬ ਦੇ ਜੱਥੇ ਨੇ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਸਟੇਜ ਦੀ ਆਰੰਭਤਾ ਸ੍ਰ ਪੂਰਨ ਸਿੰਘ ਚੱਠਾ ਨੇ ਕੀਤੀ ਗਰਦੁਆਰਾ  ਸਾਹਿਬ ਦੇ ਪ੍ਰਧਾਨ ਸ੍ਰ ਬਲਰਾਜ ਸਿੰਘ ਅਟਵਾਲ ਨੇ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ ਸ੍ਰ ਮਹਿੰਦਰ ਸਿੰਘ ਸੰਘੇੜਾ ਖਾਲਸਾ ਦੀ ਸਾਜਨਾ ਤੇ ਕਵਿਤਾ ਸਰਵਣ ਕਰਾਈ ਪੰਥਕ ਆਗੂ ਭਾਈ ਕਪਤਾਨ ਸਿੰਘ ਨੇ ਖ਼ਾਲਸੇ ਦੀ ਸਿਰਜਣਾ ਚਾਨਣਾ ਪਾਉਂਦਿਆਂ ਸਿੱਖ ਪ੍ਰੰਪਰਾਵਾਂ ਤੇ ਸਿਧਾਂਤ ਦੀ ਗੱਲ ਕਰਦਿਆਂ ਅੱਜ ਦੇ ਧਾਰਮਿਕ  ਤੇ ਰਾਜਨੀਤਕ ਆਗੂਆਂ ਲਈ ਕੁਰਸੀ ਤੇ ਪਰਿਵਾਰ ਬਚਾਉਣ ਲਈ ਨਿੰਦਾ ਕੀਤੀ ਵਿਦੇਸ਼ੀ ਸਿੱਖਾਂ ਨੂੰ ਆਪਣਾ ਫਰਜ਼ ਨਿਭਾਉਣ ਅਤੇ ਅਵਾਜ਼ ਬੁਲੰਦ ਕਰਨ ਲਈ ਪ੍ਰੇਰਿਤ ਕੀਤਾ ਆਈਆਂ ਸਾਰੀਆਂ ਸੰਗਤਾਂ ਦਾ ਧੰਨਵਾਦ ਕੀਤਾ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਨੈਸ਼ਨਲ ਐਕਸਪ੍ਰੈਸ ਦੇ ਡਰਾਈਵਰਾਂ ਨੇ ਪਰਿਵਾਰਾਂ ਸਮੇਤ ਸ਼ਮੂਲੀਅਤ ਕੀਤੀ ਸੰਗਤਾਂ ਵਿੱਚ ਸ੍ਰ ਪਰਮਜੀਤ ਸਿੰਘ ਮੌਰ ਸਰਬਜੀਤ ਸਿੰਘ ਸੰਘਾ ਗੁਰਪਾਲ ਸਿੰਘ ਗਰਚਾ ਜਸਵਿੰਦਰ ਸਿੰਘ ਸ਼ਾਹੀ  ਹਰਦੇਵ ਸਿੰਘ ਪ੍ਰਦੀਪ ਸਿੰਘ ਬਾਸੀ ਸੁਖਰਾਜ ਸਿੰਘ ਅਵਤਾਰ ਸਿੰਘ ਸੰਧੂ ,ਸੈਮੀ ਸਤਨਾਮ ਸਿੰਘ ਰੰਧਾਵਾ ਢਿੱਲੋਂ ਗੁਰਦੇਵ ਸਿੰਘ ਸੰਗਤਾਂ ਵਿੱਚ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV


ਪੀਵਹੁ ਪਾਹੁਲ ਖੰਡਧਾਰ ਹੁਇ ਜਨਮੁ ਸੁਹੇਲਾ ॥ ਵਾਹ ਵਾਹ ਗੋਬਿੰਦ ਸਿੰਘ ਆਪੇ ਗੁਰੁ ਚੇਲਾ ॥
ਖਾਲਸਾ ਸਿਰਜਨਾ ਦਿਵਸ
ਅਤੇ
ਵਿਸਾਖੀ ਦੀਆਂ ਸਮੂਹ ਸੰਗਤਾਂ ਨੂੰ
ਦਮਦਮੀ ਟਕਸਾਲ
ਲੱਖ-ਲੱਖ
ਵਧਾਈਆਂ
ਵਲੋਂ:- ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ
ਮੁਖੀ ਦਮਦਮੀ ਟਕਸਾਲ ਜੱਥਾ ਭਿੰਡਰਾਂ ਮਹਿਤਾ, ਪ੍ਰਧਾਨ ਸੰਤ ਸਮਾਜ


ਮਰਣੁ ਮੁਣਸਾ ਸੂਰਿਆ ਹਕੁ ਹੈ ਜੋ ਹੋਇ ਮਰਨਿ ਪਰਵਾਣੋ ॥
੧੩ ਅਪ੍ਰੈਲ ੧੯੭੮
ਅਮਰ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਵੱਲੋਂ
ਆਰੰਭੇ ਸੰਘਰਸ਼ ਦੌਰਾਨ ਨਕਲੀ ਨਿਰੰਕਾਰੀਆਂ ਨੂੰ ਗੁਰੂ ਦੀ ਨਿੰਦਾ ਤੋਂ ਰੋਕਦਿਆਂ ਅਤੇ
ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਦਬ ਸਤਿਕਾਰ ਨੂੰ ਬਹਾਲ ਰੱਖਣ ਲਈ
ਨਿਰੰਕਾਰੀ ਕਾਂਡ ਵਿਚ ਸ਼ਹੀਦ ਹੋਣ ਵਾਲੇ ਸਿੰਘਾਂ ਦੀ ਸ਼ਹਾਦਤ ਨੂੰ
ਕੋਟਿ ਕੋਟਿ ਪ੍ਰਣਾਮ
ਵੱਲੋਂ: ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ
ਮੁਖੀ ਦਮਦਮੀ ਟਕਸਾਲ, ਜਥਾ ਭਿੰਡਰਾਂ ਮਹਿਤਾ, ਪ੍ਰਧਾਨ ਸੰਤ ਸਮਾਜ